@Qpatrika
@qaumipatrika punjabi
instagram.com/ qaumipatrika
Largest Circulated
विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily
Qaumi Patrika NO.1
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Monday, 19 August 2024
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਸੋਮਵਾਰ 19 ਅਗਸਤ 2024, 3 ਭਾਦੋਂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 283, qpatrika@gmail.com ਫੋਨ : 9971359517 www.qaumipatrika.org

## ਕੋਲਕਾਤਾ ਰੇਪ-ਕਤਲ ਮਾਮਲੇ 'ਚ ਸੁਪਰੀਮ ਕੋਰਟ ਨੇ ਲਿਆ ਨੋਟਿਸ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 18 ਅਗਸਤ। ਸੁਪਰੀਮ ਕੋਰਟ ਨੇ ਕੋਲਕਾਤਾ ਦੇ ਆਰਜੀ ਕਾਰ ਹਸਪਤਾਲ ਵਿੱਚ ਇੱਕ ਸਿਖਿਆਰਥੀ ਡਾਕਟਰ ਨਾਲ ਬਲਾਤਕਾਰ ਅਤੇ ਹੱਤਿਆ ਦੇ ਮਾਮਲੇ ਵਿੱਚ ਖੁਦ ਨੋਟਿਸ ਲਿਆ ਹੈ। ਸੀਜੇਆਈ ਡੀਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਮੰਗਲਵਾਰ ਨੂੰ ਇਸ ਮਾਮਲੇ ਦੀ ਸੁਣਵਾਈ ਕਰੇਗੀ। ਦੱਸਣਯੋਗ ਹੈ ਕਿ ਪੋਸਟ-ਗ੍ਰੈਜੂਏਟ ਟ੍ਰੇਨੀ ਮਹਿਲਾ ਡਾਕਟਰ ਦੀ ਲਾਸ 9 ਅਗਸਤ ਨੂੰ ਹਸਪਤਾਲ ਦੇ ਸੈਮੀਨਾਰ ਹਾਲ ਵਿਚੋਂ ਮਿਲੀ ਸੀ। ਇਸ ਮਾਮਲੇ ਵਿਚ ਅਗਲੇ ਦਿਨ ਇਕ ਮੁਲਜਮ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਜੂਨੀਅਰ ਡਾਕਟਰਾਂ ਦੀ ਮੰਗ ਹੈ ਕਿ ਦੋਸੀਆਂ ਨੂੰ ਜਲਦੀ ਤੋਂ ਜਲਦੀ ਸਜਾ ਦਿੱਤੀ ਜਾਵੇ ਅਤੇ ਪੀੜਤਾ ਦੀ ਪੋਸਟਮਾਰਟਮ ਰਿਪੋਰਟ ਜਨਤਕ ਕੀਤੀ ਜਾਵੇ। 13 ਅਗਸਤ ਨੂੰ ਕਲਕੱਤਾ ਹਾਈ ਕੋਰਟ ਨੇ ਮਾਮਲੇ ਦੀ ਜਾਂਚ ਕੋਲਕਾਤਾ ਪੁਲਸ ਤੋਂ ਕੇਂਦਰੀ ਜਾਂਚ ਬਿਊਰੋ (ਸੀ. ਬੀ. ਆਈ) ਨੂੰ ਸੌਂਪਣ ਦਾ ਹੁਕਮ ਦਿੱਤਾ ਸੀ। ਸੀ. ਬੀ. ਆਈ ਨੇ 14 ਅਗਸਤ ਤੋਂ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਸੀ। ਇਸ ਦੌਰਾਨ ਪੱਛਮੀ ਬੰਗਾਲ ਸਰਕਾਰ ਨੇ ਕੰਮ ਵਾਲੀਆਂ ਥਾਵਾਂ, ਖਾਸ ਕਰਕੇ ਸਰਕਾਰੀ ਹਸਪਤਾਲਾਂ ਜਿੱਥੇ ਉਨ੍ਹਾਂ ਨੂੰ ਰਾਤ ਦੀਆਂ ਸ਼ਿਫਟਾਂ 'ਚ ਵੀ ਕੰਮ ਕਰਨਾ ਪੈਂਦਾ ਹੈ, ਵਿੱਚ ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕਈ ਕਦਮਾਂ ਦਾ ਐਲਾਨ ਕੀਤਾ ਹੈ। ਕੋਲਕਾਤਾ ਦੇ ਮੈਡੀਕਲ ਕਾਲਜ ਤੇ ਹਸਪਤਾਲ ਵਿਚ ਦੂਜੇ ਸਾਲ ਦੀ ਪੋਸਟ ਗ੍ਰੈਜੂਏਟ ਵਿਦਿਆਰਥਣ ਨਾਲ ਜਬਰ-ਜ਼ਨਾਹ ਤੇ ਕਤਲ ਦੇ ਮਾਮਲੇ ਵਿਚ ਦੇਸ਼ ਭਰ ਦੇ ਡਾਕਟਰਾਂ ਵਿਚ ਰੋਸ ਪਾਇਆ ਜਾ ਰਿਹਾ ਹੈ। ਇਸ ਸਿਲਸਿਲੇ ਵਿਚ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਸੱਦੇ 'ਤੇ ਸਰਕਾਰੀ ਅਤੇ ਨਿਜੀ ਹਸਪਤਾਲਾਂ ਵਿਚ ਓ.ਪੀ.ਡੀ. ਸੇਵਾਵਾਂ ਬੰਦ ਰਹੀਆਂ। ਸਵੇਰੇ ਲਗਭਗ 1,000 ਤੋਂ ਵੱਧ ਡਾਕਟਰਾਂ ਨੇ ਆਈ.ਐੱਮ.ਏ. ਹਾਊਸ ਤੋਂ ਫਿਰੋਜ਼ਪੁਰ ਰੋਡ ਤੱਕ ਰੋਸ ਮਾਰਚ ਕੀਤਾ ਤੇ ਕੋਲਕਾਤਾ ਵਿਚ ਡਾਕਟਰ ਨਾਲ ਵਾਪਰੀ ਮੰਦਭਾਗੀ ਘਟਨਾ ਵਿਚ ਸ਼ਾਮਲ ਮੁਲਜਮਾਂ ਨੂੰ ਫਾਂਸੀ ਦੀ ਸਜ਼ਾ ਦੇਣ ਦੀ ਮੰਗ ਕੀਤੀ। ਆਈ.ਐੱਮ.ਏ. ਲੁਧਿਆਣਾ ਦੇ ਪ੍ਰਧਾਨ ਡਾ. ਪ੍ਰਿਤਪਾਲ ਸਿੰਘ ਨੇ ਕਿਹਾ ਕਿ ਪੱਛਮੀ ਬੰਗਾਲ ਵਿਚ ਵਿਗੜਦੀ ਕਾਨੂੰਨ ਵਿਵਸਥਾ ਨੂੰ ਦਰਸਾਉਂਦਾ ਹੈ ਕਿ ਇਸ ਘਿਨੌਣੇ ਕਾਰੇ ਵਿਚ ਸ਼ਾਮਲ ਸਾਰੇ ਅਪਰਾਧੀਆਂ ਨੂੰ ਜਲਦ ਤੋਂ ਜਲਦ ਨਿਆਂ ਦੇ ਕਟਹਿਰੇ ਵਿਚ ਲਿਆਂਦਾ ਜਾਣਾ ਚਾਹੀਦਾ ਹੈ ਤਾਂ ਕਿ ਦੇਸ਼ ਦੇ ਕਾਨੂੰਨ ਵਿਚ ਇਕ ਵਾਰ ਫਿਰ ਭਰੋਸਾ ਬਹਾਲ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸੰਕਟ ਨੂੰ ਪੱਛਮੀ ਬੰਗਾਲ ਦੇ ਰੈਜ਼ੀਡੈਂਟ ਡਾਕਟਰਾਂ ਅਤੇ ਮੈਡੀਕਲ ਪੇਸ਼ਾਵਰਾਂ ਦੀ ਸੰਤੁਸ਼ਟੀ ਲਈ ਹੱਲ ਕੀਤਾ ਜਾਣਾ ਚਾਹੀਦਾ ਹੈ। ਕਨਵੀਨਰ ਡਾ. ਮਨੋਜ ਸੋਬਤੀ ਨੇ ਕਿਹਾ ਕਿ ਪੀੜਤਾ ਦੀ ਪੋਸਟਮਾਰਟਮ ਰਿਪੋਰਟ ਵਿਚ ਸੱਟਾਂ ਦੀ ਗਿਣਤੀ ਤੋਂ ਅਜਿਹਾ ਲਗਦਾ ਹੈ ਕਿ ਇਸ ਘਟਨਾ ਵਿਚ ਕਈ ਲੋਕ ਸ਼ਾਮਲ ਹਨ। ਉਨ੍ਹਾਂ ਨੇ ਪੀੜਤਾ ਲਈ ਜਲਦ ਨਿਆਂ ਅਦੇ ਮਾਮਲੇ ਦੀ ਸੁਣਵਾਈ ਫਾਸਟ ਟ੍ਰੈਕ ਕੋਰਟ ਵਿਚ ਕਰਨ ਦੀ ਮੰਗ ਕੀਤੀ। ਡਾਕਟਰਾਂ 'ਤੇ ਕਿਸੇ ਵੀ ਤਰ੍ਹਾਂ ਦੇ ਹਮਲੇ ਲਈ ਕੇਂਦਰੀ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ ਤੇ ਮੁਲਜਮਾਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕੋਲਕਾਤਾ ਵਿਚ ਜੋ ਕੁਝ ਵਾਪਰਿਆ, ਉਹ ਪੂਰੇ ਦੇਸ਼ ਲਈ ਸ਼ਰਮਨਾਕ ਹੈ। ਜਦੋਂ ਤੱਕ ਸਾਡੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਆਈ.ਐੱਮ.ਏ. ਦੇ ਸੈਕਟਰੀ ਡਾ. ਰੋਹਿਤ ਰਾਮਪਾਲ ਨੇ ਕਿਹਾ ਕਿ ਇਹ ਹਮਲਾ ਕਿਸੇ ਡਾਕਟਰ 'ਤੇ ਨਹੀਂ ਸਗੋਂ ਇਸ ਮਹਾਨ ਦੇਸ਼ ਦੀ ਬੇਟੀ 'ਤੇ ਹੋਇਆ ਹੈ। ਇਸ ਮੁਸ਼ਕਲ ਦੀ ਘੜੀ ਵਿਚ ਸਾਨੂੰ ਸਾਰਿਆਂ ਨੂੰ ਆਪਣੇ ਪੇਸ਼ੇ, ਜਾਤੀ ਤੇ ਧਰਮ ਤੋਂ ਉੱਪਰ ਉੱਠ ਕੇ ਆਪਣੀ ਗੱਲ ਕਹਿਣ ਦੀ ਲੋੜ ਹੈ।



## ਫ੍ਰੀ 'ਚ ਆਧਾਰ ਅਪਡੇਟ ਲਈ ਹੁਣ ਬਚਿਆ ਹੈ ਸਿਰਫ ਇਕ ਮਹੀਨਾ

ਗੈਜੇਟ ਡੈਸਕ 18 ਅਗਸਤ। ਜੂਨ 'ਚ ਸਰਕਾਰ ਨੇ ਆਧਾਰ ਨੂੰ ਅਪਡੇਟ ਕਰਨ ਦੀ ਆਖਰੀ ਤਾਰੀਖ ਨੂੰ ਵਧਾ ਕੇ 14 ਸਤੰਬਰ ਕੀਤਾ ਸੀ ਅਤੇ ਹੁਣ ਇਹ ਤਾਰੀਖ ਨੇੜੇ ਆ ਰਹੀ ਹੈ। 14 ਸਤੰਬਰ 'ਚ ਹੁਣ ਇਕ ਮਹੀਨੇ ਤੋਂ ਵੀ ਘੱਟ ਸਮਾਂ ਬਚਿਆ ਹੈ। ਜੇਕਰ ਤੁਹਾਡੇ ਕੋਲ ਵੀ 10 ਸਾਲ ਪੁਰਾਣਾ ਆਧਾਰ ਕਾਰਡ ਹੈ ਅਤੇ ਇਸ ਦੌਰਾਨ ਇਕ ਵਾਰ ਵੀ ਅਪਡੇਟ ਨਹੀਂ ਹੋਇਆ ਹੈ ਤਾਂ ਅਜਿਹੇ ਆਧਾਰ ਨੂੰ ਅਪਡੇਟ ਕਰਨਾ ਹੋਵੇਗਾ। ਅਜਿਹੇ 'ਚ ਤੁਹਾਡੇ ਲਈ ਇਹੀ ਬਿਹਤਰ ਹੈ ਕਿ ਜਿੰਨਾ ਜਲਦੀ ਹੋ ਸਕੇ ਤੁਸੀਂ ਆਪਣੇ ਆਧਾਰ ਨੂੰ ਅਪਡੇਟ ਕਰਵਾ ਲਓ। ਤੁਸੀਂ ਆਪਣੇ ਆਧਾਰ ਨੂੰ ਘਰ ਬੈਠੇ ਵੀ ਮੋਬਾਇਲ ਤੋਂ ਅਪਡੇਟ ਕਰ ਸਕਦੇ ਹੋ। ਆਓ ਜਾਣਦੇ ਹਾਂ.... ਆਧਾਰ ਅਪਡੇਟ ਲਈ ਤੁਹਾਨੂੰ ਦੋ ਜਰੂਰੀ ਦਸਤਾਵੇਜ਼ਾਂ ਦੀ ਲੋੜ ਹੋਵੇਗੀ। ਪਹਿਲਾ ਪਛਾਣ ਪੱਤਰ ਅਤੇ ਦੂਜਾ ਐਡਰੈੱਸ ਪਰੂਫ। ਆਮਤੌਰ 'ਤੇ ਆਧਾਰ ਅਪਡੇਟ ਲਈ ਆਧਾਰ ਸੈਂਟਰ 'ਤੇ 50 ਰੁਪਏ ਦੀ ਫੀਸ ਲਗਦੀ ਹੈ ਪਰ ਦੇ ਮੁਤਾਬਕ, 14 ਜੂਨ ਤਕ ਇਹ ਸੇਵਾ ਫ੍ਰੀ ਹੈ। ਪਛਾਣ ਪੱਤਰ ਦੇ ਤੌਰ 'ਤੇ ਤੁਸੀਂ ਪੈਨ ਕਾਰਡ ਅਤੇ ਐਡਰੈੱਸ ਲਈ ਵੋਟਰ ਕਾਰਡ ਦੇ ਸਕਦੇ ਹੋ। ਮੋਬਾਇਲ ਜਾਂ ਲੈਪਟਾਪ ਤੋਂ ਦੀ ਵੈੱਬਸਾਈਟ 'ਤੇ ਜਾਓ। ਇਸ ਤੋਂ ਬਾਅਦ ਅਪਡੇਟ ਆਧਾਰ ਦੇ ਆਪਸ਼ਨ 'ਤੇ ਕਲਿੱਕ ਕਰੋ। ਹੁਣ ਆਧਾਰ ਨੰਬਰ ਭਰ ਕੇ ਓ.ਟੀ.ਪੀ. ਰਾਹੀਂ ਲਾਗਇਨ ਕਰੋ। ਇਸ ਤੋਂ ਬਾਅਦ ਦਸਤਾਵੇਜ ਅਪਡੇਟ 'ਤੇ ਕਲਿੱਕ ਕਰੋ। ਹੁਣ ਹੇਠਾਂ ਡ੍ਰੋਪ ਲਿਸਟ ਤੋਂ ਪਛਾਣ ਪੱਤਰ ਅਤੇ ਐਡਰੈੱਸ ਪਰੂਫ ਦੀ ਸਕੈਨ ਕੀਤੀ ਹੋਈ ਕਾਪੀ ਨੂੰ ਅਪਲੋਡ ਕਰੋ। ਹੁਣ ਸਬਮਿਟ 'ਤੇ ਕਲਿੱਕ ਕਰੋ। ਇਸ ਤੋਂ ਬਾਅਦ ਤੁਹਾਨੂੰ ਇਕ ਰਿਕਵੈਸਟ ਨੰਬਰ ਮਿਲੇਗਾ ਅਤੇ ਫਾਰਮ ਸਬਮਿਟ ਹੋ ਜਾਵੇਗਾ। ਰਿਕਵੈਸਟ ਨੰਬਰ ਤੋਂ ਤੁਸੀਂ ਅਪਡੇਟ ਦਾ ਸਟੇਟਸ ਵੀ ਚੈੱਕ ਕਰ ਸਕੋਗੇ। ਇਸ ਦੇ ਕੁਝ ਦਿਨਾਂ ਬਾਅਦ ਤੁਹਾਡਾ ਆਧਾਰ ਅਪਡੇਟ ਹੋ ਜਾਵੇਗਾ।

## 'ਕੋਈ ਧੋਖਾ ਦੇ ਜਾਵੇ ਤਾਂ ਉਹ ਉਸ ਦਾ ਸੁਭਾਅ ਹੈ': ਦਿਗਵਿਜੇ ਚੌਟਾਲਾ

ਸਿਰਸਾ 18 ਅਗਸਤ। ਹਰਿਆਣਾ ਵਿਧਾਨ ਸਭਾ ਚੋਣਾਂ ਦੇ ਐਲਾਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਜਨ ਨਾਇਕ ਜਨਤਾ ਪਾਰਟੀ () ਦੇ ਪ੍ਰਮੁੱਖ ਜਨਰਲ ਸਕੱਤਰ ਦਿਗਵਿਜੇ ਸਿੰਘ ਚੌਟਾਲਾ ਨੇ ਕਿਹਾ ਕਿ ਲੋਕਤੰਤਰੀ ਪ੍ਰਣਾਲੀ 'ਚ ਵਿਸਵਾਸ ਰੱਖਣ ਵਾਲਿਆਂ ਲਈ ਚੋਣਾਂ ਇਕ ਤਿਉਹਾਰ ਹੈ। ਦਿਗਵਿਜੇ ਚੌਟਾਲਾ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਵੱਡੇ ਉਤਰਾਅ-ਚੜ੍ਹਾਅ ਦੇਖਣ ਨੂੰ ਮਿਲੇ ਹਨ। ਦਿਗਵਿਜੇ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨਾਲ ਸੱਤਾ 'ਚ ਆਉਣ 'ਤੇ ਉਨ੍ਹਾਂ ਨੇ ਕੁਝ ਵਾਅਦੇ ਪੂਰੇ ਕੀਤੇ ਪਰ ਭਾਜਪਾ ਵੱਲੋਂ ਪਿੱਠ 'ਚ ਛੁਰਾ ਮਾਰਨ ਕਾਰਨ ਕੁਝ



ਵਾਅਦੇ, ਵਾਅਦੇ ਰਹਿ ਗਏ। ਉਨ੍ਹਾਂ ਕਿਹਾ ਕਿ ਭਾਜਪਾ ਦਾ ਚਿਹਰਾ ਹੁਣ ਲੋਕਾਂ ਦੇ ਸਾਹਮਣੇ ਆ ਗਿਆ ਹੈ ਅਤੇ ਹੁਣ ਲੋਕ ਉਨ੍ਹਾਂ ਨੂੰ ਸੱਤਾ ਤੋਂ ਲਾਂਭੇ ਕਰਨਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿਗਵਿਜੇ ਚੌਟਾਲਾ ਨੇ ਕਿਹਾ ਕਿ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ 'ਚ ਵੱਖ-ਵੱਖ ਮੁੱਦੇ ਹਨ ਅਤੇ ਹਰਿਆਣਾ 'ਚ ਦੋਵਾਂ ਚੋਣਾਂ 'ਚ ਵੱਖ-ਵੱਖ ਨਤੀਜੇ ਹੁੰਦੇ ਹਨ ਅਤੇ ਇਸ ਵਾਰ ਵੀ ਅਜਿਹਾ ਹੀ ਹੋਵੇਗਾ। ਟਿਕਟਾਂ ਦੇ ਮੁੱਦੇ 'ਤੇ ਦਿਗਵਿਜੇ ਚੌਟਾਲਾ ਨੇ ਕਿਹਾ ਕਿ ਕੁਝ ਬਰਾਬਰ ਵਿਚਾਰਧਾਰਾ ਵਾਲੀਆਂ ਕੁਝ ਪਾਰਟੀਆਂ ਨਾਲ ਗੱਲਬਾਤ ਚੱਲ ਰਹੀ ਹੈ, ਉਸ ਤੋਂ ਬਾਅਦ ਹੀ ਟਿਕਟਾਂ ਦੀ ਵੰਡ ਕੀਤੀ ਜਾਵੇਗੀ। ਅਨੂਪ ਧਾਨਕ ਦੇ ਪਾਰਟੀ ਛੱਡਣ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਉਹ ਆਪਣੇ ਪਿਤਾ ਦੇ ਸਿਆਸੀ ਚੇਲੇ ਹਨ ਅਤੇ ਉਨ੍ਹਾਂ ਦੀ ਉਂਗਲ ਫੜ ਕੇ ਸੰਘਰਸ ਕੀਤਾ ਅਤੇ ਜੇਕਰ ਕੋਈ ਵਿਚ ਰਸਤੇ 'ਚ ਧੋਖਾ ਦੇ ਜਾਵੇ ਤਾਂ ਇਹ ਉਨ੍ਹਾਂ ਦਾ ਆਪਣਾ ਸੁਭਾਅ ਹੈ, ਉਹ ਇਸ ਬਾਰੇ ਕੁਝ ਨਹੀਂ ਕਹਿਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੀਆਂ ਗੱਲਾਂ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਕੋਈ ਆਵੇ ਅਤੇ ਕੋਈ ਚਲਾ ਜਾਵੇ।

## ਭਾਜਪਾ ਵੱਡੇ ਫਤਵੇ ਨਾਲ ਹਰਿਆਣਾ 'ਚ ਬਣਾਏਗੀ ਤੀਜੀ ਵਾਰ ਸਰਕਾਰ

ਚੰਡੀਗੜ੍ਹ 18 ਅਗਸਤ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਨੀਵਾਰ ਨੂੰ ਕਿਹਾ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਧਾਨ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਸੂਬੇ 'ਚ ਤੀਜੀ ਵਾਰ ਵੱਡੇ ਫਤਵੇ ਨਾਲ ਸਰਕਾਰ ਬਣਾਏਗੀ। ਚੋਣ ਕਮਿਸਨ ਨੇ ਸੁੱਕਰਵਾਰ ਨੂੰ ਹਰਿਆਣਾ ਵਿਧਾਨ ਸਭਾ ਚੋਣਾਂ ਦਾ ਐਲਾਨ ਕਰ ਦਿੱਤਾ ਹੈ। ਸੂਬੇ 'ਚ 1 ਅਕਤੂਬਰ ਨੂੰ ਇਕੋ ਪੜਾਅ 'ਚ ਵੋਟਿੰਗ ਹੋਵੇਗੀ। ਨਤੀਜੇ 4 ਅਕਤੂਬਰ ਨੂੰ ਐਲਾਨੇ ਜਾਣਗੇ। ਇੱਥੇ ਕੈਬਨਿਟ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਉਹ ਹਰਿਆਣਾ ਵਿਚ ਵਿਧਾਨ ਸਭਾ ਚੋਣਾਂ ਦੇ ਐਲਾਨ ਦਾ ਸਵਾਗਤ ਕਰਦੇ ਹਨ। ਉਨ੍ਹਾਂ ਕਿਹਾ ਕਿ ਅਸੀਂ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹਾਂ। ਭਾਜਪਾ ਹਰਿਆਣਾ ਵਿਚ ਤੀਜੀ ਵਾਰ ਵੱਡੇ ਫਤਵੇ ਨਾਲ ਸਰਕਾਰ ਬਣਾਏਗੀ।

## ਸਕੂਲ 'ਚ ਵਿਦਿਆਰਥੀ ਨੇ ਸਾਥੀ ਦੇ ਮਾਰਿਆ ਚਾਕੂ, ਪ੍ਰਸ਼ਾਸਨ ਬੁਲਡੋਜਰ ਲੈ ਕੇ ਪਹੁੰਚਿਆ ਘਰ

ਉਦੇਪੁਰ 18 ਅਗਸਤ। ਰਾਜਸਥਾਨ ਦੇ ਉਦੇਪੁਰ 'ਚ ਚਾਕੂਬਾਜੀ ਘਟਨਾ ਦੇ ਦੋਸ਼ੀ ਦੇ ਘਰ ਨੂੰ ਪ੍ਰਸ਼ਾਸਨ ਵਲੋਂ ਤੋੜ ਦਿੱਤਾ ਗਿਆ ਹੈ। ਪ੍ਰਸ਼ਾਸਨ ਨੇ ਵੱਡਾ ਐਕਸ਼ਨ ਲੈਂਦੇ ਹੋਏ ਖਾਂਜੀਪੀਰ ਦੇ ਦੀਵਾਨਸ਼ਾਹ ਕਾਲੋਨੀ 'ਚ ਬਣੇ ਦੋਸ਼ੀ ਦੇ ਗੈਰ-ਕਾਨੂੰਨੀ ਘਰ 'ਤੇ ਬੁਲਡੋਜਰ ਚਲਾ ਦਿੱਤਾ। ਇਸ ਕਾਰਵਾਈ ਦੌਰਾਨ ਭਾਰੀ ਗਿਣਤੀ 'ਚ ਪੁਲਸ ਫੋਰਸ ਮੌਜੂਦ ਸੀ। ਦੱਸਿਆ ਜਾ ਰਿਹਾ ਹੈ ਕਿ ਦੋਸ਼ੀ ਦਾ ਪਰਿਵਾਰ ਇਸ ਘਰ 'ਚ ਕਿਰਾਏ 'ਤੇ ਰਹਿ ਰਿਹਾ ਸੀ। ਚਾਕੂਬਾਜੀ 'ਚ ਜਖਮੀ ਵਿਦਿਆਰਥੀ ਦੀ ਹਾਲਤ ਅਜੇ ਵੀ ਨਾਜੁਕ ਬਣੀ ਹੋਈ ਹੈ। ਉਸ ਦਾ ਇਲਾਜ ਡਾਕਟਰਾਂ ਦੀ ਨਿਗਰਾਨੀ 'ਚ ਕੀਤਾ ਜਾ ਰਿਹਾ ਹੈ। ਜਿਸ ਹਸਪਤਾਲ 'ਚ ਵਿਦਿਆਰਥੀ ਦਾ ਇਲਾਜ ਚੱਲ ਰਿਹਾ ਹੈ, ਉੱਥੇ ਵੱਡੀ ਗਿਣਤੀ 'ਚ ਪੁਲਸ ਫੋਰਸ ਤਾਇਨਾਤ ਹੈ। ਚਾਕੂਬਾਜੀ ਦੀ ਇਹ ਘਟਨਾ ਸ਼ੁੱਕਰਵਾਰ ਸਵੇਰੇ ਹੋਈ ਸੀ। ਦੋਹਾਂ ਵਿਦਿਆਰਥੀਆਂ ਦੀ ਕੁਝ ਦਿਨ ਪਹਿਲੇ ਬਹਿਸ ਵੀ ਹੋਈ ਸੀ। ਸ਼ੁੱਕਰਵਾਰ ਨੂੰ ਵਿਦਿਆਰਥੀ ਬੈਗ 'ਚ ਚਾਕੂ ਲੈ ਕੇ ਪਹੁੰਚਿਆ ਅਤੇ ਦੂਜੇ ਵਿਦਿਆਰਥੀ 'ਤੇ ਹਮਲਾ ਕਰ ਦਿੱਤਾ। ਘਟਨਾ ਦੀ ਜਾਣਕਾਰੀ ਸਕੂਲ ਸਟਾਫ ਨੂੰ ਉਦੋਂ ਲੱਗੀ, ਜਦੋਂ ਜਮਾਤ 'ਚ ਰੌਲਾ ਪੈਣਾ ਸ਼ੁਰੂ ਹੋਇਆ। ਜਿਸ ਤੋਂ ਬਾਅਦ ਜਖਮੀ ਵਿਦਿਆਰਥੀ ਨੂੰ ਤੁਰੰਤ ਹਸਪਤਾਲ 'ਚ ਦਾਖਲ ਕਰਵਾਇਆ ਗਿਆ। ਘਟਨਾ ਦੀ ਜਾਣਕਾਰੀ ਜਿਵੇਂ ਹੀ ਲੋਕਾਂ ਨੂੰ ਲੱਗੀ, ਵੱਡੀ ਗਿਣਤੀ 'ਚ ਭੀੜ ਸੜਕਾਂ 'ਤੇ ਉਤਰ ਆਈ ਅਤੇ ਬਾਹਰ ਖੜ੍ਹੇ ਵਾਹਨਾਂ 'ਤੇ ਪੱਥਰ ਸੁੱਟਣੇ ਸ਼ੁਰੂ ਕਰ ਦਿੱਤੀ। ਇਸ ਦੇ ਨਾਲ ਹੀ ਭੀੜ ਨੇ ਕਈ ਵਾਹਨਾਂ ਨੂੰ ਅੱਗ ਲਗਾ ਦਿੱਤੀ। ਜਿਸ ਨਾਲ ਪੂਰੇ ਸ਼ਹਿਰ 'ਚ ਅਰਾਜਕਤਾ ਫੈਲ ਗਈ। ਇਸ ਤੋਂ ਬਾਅਦ ਸੂਚਨਾ ਲੱਗਦੇ ਹੀ ਕਈ ਥਾਣਿਆਂ ਦੀ ਫੋਰਸ ਵੀ ਮੌਕੇ 'ਤੇ ਪਹੁੰਚ ਗਈ, ਜਿਸ ਤੋਂ ਬਾਅਦ ਕਿਸੇ ਤਰ੍ਹਾਂ ਸਥਿਤੀ 'ਤੇ ਕਾਬੂ ਪਾਇਆ ਗਿਆ। ਇਸ ਤੋਂ ਇਲਾਵਾ ਜ਼ਿਲ੍ਹੇ 'ਚ ਇੰਟਰਨੈੱਟ ਸ਼ੁੱਕਰਵਾਰ ਰਾਤ 10 ਵਜੇ ਤੋਂ ਸ਼ਨੀਵਾਰ ਰਾਤ 10 ਵਜੇ ਤੱਕ ਬੰਦ ਕਰ ਦਿੱਤਾ ਗਿਆ ਹੈ।

## ਮੁੱਖ ਮੰਤਰੀ ਮਾਨ ਨੇ ਪੈਰਿਸ ਓਲੰਪਿਕ 'ਚ ਹਿੱਸਾ ਲੈ ਕੇ ਪਰਤੇ ਖਿਡਾਰੀਆਂ ਦਾ ਕੀਤਾ ਸਨਮਾਨ

**ਏਜੰਸੀਆਂ**

ਚੰਡੀਗੜ੍ਹ 18 ਅਗਸਤ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਐਤਵਾਰ ਨੂੰ ਚੰਡੀਗੜ੍ਹ 'ਚ ਪੈਰਿਸ ਓਲੰਪਿਕ-2024 'ਚ ਦੇਸ਼ ਦਾ ਮਾਣ ਵਧਾਉਣ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਮੁੱਖ ਮੰਤਰੀ ਮਾਨ ਨੇ ਓਲੰਪਿਕ ਪੈਰਿਸ ਓਲੰਪਿਕ 'ਚ ਹਿੱਸਾ ਲੈ ਕੇ ਪਰਤੇ ਪੰਜਾਬੀ ਖਿਡਾਰੀਆਂ ਨੂੰ 9.35 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ। ਉਨ੍ਹਾਂ ਨੇ ਜੇਤੂ ਖਿਡਾਰੀਆਂ ਨੂੰ ਐਲਾਨ ਮੁਤਾਬਕ 1-1 ਕਰੋੜ ਰੁਪਏ ਅਤੇ ਬਾਕੀਆਂ ਨੂੰ 15-15 ਲੱਖ ਰੁਪਏ ਦਿੱਤੇ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅੱਜ ਬਹੁਤ ਖੁਸ਼ੀ ਦਾ ਦਿਨ ਹੈ। ਅੱਜ ਖਿਡਾਰੀਆਂ ਲਈ ਢੋਲ ਵੱਜ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਪੰਜਾਬ ਦੀ ਹਾਕੀ ਟੀਮ ਨੂੰ ਸਪਾਂਸਰ ਕਰਨਾ ਚਾਹੁੰਦੇ ਹਾਂ ਪਰ ਇਹ ਜ਼ਿੰਮੇਵਾਰੀ 2036 ਤੱਕ ਉੜੀਸਾ ਦੀ ਹੈ। ਅਸੀਂ ਪੰਜਾਬ 'ਚ ਇੱਕ ਵੱਡਾ ਹਾਕੀ ਟੂਰਨਾਮੈਂਟ ਕਰਵਾਉਣ ਬਾਰੇ ਸੋਚ ਰਹੇ ਹਾਂ, ਜਿਸ ਲਈ ਉਹ ਹਾਕੀ ਇੰਡੀਆ ਨਾਲ ਗੱਲ ਕਰਾਂਗੇ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਹੁਣ ਖੇਡਾਂ ਲਈ ਜੋਨ ਬਣਾਏ ਜਾਣਗੇ। ਜਿਵੇਂ ਮਾਹਲਪੁਰ 'ਚ ਫੁੱਟਬਾਲ, ਸੁਨਾਮ 'ਚ ਮੁੱਕੇਬਾਜੀ, ਜਲੰਧਰ 'ਚ ਹਾਕੀ ਅਤੇ ਲੁਧਿਆਣਾ 'ਚ ਐਥਲੈਟਿਕਸ ਲਈ ਜੋਨ ਬਣਾਏ ਜਾਣਗੇ। ਪੰਜਾਬ ਸਰਕਾਰ ਖੇਡਾਂ ਲਈ ਆਪਣੇ ਦਰਵਾਜੇ ਖੁੱਲ੍ਹੇ ਰੱਖੇਗੀ। ਖਿਡਾਰੀਆਂ ਨੂੰ ਨੌਕਰੀਆਂ ਵੀ ਦਿੱਤੀਆਂ ਜਾਣਗੀਆਂ ਅਤੇ ਪਹਿਲਾਂ ਨੌਕਰੀ ਕਰ ਚੁੱਕੇ ਖਿਡਾਰੀਆਂ ਨੂੰ ਤਰੱਕੀ ਦਿੱਤੀ ਜਾਵੇਗੀ। ਮੁੱਖ ਮੰਤਰੀ ਮਾਨ ਨੇ ਸਟੇਜ 'ਤੇ ਬੈਠੇ ਖਿਡਾਰੀਆਂ ਨਾਲ ਗੱਲਬਾਤ ਕੀਤੀ। ਹਰਮਨਪ੍ਰੀਤ ਨੇ ਕਿਹਾ ਕਿ ਅਸੀਂ ਫੈਸਲਾ ਕੀਤਾ ਸੀ ਕਿ ਅਸੀਂ ਜਿੱਤਣ ਤੋਂ ਬਾਅਦ ਜਾਵਾਂਗੇ। ਅਸੀਂ ਸੋਸਲ ਮੀਡੀਆ ਤੋਂ ਦੂਰ ਰਹੇ। ਉਹ ਪੈਰਿਸ ਦੇਖਣ ਵੀ ਨਹੀਂ ਗਿਆ। ਸੁਖਜੀਤ ਸਿੰਘ ਨੇ ਦੱਸਿਆ ਕਿ ਉਹ ਪਹਿਲੀ ਵਾਰ ਓਲੰਪਿਕ 'ਚ ਗਿਆ ਸੀ। ਮੈਂ ਮੈਡਲ ਜਿੱਤ ਕੇ ਆਇਆ ਹਾਂ। ਬੈਂਗਲੁਰੂ 'ਚ ਸਿਖਲਾਈ ਬਹੁਤ ਵਧੀਆ ਸੀ। ਸਾਨੂੰ ਪੂਰੀ ਉਮੀਦ ਸੀ ਕਿ ਅਸੀਂ ਮੈਡਲ ਦਾ ਰੰਗ ਬਦਲਾਂਗੇ। ਹਾਕੀ ਟੀਮ ਦੀ ਕਪਤਾਨ ਹਰਮਨਪ੍ਰੀਤ ਨੇ ਕਿਹਾ ਕਿ ਖੁਸੀ ਦੀ ਗੱਲ ਹੈ ਕਿ ਪੰਜਾਬ 'ਚ ਖੇਡਾਂ ਨੂੰ ਪ੍ਰਫੁੱਲਿਤ ਕੀਤਾ ਜਾ ਰਿਹਾ ਹੈ। 'ਖੇਡਾਂ ਵਤਨ ਪੰਜਾਬ ਦੀਆਂ' ਬਹੁਤ ਵਧੀਆ ਉਪਰਾਲਾ ਹੈ। ਇਸ ਰਾਹੀਂ ਕਈ ਖੇਡਾਂ ਨੂੰ ਦੁਬਾਰਾ ਦੇਖਣ ਦਾ ਮੌਕਾ ਪ੍ਰਦਾਨ ਕਰ ਰਿਹਾ ਹੈ। ਖਿਡਾਰੀਆਂ ਨੂੰ ਚੰਗੇ ਮੌਕੇ ਮਿਲ ਰਹੇ ਹਨ। ਹੁਣ ਵੱਖ-ਵੱਖ ਜੋਨਾਂ 'ਚ ਖੇਡਾਂ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਨੂੰ ਰੰਗਲਾ ਪੰਜਾਬ ਅਤੇ ਨਸਾ ਮੁਕਤ ਬਣਾਉਣ ਲਈ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ।



## 'ਭਾਜਪਾ ਦੀ ਸਾਜਿਸ਼ ਦਾ ਕਰਾਰਾ ਜਵਾਬ' ਉੱਤਰ ਪ੍ਰਦੇਸ਼ ਅਧਿਆਪਕ ਭਰਤੀ 'ਤੇ ਹਾਈ ਕੋਰਟ ਦੇ ਫੈਸਲੇ 'ਤੇ ਬੋਲੇ ਰਾਹੁਲ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ, 18 ਅਗਸਤ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸਨੀਵਾਰ ਨੂੰ ਕਿਹਾ ਕਿ ਉੱਤਰ ਪ੍ਰਦੇਸ ਵਿਚ 69,000 ਸਹਾਇਕ ਅਧਿਆਪਕਾਂ ਦੀ ਭਰਤੀ ਨੂੰ ਲੈ ਕੇ ਇਲਾਹਾਬਾਦ ਹਾਈ ਕੋਰਟ ਦਾ ਫੈਸਲਾ ਰਿਜਰਵੇਸਨ ਸਿਸਟਮ ਨਾਲ ਖਿਲਵਾੜ ਕਰਨ ਵਾਲੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸਰਕਾਰ ਦੀਆਂ ਸਾਜ਼ਿਸ਼ਾਂ ਨੂੰ ਕਰਾਰਾ ਜਵਾਬ ਹੈ। ਉਨ੍ਹਾਂ ਇਹ ਵੀ ਦੋਸ ਲਾਇਆ ਕਿ ਪੜ੍ਹਾਈ ਕਰਨ ਵਾਲਿਆਂ ਨੂੰ 'ਲੜਾਈ' ਕਰਨ 'ਤੇ ਮਜਬੂਰ ਕਰਨ ਵਾਲੀ ਭਾਜਪਾ ਸਰਕਾਰ ਸੱਚਮੁੱਚ ਨੌਜਵਾਨਾਂ ਦੀ ਦੁਸਮਣ ਹੈ। ਇਲਾਹਾਬਾਦ ਹਾਈ ਕੋਰਟ ਦੀ ਲਖਨਊ ਬੈਂਚ ਨੇ ਉੱਤਰ ਪ੍ਰਦੇਸ਼ ਵਿਚ ਸਹਾਇਕ ਅਧਿਆਪਕ ਭਰਤੀ ਪ੍ਰੀਖਿਆ (ਏ. ਟੀ. ਆਰ. ਈ.) ਤਹਿਤ 69,000 ਅਧਿਆਪਕਾਂ ਦੀ ਨਿਯੁਕਤੀ ਲਈ ਜੂਨ, 2020 ਵਿਚ ਜਾਰੀ ਚੋਣ ਸੂਚੀ ਅਤੇ 6800 ਉਮੀਦਵਾਰਾਂ ਦੀ 5 ਜਨਵਰੀ, 2022 ਦੀ ਚੋਣ ਸੂਚੀ ਨੂੰ ਨਜਰਅੰਦਾਜ ਕਰ ਕੇ ਨਵੇਂ ਸਿਰੇ ਤੋਂ ਸੂਚੀ ਬਣਾਉਣ ਦੇ ਹੁਕਮ ਦਿੱਤੇ ਹਨ। ਇਸ ਤੋਂ ਪਹਿਲਾਂ ਸਿੰਗਲ ਬੈਂਚ ਨੇ 69,000 ਉਮੀਦਵਾਰਾਂ ਦੀ ਚੋਣ ਸੂਚੀ 'ਤੇ ਮੁੜ ਵਿਚਾਰ ਕਰਨ ਦੇ ਨਾਲ-ਨਾਲ 6800 ਉਮੀਦਵਾਰਾਂ ਦੀ 5 ਜਨਵਰੀ, 2022 ਦੀ ਚੋਣ ਸੂਚੀ ਨੂੰ ਖਾਰਜ ਕਰ ਦਿੱਤਾ ਸੀ। ਰਾਹੁਲ ਗਾਂਧੀ ਨੇ 'ਐਕਸ' 'ਤੇ ਪੋਸਟ ਕੀਤਾ ਕਿ 69,000 ਸਹਾਇਕ ਅਧਿਆਪਕਾਂ ਦੀ ਭਰਤੀ 'ਤੇ ਇਲਾਹਾਬਾਦ ਹਾਈ ਕੋਰਟ ਦਾ ਫੈਸਲਾ ਰਿਜਰਵੇਸਨ ਸਿਸਟਮ ਨਾਲ ਖਿਲਵਾੜ ਕਰਨ ਵਾਲੀ ਭਾਜਪਾ ਸਰਕਾਰ ਦੀਆਂ ਸਾਜ਼ਿਸ਼ਾਂ ਨੂੰ ਕਰਾਰਾ ਜਵਾਬ ਹੈ। ਇਹ 5 ਸਾਲਾਂ ਤੋਂ ਸਰਦੀ, ਗਰਮੀ ਅਤੇ ਬਰਸਾਤ ਵਿਚ ਸੜਕਾਂ 'ਤੇ ਲਗਾਤਾਰ ਸੰਘਰਸ ਕਰ ਰਹੇ ਅਮਿਤ ਮੌਰਿਯਾ ਵਰਗੇ ਹਜਾਰਾਂ ਨੌਜਵਾਨਾਂ ਦੀ ਹੀ ਨਹੀਂ, ਸਗੋਂ ਸਮਾਜਿਕ ਨਿਆਂ ਲਈ ਲੜਨ ਵਾਲੇ ਹਰ ਯੋਧੇ ਦੀ ਜਿੱਤ ਹੈ। ਉਨ੍ਹਾਂ ਦੋਸ ਲਾਇਆ ਕਿ ਰਾਖਵਾਂਕਰਨ ਖੋਹਣ ਦੀ 'ਭਾਜਪਾ ਦੀ ਜ਼ਿੱਦ' ਨੇ ਸੈਂਕੜੇ ਨਿਰਦੋਸ ਉਮੀਦਵਾਰਾਂ ਦੇ ਭਵਿੱਖ ਨੂੰ ਹਨੇਰੇ ਵਿਚ ਧੱਕ ਦਿੱਤਾ ਹੈ। ਕਾਂਗਰਸੀ ਆਗੂ ਨੇ ਕਿਹਾ ਕਿ 5 ਸਾਲ ਠੋਕਰਾਂ ਖਾ ਕੇ ਬਰਬਾਦ ਹੋਣ ਤੋਂ ਬਾਅਦ ਜਿਨ੍ਹਾਂ ਨੂੰ ਨਵੀਂ ਸੂਚੀ ਰਾਹੀਂ ਨੌਕਰੀ ਮਿਲੇਗੀ ਅਤੇ ਜਿਨ੍ਹਾਂ ਦੇ ਨਾਂ ਹੁਣ ਚੋਣ ਸੂਚੀ 'ਚੋਂ ਕੱਟੇ ਜਾ ਸਕਦੇ ਹਨ, ਦੋਹਾਂ ਦੀ ਕਸੂਰਵਾਰ ਸਿਰਫ ਭਾਜਪਾ ਹੈ।



## ਭਾਰਤੀ ਮੂਲ ਦੇ 3 ਜੀਆਂ ਦੀ ਅਮਰੀਕਾ 'ਚ ਹੋਈ ਦਰਦਨਾਕ ਮੌਤ

ਨਿਊਯਾਰਕ 18 ਅਗਸਤ। ਬੀਤੇਂ ਦਿਨ ਅਮਰੀਕਾ ਦੇ ਸੂਬੇ ਟੈਕਸਾਸ ਵਿੱਚ ਇੱਕ ਕਾਰ ਸੜਕ ਹਾਦਸੇ ਵਿੱਚ ਇੱਕੋ ਹੀ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ ਹੋ ਜਾਣ ਦੇ ਬਾਰੇ ਇਕ ਮੰਦਭਾਗੀ ਖਬਰ ਸਾਹਮਣੇ ਆਈ ਹੈ। ਜਿਸ ਵਿੱਚ ਪਤੀ-ਪਤਨੀ ਅਤੇ ਉਹਨਾਂ ਦੀ 17 ਸਾਲ ਦੀ ਧੀ ਸਾਮਲ ਹੈ। ਇਹ ਤਿੰਨੇ ਮੈਂਬਰ ਜਿੰਨ੍ਹਾਂ ਵਿੱਚ ਉਹਨਾਂ ਦੀ 17 ਸਾਲਾ ਦੀ ਧੀ ਵੀ ਸਾਮਲ ਹੈ। ਇਹ ਪਰਿਵਾਰ ਆਪਣੀ ਧੀ ਦੇ ਦਾਖਲੇ ਦੀ ਸੁਰੂਆਤ ਕਰਨ ਲਈ ਟੈਕਸਾਸ ਸੂਬੇ ਦੇ ਸਹਿਰ ਡਲਾਸ ਵਿਖੇ ਦਾਖਲੇ ਲਈ 'ਯੂਨੀਵਰਸਿਟੀ ਆਫ ਟੈਕਸਾਸ' ਛੱਡਣ ਜਾ ਰਹੇ ਸਨ। ਹਾਲਾਂਕਿ ਉਹਨਾਂ ਲਈ ਇਹ ਬੜੇ ਉਤਸਾਹ ਵਾਲਾ ਦਿਨ ਸੀ ਜੋ ਇੱਕ ਤ੍ਰਾਸਦੀ ਵਿੱਚ ਬਦਲ ਗਿਆ। ਕਿਉਂਕਿ ਇਹ ਇੱਕੋ ਹੀ ਪਰਿਵਾਰ ਦੇ ਭਾਰਤੀ ਅਮਰੀਕੀ ਦੇ ਤਿੰਨ ਮੈਂਬਰਾਂ ਦੀ ਟੈਕਸਾਸ ਵਿੱਚ ਇੱਕ ਕਾਰ ਹਾਦਸੇ ਵਿੱਚ ਮਾਰੇ ਗਏ। 14 ਜੁਲਾਈ ਦੀ ਸਵੇਰ ਨੂੰ ਹੋਏ ਇਸ ਘਾਤਕ ਹਾਦਸੇ ਵਿਚ ਅਰਵਿੰਦ ਮਨੀ (45), ਉਸ ਦੀ ਪਤਨੀ ਪ੍ਰਦੀਪਾ ਅਰਵਿੰਦ (40) ਅਤੇ ਉਨ੍ਹਾਂ ਦੀ ਧੀ ਆਂਦਰਿਲ ਅਰਵਿੰਦ (17) ਸਾਮਲ ਸਨ। ਟੈਕਸਾਸ ਡਿਪਾਰਟਮੈਂਟ ਆਫ ਪਬਲਿਕ ਸੇਫਟੀ ਅਨੁਸਾਰ, ਪਰਿਵਾਰ ਟੈਕਸਾਸ ਯੂਨੀਵਰਸਿਟੀ ਜਾ ਰਿਹਾ ਸੀ ਜਦੋਂ ਇਹ ਘਾਤਕ ਹਾਦਸਾ ਵਾਪਰਿਆ। ਇਸ ਪਰਿਵਾਰ ਦਾ ਇੱਕ 14 ਸਾਲ ਦਾ ਬੇਟਾ ਅਦੀਰਿਅਨ ਅਰਵਿੰਦ ਹੈ, ਜੋ ਉਨ੍ਹਾਂ ਦੇ ਨਾਲ ਯਾਤਰਾ ਨਹੀ ਕਰ ਰਿਹਾ ਸੀ, ਕਿਉਂਕਿ ਉਹ ਨੌਵੀਂ ਜਮਾਤ ਦਾ ਵਿਦਿਆਰਥੀ ਸੀ ਅਤੇ ਹਾਈ ਸਕੂਲ ਦਾ ਆਪਣਾ ਪਹਿਲਾ ਦਿਨ ਸੁਰੂ ਕਰ ਰਿਹਾ ਸੀ।

## 'ਨਾਗਰਿਕਤਾ ਸੋਧ ਐਕਟ ਤਹਿਤ 188 ਪਾਕਿਸਤਾਨੀ ਹਿੰਦੂਆਂ ਨੂੰ ਮਿਲੀ ਭਾਰਤੀ ਨਾਗਰਿਕਤਾ'

**ਤੇਜਿੰਦਰ ਕੌਰ ਬੱਬਰ**

ਅਹਿਮਦਾਬਾਦ 18 ਅਗਸਤ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ ਨੂੰ ਨਾਗਰਿਕਤਾ ਸੋਧ ਐਕਟ () ਤਹਿਤ 188 ਪਾਕਿਸਤਾਨੀ ਹਿੰਦੂਆਂ ਨੂੰ ਭਾਰਤੀ ਨਾਗਰਿਕਤਾ ਪ੍ਰਦਾਨ ਕੀਤੀ। ਇਸ ਦੌਰਾਨ ਉਨ੍ਹਾਂ ਨੇ ਅਹਿਮਦਾਬਾਦ ਵਿਚ ਆਯੋਜਿਤ ਇਕ ਪ੍ਰੋਗਰਾਮ 'ਚ ਉਨ੍ਹਾਂ ਨੇ ਲੋਕਾਂ ਨੂੰ ਸੰਬੋਧਨ ਵੀ ਕੀਤਾ। ਸ਼ਾਹ ਨੇ ਕਿਹਾ ਕਿ ਇਹ ਪਲ ਪਾਕਿਸਤਾਨ 'ਚ ਧਾਰਮਿਕ ਅੱਤਿਆਚਾਰ ਤੋਂ ਬਚਣ ਮਗਰੋਂ ਭਾਰਤ ਵਿਚ ਸ਼ਰਨ ਲੈਣ ਵਾਲਿਆਂ ਲਈ ਵੱਡੀ ਰਾਹਤ ਲੈ ਕੇ ਆਇਆ ਹੈ। ਸਰਕਾਰ ਗੁਆਂਢੀ ਦੇਸ਼ਾਂ ਦੇ ਹਿੰਦੂਆਂ, ਜੈਨੀਆਂ, ਬੋਧ ਅਤੇ ਸਿੱਖਾਂ ਸਮੇਤ ਘੱਟ ਗਿਣਤੀਆਂ ਨੂੰ ਨਾਗਰਿਕਤਾ ਪ੍ਰਦਾਨ ਕਰਨ ਲਈ ਸੰਕਲਪਬੱਧ ਹੈ। ਅਸੀਂ 2019 ਵਿਚ ਲੈ ਕੇ ਆਏ। ਤੋਂ ਕਰੋੜਾਂ ਹਿੰਦੂ, ਜੈਨ ਅਤੇ ਸਿੱਖ ਧਰਮ ਦੇ ਲੋਕਾਂ ਨੂੰ ਨਾਗਰਿਕਤਾ ਮਿਲੇਗੀ। ਸ਼ਾਹ ਨੇ ਅੱਗੇ ਕਿਹਾ ਕਿ ਮੈਂ ਇਨ੍ਹਾਂ ਪਰਿਵਾਰਾਂ ਨੂੰ ਵਧਾਈ ਦਿੰਦਾ ਹਾਂ, ਜਿਨ੍ਹਾਂ ਨੂੰ ਨਾਗਰਿਕਤਾ ਮਿਲੀ ਹੈ। ਮੈਨੂੰ ਹੋਰ ਵੀ ਖੁਸ਼ੀ ਹੈ ਕਿ ਇਹ ਗੁਜਰਾਤ ਵਿਚ ਹੋ ਰਿਹਾ ਹੈ। ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰ ਅਤੇ ਨਿਆਂ ਦਿਵਾਉਣ ਦੀ ਪਹਿਲ ਹੈ। ਕਾਂਗਰਸ ਪਾਰਟੀ ਨੇ 2014 ਤੱਕ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰ ਨਹੀਂ ਦਿੱਤੇ। ਦੱਸ ਦੇਈਏ ਕਿ ਗੁਜਰਾਤ ਸਰਕਾਰ ਨੇ ਹੁਣ ਤੱਕ ਤਹਿਤ ਅਹਿਮਦਾਬਾਦ ਜ਼ਿਲ੍ਹੇ ਦੇ 1,167 ਲੋਕਾਂ ਨੂੰ ਭਾਰਤੀ ਨਾਗਰਿਕਤਾ ਦਿੱਤੀ ਹੈ। ਦਾ ਇਤਿਹਾਸਕ ਸੰਦਰਭ ਦਿੰਦੇ ਹੋਏ ਸ਼ਾਹ ਨੇ ਕਿਹਾ ਕਿ ਕਰੋੜਾਂ ਭਾਰਤੀ ਧਰਮ ਦੇ ਆਧਾਰ 'ਤੇ ਵੰਡ ਦੌਰਾਨ ਹੋਈਆਂ ਸਮੱਸਿਆਵਾਂ ਨੂੰ ਨਹੀਂ ਭੁੱਲ ਸਕਦੇ। ਕਾਂਗਰਸ ਨੇ ਆਪਣੇ ਵੋਟ ਬੈਂਕ ਨੂੰ ਖੁਸ਼ ਕਰਨ ਲਈ ਲੋਕਾਂ ਨੂੰ ਨਾਗਰਿਕਤਾ ਨਹੀਂ ਦਿੱਤੀ। ਸਾਡਾ ਇਤਿਹਾਸ ਇਸ ਨੂੰ ਹਮੇਸ਼ਾ ਯਾਦ ਰੱਖੇਗਾ। ਇਨ੍ਹਾਂ ਲੋਕਾਂ ਦੀ ਸੁਰੱਖਿਆ ਲਈ ਹੈ। ਪਹਿਲਾਂ ਇਸ ਕਾਨੂੰਨ ਖਿਲਾਫ ਕਈ ਲੋਕਾਂ ਨੂੰ ਭੜਕਾਇਆ ਗਿਆ ਸੀ। ਕਿਸੇ ਨੂੰ ਵੀ ਆਪਣੀ ਨਾਗਰਿਕਤਾ ਨਹੀਂ ਛੱਡਣੀ ਪਵੇਗੀ। ਤੁਹਾਡੀ ਨੌਕਰੀ, ਘਰ ਅਤੇ ਨਾਗਰਿਕਤਾ ਸੁਰੱਖਿਅਤ ਹਨ। ਅਮਿਤ ਸ਼ਾਹ ਨੇ ਕਿਹਾ ਕਿ ਨੂੰ ਲੈ ਕੇ ਮੁਸਲਮਾਨਾਂ ਨੂੰ ਭੜਕਾਇਆ ਗਿਆ। ਮੈਂ ਆਪਣੇ ਮੁਸਲਿਮ ਭਰਾਵਾਂ ਅਤੇ ਭੈਣਾਂ ਨੂੰ ਇਹ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਇਹ ਕਿਸੇ ਦੀ ਨਾਗਰਿਕਤਾ ਖੋਹਣ ਲਈ ਨਹੀਂ ਸਗੋਂ ਉਨ੍ਹਾਂ ਨੂੰ ਨਾਗਰਿਕਤਾ ਦੇਣ ਲਈ ਹੈ।



## ਰਾਖਵਾਂਕਰਨ ਵਿਰੋਧੀ ਭਾਜਪਾ ਸਰਕਾਰ : ਅਜੇ ਰਾਏ

ਲਖਨਊ 18 ਅਗਸਤ। ਕਾਂਗਰਸ ਦੇ ਉੱਤਰ ਪ੍ਰਦੇਸ ਦੇ ਪ੍ਰਧਾਨ ਅਜੈ ਰਾਏ ਨੇ 69,000 ਅਧਿਆਪਕਾਂ ਦੀ ਭਰਤੀ ਨਾਲ ਸਬੰਧਤ ਮਾਮਲੇ 'ਤੇ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਭਾਜਪਾ ਸਰਕਾਰ ਰਾਖਵਾਂਕਰਨ ਵਿਰੋਧੀ ਹੈ। ਪਾਰਟੀ ਵੱਲੋਂ ਜਾਰੀ ਕੀਤੇ ਗਏ ਬਿਆਨ ਅਨੁਸਾਰ, ਰਾਏ ਨੇ ਕਿਹਾ ਕਿ ਇਸ ਮਾਮਲੇ 'ਚ ਹਾਈ ਕੋਰਟਾਂ ਦੀ ਇਕੱਲੀ ਅਤੇ ਪਟੀਸ਼ਨ ਨੇ ਸਰਕਾਰ ਦੇ ਰਾਖਵੇਂਕਰਨ ਵਿਰੋਧੀ ਚਿਹਰੇ ਨੂੰ ਬੇਨਕਾਬ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੱਚ ਤਾਂ ਇਹ ਹੈ ਕਿ ਸਰਕਾਰ ਦੇ ਉਹ ਮੰਤਰੀ ਜੋ ਅੱਜ ਅਦਾਲਤ ਦੇ ਫੈਸਲੇ ਨੂੰ ਸਹੀ ਦੱਸ ਰਹੇ ਹਨ, ਉਹ ਵੀ ਉਮੀਦਵਾਰਾਂ ਨਾਲ ਹੋਈ ਬੇਇਨਸਾਫੀ 'ਤੇ ਚੁਪ ਸਨ। ਰਾਏ ਨੇ ਕਿਹਾ ਕਿ ਪੀੜਤ ਉਮੀਦਵਾਰਾਂ ਨੇ ਸਾਰੇ ਦਰਵਾਜਿਆਂ 'ਤੇ ਇਨਸਾਫ ਦੀ ਮੰਗ ਕੀਤੀ ਸੀ ਅਤੇ ਇਨਸਾਫ ਮੰਗਣ 'ਤੇ ਉਨ੍ਹਾਂ ਨੂੰ ਲਾਠੀਆਂ ਨਾਲ ਕੁੱਟਿਆ ਗਿਆ ਸੀ। ਉਨ੍ਹਾਂ ਨੇ ਦੋਸ ਲਾਇਆ, "ਜਦੋਂ ਉਮੀਦਵਾਰ ਮੁਖ ਮੰਤਰੀ ਦੇ ਘਰ ਤੋਂ ਲੈ ਕੇ ਈਕੋ-ਗਾਰਡਨ ਤੱਕ ਇਨਸਾਫ ਦੀ ਲੜਾਈ ਲੜ ਰਹੇ ਸਨ ਅਤੇ ਮੁਖ ਮੰਤਰੀ ਯੋਗੀ ਆਦਿਤਿਆਨਾਥ ਦੇ ਇਸਾਰੇ 'ਤੇ ਉਨ੍ਹਾਂ ਦਾ ਘਾਣ ਕੀਤਾ ਜਾ ਰਿਹਾ ਸੀ, ਤਾਂ ਕੇਸਵ ਪ੍ਰਸਾਦ ਮੌਰਿਆ ਵਰਗੇ ਮੰਤਰੀ ਵੀ ਚੁਪ ਸਨ, ਜੋ ਅੱਜ ਆਪਣਾ ਸਿਆਸੀ ਰਾਖਵਾਂਕਰਨ ਬਚਾਉਣ ਲਈ ਉਨ੍ਹਾਂ ਦੇ (ਉਮੀਦਵਾਰਾਂ) ਸ਼ੁੱਭਚਿੰਤਕ ਬਣ ਰਹੇ ਹਨ।" ਰਾਏ ਨੇ ਕਿਹਾ ਕਿ ਭਾਜਪਾ ਦੇ ਸਹਿਯੋਗੀ ਦਲ ਸੁਭਾਸ਼ਪਾ ਦੇ ਰਾਸਟਰੀ ਪ੍ਰਧਾਨ ਓਮਪ੍ਰਕਾਸ ਰਾਜਭਰ ਵੀ ਉਸ ਸਮੇਂ ਉਮੀਦਵਾਰਾਂ ਵਿਰੁੱਧ ਬੋਲ ਰਹੇ ਸਨ। ਕਾਂਗਰਸ ਨੇਤਾ ਨੇ ਕਿਹਾ, "ਭਾਜਪਾ ਅਤੇ ਉਸ ਦੇ ਸਹਿਯੋਗੀ ਦਲਾਂ ਦੇ ਰਾਖਵੇਂਕਰਨ ਦੇ ਮਾਮਲੇ 'ਤੇ ਇਨ੍ਹਾਂ ਦੀ ਹੀ ਚਾਲ, ਚਰਿੱਤਰ ਅਤੇ ਚਿਹਰਾ ਹੈ।" ਰਾਏ ਨੇ ਕਿਹਾ ਕਿ ਯੋਗੀ ਸਰਕਾਰ ਹਾਈ ਕੋਰਟ ਵੱਲੋਂ ਸੁਝਾਏ ਗਏ ਅਤੇ ਰਾਖਵੇਂਕਰਨ ਦੇ ਸਾਰੇ ਨਿਯਮਾਂ ਦਾ ਪਾਲਣ ਕਰਦਿਆਂ ਨਵੀਂ ਸੂਚੀ ਜਾਰੀ ਕਰੇ ਅਤੇ ਪਿਛਲੇ ਪੰਜ ਸਾਲਾਂ ਤੋਂ ਇਨ੍ਹਾਂ ਉਮੀਦਵਾਰਾਂ ਦੇ ਘਾਣ ਤੇ ਇਨਸਾਫ ਦੀ ਆਵਾਜ ਦਬਾਉਣ ਦੀ ਕੋਸ਼ਿਸ਼ ਲਈ ਉਨ੍ਹਾਂ ਤੋਂ ਮਾਫੀ ਮੰਗੇ।



# ਨਵਾਂ ਫਰਜੀਵਾੜਾ : ਲੱਖਾਂ ਕਮਾਉਣ ਦੇ ਚੱਕਰ ਵਿਚ ਟ੍ਰੈਵਲ ਏਜੰਟਾਂ ਨੇ ਕਈਆਂ 'ਤੇ ਲਗਵਾ ਦਿੱਤਾ 10 ਸਾਲ ਦਾ ਬੈਨ

ਜਲੰਧਰ 18 ਅਗਸਤ। ਪੰਜਾਬ ਦੇ ਭੋਲੇ-ਭਾਲੇ ਲੋਕਾਂ ਨੂੰ ਡਾਲਰਾਂ-ਪੌਂਡਾਂ ਦੇ ਸੁਨਹਿਰੀ ਸੁਪਨੇ ਦਿਖਾ ਕੇ, ਯੂ. ਕੇ. 'ਚ ਵਰਕ ਪਰਮਿਟ ਦਵਉਣ ਦਾ ਝਾਂਸਾ ਦੇ ਕੇ ਤੇ ਉਥੇ ਲੱਖਾਂ ਰੁਪਏ ਮਹੀਨਾ ਕਮਾਉਣ ਦੇ ਨਾਲ-ਨਾਲ ਕੁਝ ਸਮੇਂ ਬਾਅਦ ਉਥੇ ਹੀ ਪੀ. ਆਰ. ਹੋਣ ਦੀ ਗੱਲ ਕਹਿ ਕੇ ਲੋਕਾਂ ਨਾਲ ਹੈਲਥਕੇਅਰ, ਕੰਸਟਰੱਕਸ਼ਨ ਤੇ ਆਈ. ਟੀ. ਸੈਕਟਰ 'ਚ ਹੋਏ ਫਰਜੀਵਾੜੇ ਤੋਂ ਬਾਅਦ ਹੁਣ ਕਥਿਤ ਤੌਰ 'ਤੇ ਟ੍ਰੈਵਲ ਏਜੰਟਾਂ ਵੱਲੋਂ ਮੈਕਸੀਕੋ ਰਾਹੀਂ ਅਮਰੀਕਾ ਵਿਚ 'ਡੌਂਕੀ' ਲੁਆ ਕੇ ਭੇਜਣ ਦਾ ਫਰਜੀਵਾੜਾ ਸਾਹਮਣੇ ਆ ਰਿਹਾ ਹੈ। ਸੂਤਰਾਂ ਮੁਤਾਬਕ ਪੰਜਾਬ ਦੇ ਕਈ ਕਥਿਤ ਟ੍ਰੈਵਲ ਏਜੰਟਾਂ ਨੇ ਯੂ. ਕੇ. ਵਰਕ ਪਰਮਿਟ ਦੇ ਨਾਂ 'ਤੇ ਲੱਖਾਂ-ਕਰੋੜਾਂ ਰੁਪਏ ਕਮਾ ਕੇ ਲੋਕਾਂ ਦੀ ਜ?ਿੰਦਗੀ ਨਾਲ ਖਿਲਵਾੜ ਕੀਤਾ ਹੈ, ਜਿਸ ਕਾਰਨ ਲੱਖਾਂ ਰੁਪਏ ਖਰਚਣ ਦੇ ਬਾਵਜੂਦ ਵੀ ਹੁਣ ਉਨ੍ਹਾਂ ਨੂੰ ਉਥੇ ਕੰਮ ਨਹੀਂ ਮਿਲ ਰਿਹਾ ਤੇ ਕੰਪਨੀਆਂ ਬੰਦ ਹੋਣ 'ਤੇ ਉਨ੍ਹਾਂ ਦੇ ਸਿਰ 'ਤੇ ਇਲ-ਲੀਗਲ ਹੋਣ ਦੀ ਤਲਵਾਰ ਵੀ ਲਟਕਣ ਲੱਗੀ ਹੈ। ਸੂਤਰਾਂ ਨੇ ਦੱਸਿਆ ਕਿ ਸੂਬੇ ਭਰ ਵਿਚ ਕਈ ਕਥਿਤ ਟ੍ਰੈਵਲ ਏਜੰਟਾਂ ਨੇ ਵਰਕ ਪਰਮਿਟ ਦੇ ਨਾਂ 'ਤੇ ਅਜਿਹੀ ਖੇਡ ਖੇਡੀ ਤੇ ਲੋਕਾਂ ਨੂੰ ਯੂ. ਕੇ. ਤੋਂ ਮੈਕਸੀਕੋ ਅਤੇ ਉਥੋਂ 'ਡੌਂਕੀ' ਲੁਆ ਕੇ ਅਮਰੀਕਾ ਭੇਜਣ ਦੇ ਨਾਂ 'ਤੇ ਇਕ ਹੀ ਵਰਕ ਪਰਮਿਟ 'ਤੇ ਲੱਖਾਂ ਰੁਪਏ ਵੱਖਰੇ ਤੌਰ 'ਤੇ ਕਮਾ ਲਏ ਹਨ। ਜੇਕਰ ਯੂ. ਕੇ. ਹੈਲਥਕੇਅਰ, ਆਈ. ਟੀ. ਸੈਕਟਰ ਤੇ ਕੰਸਟਰੱਕਸ਼ਨ ਕੈਟਾਗਰੀ ਵਿਚ ਕੋਈ ਇਨ੍ਹਾਂ ਦੇ ਹੱਥੇ ਚੜ੍ਹ ਕੇ ਆਪਣਾ ਬਿਨੈ-ਪੱਤਰ ਅਪਲਾਈ ਕਰਦਾ ਸੀ ਤਾਂ ਕਈ ਟ੍ਰੈਵਲ ਕਾਰੋਬਾਰੀ ਵਰਕ ਪਰਮਿਟ ਦੇ ਨਾਂ 'ਤੇ ਇਕ ਬਿਨੈਕਾਰ ਤੋਂ 30 ਤੋਂ 40 ਲੱਖ ਰੁਪਏ ਤਾਂ ਲੈਂਦੇ ਹੀ ਸਨ ਜਦਕਿ ਉਸਦੇ ਨਾਲ ਹੀ ਫਰਜੀ ਸਪਾਊਸ ਬਣਾ ਕੇ ਉਸ ਦਾ ਵਰਕ ਪਰਮਿਟ ਲੁਆਉਣ ਤੇ ਬਾਅਦ 'ਚ ਉਸ ਨੂੰ ਉਥੋਂ ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਸਪਾਊਸ ਤੋਂ 50 ਤੋਂ 60 ਲੱਖ ਰੁਪਏ ਵੱਖ ਤੋਂ ਲੈਂਦੇ ਸਨ। ਸੂਤਰਾਂ ਵੱਲੋਂ ਦੱਸਿਆ ਜਾ ਰਿਹਾ ਹੈ ਕਿ ਜੇਕਰ ਕਿਸੇ ਬਿਨੈਕਾਰ ਕੋਲ ਯੂ. ਕੇ. ਦਾ ਵੈਲਿਡ ਵੀਜਾ ਹੁੰਦਾ ਹੈ ਤਾਂ ਉਸ ਨੂੰ ਮੈਕਸੀਕੋ ਵਿਚ ਆਨ-ਅਰਾਈਵਲ ਵੀਜਾ ਮਿਲਦਾ ਸੀ। ਬਸ ਇਸੇ ਗੱਲ ਦਾ ਕੁਝ ਟ੍ਰੈਵਲ ਕਾਰੋਬਾਰੀਆਂ ਨੇ ਖੂਬ ਫਾਇਦਾ ਉਠਾਇਆ। ਇਕ ਵਰਕ ਪਰਮਿਟ 'ਤੇ ਸਪਾਊਸ ਨੂੰ ਨਾਲ ਭੇਜਣ ਦੇ ਨਾਂ 'ਤੇ ਲੱਖਾਂ ਰੁਪਏ ਕਮਾ ਕੇ ਆਪਣੀਆਂ ਜੇਬਾਂ ਵਿਚ ਪਾ ਲਏ। ਇਸ ਫਰਜੀਵਾੜੇ ਦਾ ਪਤਾ ਲੱਗਣ 'ਤੇ ਹੁਣ ਯੂ. ਕੇ. ਸਰਕਾਰ ਮਾਰਚ/ਅਪ੍ਰੈਲ ਤੋਂ ਸਪਾਊਸ ਵੀਜੇ 'ਤੇ ਪਾਬੰਦੀ ਲਾ ਸਕਦੀ ਹੈ। ਯੂ. ਕੇ. ਸਰਕਾਰ ਨੇ ਇਸ ਫਰਜੀਵਾੜੇ ਨੂੰ ਦੇਖਦੇ ਹੋਏ ਲਗਭਗ ਇਕ ਹਜਾਰ ਕੰਪਨੀਆਂ ਦੇ ਲਾਇਸੈਂਸ ਤਕ ਰੱਦ ਕਰ ਦਿੱਤੇ ਹਨ, ਜਿਸ ਕਾਰਨ ਪੰਜਾਬ ਵਿਚ ਵੱਡੇ ਪੱਧਰ 'ਤੇ 'ਕਾਸ' ਵਰਕ ਪਰਮਿਟ ਦਾ ਗੋਰਖਧੰਦਾ ਕਰਨ ਵਾਲੇ ਟ੍ਰੈਵਲ ਏਜੰਟਾਂ ਦਾ ਧੰਦਾ ਹੀ ਠੱਪ ਹੋ ਗਿਆ ਕਿਉਂਕਿ ਕੰਪਨੀਆਂ ਬੰਦ ਹੋਣ 'ਤੇ ਉਥੇ ਪਹੁੰਚੇ ਲੋਕਾਂ ਦੇ ਵਰਕ ਪਰਮਿਟ ਵੀ ਰੱਦ ਹੋ ਗਏ ਹਨ। ਇਸ ਕਾਰਨ ਹੁਣ ਲੋਕਾਂ ਨੂੰ ਵੱਖਰੀ ਕੰਪਨੀ ਵਿਚ ਵੱਖਰਾ ਪਰਮਿਟ ਲੈਣ ਲਈ ਫਿਰ ਤੋਂ ਲੱਖਾਂ ਰੁਪਏ ਖਰਚਣੇ ਹੋਣਗੇ। ਖਦਸ਼ਾ ਪ੍ਰਗਟ ਕੀਤਾ ਜਾਂ ਰਿਹਾ ਹੈ ਕਿ ਆਉਣ ਵਾਲੇ ਕੁਝ ਦਿਨਾਂ ਵਿਚ 'ਕਾਸ' ਦੇ ਨਾਂ 'ਤੇ ਠੱਗੀ ਕਰਨ ਵਾਲੇ ਕਈ ਟ੍ਰੈਵਲ ਏਜੰਟਾਂ ਅਤੇ ਕਈ ਗੁਜਰਾਤੀਆਂ ਖ?ਿਲਾਫ ਪੁਲਸ ਤੇ ਪ੍ਰਸ਼ਾਸਨ ਨੂੰ ਕਾਰਵਾਈ ਕਰਨ ਦੇ ਨਾਂ 'ਤੇ ਸ਼ਿਕਾਇਤਾਂ ਆ ਸਕਦੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਇਸ ਧੰਦੇ ਵਿਚ ਮੋਟੀ ਕਮਾਈ ਹੁੰਦੀ ਦੇਖ ਅਤੇ ਇਕ ਬਿਨੈਕਾਰ ਨੂੰ ਯੂ. ਕੇ. ਵਰਕ ਪਰਮਿਟ 'ਤੇ ਭੇਜਣ ਦੇ ਨਾਂ 'ਤੇ ਇਸ ਧੰਦੇ ਵਿਚ ਟ੍ਰੈਵਲ ਏਜੰਟ ਅਤੇ ਗੁਜਰਾਤੀ ਮਿਲੀਭੁਗਤ ਕਰ ਕੇ 10 ਤੋਂ 15 ਲੱਖ ਰੁਪਏ ਕਮਾ ਰਹੇ ਸਨ, ਜਿਸ ਦੇ ਨਾਲ ਹੀ ਬੀ.2ਬੀ. ਦਾ ਕਾਰੋਬਾਰ ਵੀ ਉਹ ਭਾਰਤ ਸਰਕਾਰ ਵੱਲੋਂ ਜਾਰੀ ਕੀਤੇ ਗਏ ਮੈਨਪਾਵਰ ਦੇ ਲਾਇਸੈਂਸ ਦੇ ਬਿਨਾਂ ਹੀ ਕਰ ਰਹੇ ਸਨ। ਹੁਣ ਇਸ ਤੋਂ ਅੰਦਾਜਾ ਲਾਇਆ ਜਾ ਸਕਦਾ ਹੈ ਕਿ ਇਨ੍ਹਾਂ ਨੂੰ ਨਾ ਤਾਂ ਪੁਲਸ ਤੇ ਨਾ ਹੀ ਪ੍ਰਸ਼ਾਸਨ ਦਾ ਕੋਈ ਡਰ ਸੀ। ਬੀ.2ਬੀ. (ਬਿਜਨੈੱਸ ਟੂ ਬਿਜਨੈੱਸ) ਯਾਨੀ ਯੂ . ਕੇ. ਵਰਕ ਪਰਮਿਟ ਦਾ 'ਕਾਸ' ਆਉਣ 'ਤੇ ਉਹ ਟ੍ਰੈਵਲ ਕਾਰੋਬਾਰੀਆਂ ਨੂੰ ਵੀ ਆਪਣਾ ਲੱਖਾਂ ਰੁਪਏ ਦਾ ਮਾਰਜਨ ਰੱਖ ਕੇ ਵੇਚਦੇ ਸਨ। ਇਸ ਤੋਂ ਪਹਿਲਾਂ ਬੀ.2ਬੀ. ਲਈ ਪਹਿਲਾਂ ਸੂਬੇ ਦੇ ਕਈ ਹੋਟਲਾਂ ਵਿਚ ਉਕਤ ਲੋਕ ਮੀਟਿੰਗ ਲਈ ਬੈਠਦੇ ਸਨ, ਫਿਰ ਇਸ ਗੋਰਖਧੰਦੇ ਨੂੰ ਅੰਜਾਮ ਦਿੰਦੇ ਸਨ। ਇਸ ਤੋਂ ਬਾਅਦ ਹੌਲੀ-ਹੌਲੀ 'ਕਾਸ' ਦੀ ਡਿਮਾਂਡ ਇੰਨੀ ਵਧੀ ਕਿ ਗੁਜਰਾਤੀ ਵੀ ਕਈ-ਕਈ ਵਾਰ ਪੰਜਾਬ ਆਉਣ ਲੱਗੇ ਪਰ ਹੁਣ ਇਸ ਫਰਜੀਵਾੜੇ ਦੇ ਫੜੇ ਜਾਣ ਤੋਂ ਬਾਅਦ ਤੇ ਪੁਲਸ ਦੀ ਕਾਰਵਾਈ ਤੋਂ ਬਚਣ ਲਈ ਗੁਜਰਾਤੀ ਪੰਜਾਬ ਛੱਡ ਕੇ ਗੁਜਰਾਤ ਨੂੰ ਭੱਜ ਖੜ੍ਹੇ ਹੋਏ। ਵਰਕ ਪਰਮਿਟ ਦੇ ਨਾਂ 'ਤੇ ਲੱਖਾਂ ਰੁਪਏ ਕਮਾਉਣ ਦੇ ਚੱਕਰ ਵਿਚ ਕਈ ਕਥਿਤ ਟ੍ਰੈਵਲ ਏਜੰਟਾਂ ਨੇ ਤਾਂ 'ਕਾਸ' ਵਿਚ ਹੀ ਫਰਜੀਵਾੜਾ ਕਰ ਕੇ ਕਈ ਬਿਨੈਕਾਰਾਂ ਦੇ ਬਿਨੈ-ਪੱਤਰ ਅਪਲਾਈ ਕਰਵਾ ਦਿੱਤੇ। ਫਰਜੀਵਾੜਾ ਫੜੇ ਜਾਣ ਤੋਂ ਬਾਅਦ ਯੂ. ਕੇ. ਸਰਕਾਰ ਨੇ ਬਿਨੈ-ਪੱਤਰ ਅਪਲਾਈ ਕਰਨ ਵਾਲੇ ਲੋਕਾਂ 'ਤੇ 10 ਸਾਲ ਤਕ ਦਾ ਬੈਨ ਲਾ ਦਿੱਤਾ, ਜਿਸ ਨੂੰ ਲੈ ਕੇ ਕਈ ਟ੍ਰੈਵਲ ਏਜੰਟਾਂ ਦੇ ਦਫਤਰਾਂ ਵਿਚ ਰੋਜਾਨਾ ਵਿਵਾਦ ਵਧ ਰਹੇ ਹਨ। ਸੂਤਰਾਂ ਨੇ ਦੱਸਿਆ ਕਿ ਕਈ ਏਜੰਟਾਂ ਨੇ ਇਸ ਗੋਰਖਧੰਦੇ ਨੂੰ ਅੰਜਾਮ ਦੇ ਕੇ ਕਰੋੜਾਂ ਅਤੇ ਕਈ ਗੁਜਰਾਤੀਆਂ ਖ?ਿਲਾਫ ਪੁਲਸ ਤੇ ਪ੍ਰਸ਼ਾਸਨ ਨੂੰ ਕਾਰਵਾਈ ਕਰਨ ਦੇ ਨਾਂ 'ਤੇ ਸ਼ਿਕਾਇਤਾਂ ਆ ਸਕਦੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਇਸ ਧੰਦੇ ਵਿਚ ਮੋਟੀ ਕਮਾਈ ਹੁੰਦੀ ਦੇਖ ਅਤੇ ਇਕ ਬਿਨੈਕਾਰ ਨੂੰ ਯੂ. ਕੇ. ਵਰਕ ਪਰਮਿਟ 'ਤੇ ਭੇਜਣ ਦੇ ਨਾਂ 'ਤੇ ਇਸ ਧੰਦੇ ਵਿਚ ਟ੍ਰੈਵਲ ਏਜੰਟ ਅਤੇ ਗੁਜਰਾਤੀ ਮਿਲੀਭੁਗਤ ਕਰ ਕੇ 10 ਤੋਂ 15 ਲੱਖ ਰੁਪਏ ਕਮਾ ਰਹੇ ਸਨ, ਜਿਸ ਦੇ ਨਾਲ ਹੀ ਬੀ.2ਬੀ. ਦਾ ਕਾਰੋਬਾਰ ਵੀ ਉਹ ਭਾਰਤ ਸਰਕਾਰ ਵੱਲੋਂ ਜਾਰੀ ਕੀਤੇ ਗਏ ਮੈਨਪਾਵਰ ਦੇ ਰੁਪਏ ਕਮਾਏ ਅਤੇ ਇਸ ਧੰਦੇ ਤੋਂ ਮੋਟੀ ਕਮਾਈ ਕਰ ਕੇ ਉਕਤ ਏਜੰਟਾਂ ਨੇ ਪੂਰੇ ਸੂਬੇ ਦੇ ਕਈ ਸ਼ਹਿਰਾਂ ਵਿਚ ਪ੍ਰਾਪਰਟੀ ਵੀ ਖਰੀਦੀ ਪਰ ਯੂ. ਕੇ. ਸਰਕਾਰ ਵੱਲੋਂ ਇਹ ਫਰਜੀਵਾੜਾ ਫੜੇ ਜਾਣ ਤੋਂ ਬਾਅਦ ਉਕਤ ਏਜੰਟਾਂ ਨੇ ਆਪਣੇ ਪਰਿਵਾਰਾਂ ਨੂੰ ਹੀ ਵਿਦੇਸ਼ ਭੇਜ ਦਿੱਤਾ ਤਾਂ ਕਿ ਪੁਲਸ ਦੀ ਕਾਰਵਾਈ ਤੋਂ ਬਚ ਸਕਣ। ਜਾਣਕਾਰੀ ਮੁਤਾਬਕ ਉਕਤ ਟ੍ਰੈਵਲ ਏਜੰਟਾਂ ਦਾ ਵੀ ਲੋਕਾਂ ਨਾਲ ਵਰਕ ਪਰਮਿਟ ਦੇ ਨਾਂ 'ਤੇ ਲੱਖਾਂ ਰੁਪਏ ਦਾ ਲੈਣ-ਦੇਣ ਪੈਂਡਿੰਗ ਪਿਆ ਹੈ, ਜਿਸ ਨੂੰ ਲੈ ਕੇ ਲੋਕਾਂ ਨਾਲ ਉਨ੍ਹਾਂ ਦੇ ਕਈ ਵਾਰ ਵਿਵਾਦ ਹੋ ਚੁੱਕੇ ਹਨ। ਖਦਸ਼ਾ ਪ੍ਰਗਟ ਕੀਤਾ ਜਾ ਰਿਹਾ ਹੈ ਕਿ ਆਉਣ ਵਾਲੇ ਕੁਝ ਦਿਨਾਂ ਵਿਚ ਟ੍ਰੈਵਲ ਕਾਰੋਬਾਰੀਆਂ ਖਿਲਾਫ ਸ਼ਿਕਾਇਤਾਂ ਵਧ ਸਕਦੀਆਂ ਹਨ। ਏ. ਡੀ. ਜੀ. ਪੀ. (ਐੱਨ. ਆਰ. ਆਈ.) ਪ੍ਰਵੀਨ ਸਿਨ੍ਹਾ ਨੇ ਦੱਸਿਆ ਕਿ ਨਿਯਮਾਂ ਦਾ ਉਲੰਘਣ ਕਰਨ ਤੇ ਬਿਨਾਂ ਲਾਇਸੈਂਸ ਦੇ ਇਹ ਨਾਜਾਇਜ ਕਾਰੋਬਾਰ ਕਰਨ ਵਾਲਿਆਂ ਖ?ਿਲਾਫ ਵਿਭਾਗ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਿਹੜੇ ਲੋਕ ਸੂਬੇ ਭਰ ਵਿਚ ਬਿਨਾਂ ਲਾਇਸੈਂਸ ਦੇ ਨਾਜਾਇਜ ਕਾਰੋਬਾਰ ਕਰ ਰਹੇ ਹਨ, ਉਨ੍ਹਾਂ ਨੂੰ ਕਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਪੁਲਸ ਪ੍ਰਸ਼ਾਸਨ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਿਦੇਸ਼ ਜਾਣ ਤੋਂ ਪਹਿਲਾਂ ਆਪਣਾ ਬਿਨੈ-ਪੱਤਰ ਅਪਲਾਈ ਕਰਨ ਤੋਂ ਪਹਿਲਾਂ ਜਰੂਰ ਚੈੱਕ ਕਰ ਲੈਣ ਕਿ ਕਿਹੜਾ ਟ੍ਰੈਵਲ ਏਜੰਟ ਸਰਕਾਰ ਤੋਂ ਮਾਨਤਾ ਪ੍ਰਾਪਤ ਹੈ।

## ਬੰਦ ਹੋ ਸਕਦੀ ਹੈ ਵੇਰਕਾ ਦੁੱਧ ਦੀ ਸਪਲਾਈ, ਕੀ ਹੈ ਕਾਰਨ

ਜਲੰਧਰ 18 ਅਗਸਤ। ਜੇਕਰ ਤੁਸੀਂ ਵੀ ਵੇਰਕਾ ਦਾ ਦੁੱਧ ਲੈਂਦੇ ਹੋ ਤਾਂ ਇਹ ਖਬਰ ਤੁਹਾਡੇ ਲਈ ਅਹਿਮ ਹੈ। ਦਰਅਸਲ ਜਲੰਧਰ ਜ?ਿਲੇ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ। ਵੇਰਕਾ ਮਿਲਕ ਪਲਾਂਟ ਆਊਟਸੋਰਸਡ ਕਰਮਚਾਰੀ ਯੂਨੀਅਨ ਜਲੰਧਰ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਵੇਰਕਾ ਮਿਲਕ ਪਲਾਂਟ ਦੇ ਮੁੱਖ ਦਫਤਰ ਦੇ ਬਾਹਰ ਧਰਨਾ ਦਿੱਤਾ ਗਿਆ। ਪ੍ਰਧਾਨ ਅਨਿਲ ਕੁਮਾਰ ਦੀ ਦੇਖ-ਰੇਖ ਹੇਠ ਦਿੱਤੇ ਧਰਨੇ ਦੌਰਾਨ ਪ੍ਰਸਾਸਨ ਵਿਰੋਧੀ ਨਾਅਰੇਬਾਜੀ ਕੀਤੀ ਗਈ ਅਤੇ ਚਿਤਾਵਨੀ ਦਿੱਤੀ ਗਈ। ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਦੁੱਧ ਦੀ ਸਪਲਾਈ ਬੰਦ ਕਰ ਦਿੱਤੀ ਜਾਵੇਗੀ। ਇਸ ਸਬੰਧੀ ਅਨਿਲ ਕੁਮਾਰ ਨੇ ਦੱਸਿਆ ਕਿ ਉਨ੍ਹਾਂ



ਦੀਆਂ ਮੰਗਾਂ ਵਿੱਚ ਆਊਟ ਸੋਰਸਿੰਗ ਭਰਤੀ ਬੰਦ ਕੀਤੀ ਜਾਵੇ ਅਤੇ ਲੰਬੇ ਸਮੇਂ ਤੋਂ ਕੰਮ ਕਰਦੇ ਮੁਲਾਜਮਾਂ ਨੂੰ ਪੱਕਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਰ ਵਾਰ ਉਨ੍ਹਾਂ ਨੂੰ ਤੰਗ ਪ੍ਰੇਸਾਨ ਕੀਤਾ ਜਾ ਰਿਹਾ ਹੈ ਪਰ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾ ਰਹੀਆਂ ਹਨ। ਇਸ ਵਾਰ ਜੇਕਰ ਉਨ੍ਹਾਂ ਦੀਆਂ ਮੰਗਾਂ ਤੁਰੰਤ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਉਹ ਦੁੱਧ ਦੀ ਸਪਲਾਈ ਵੀ ਬੰਦ ਕਰ ਸਕਦੇ ਹਨ, ਹਾਲਾਂਕਿ ਉਹ ਅਜਿਹਾ ਕੋਈ ਕਦਮ ਨਹੀਂ ਚੁੱਕਣਾ ਚਾਹੁੰਦੇ ਪਰ ਜੇ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਉਹ ਇਹ ਕਦਮ ਚੁੱਕਣ ਲਈ ਮਜਬੂਰ ਹੋਣਗੇ। ਦੂਜੇ ਪਾਸੇ ਵੇਰਕਾ ਮਿਲਕ ਪਲਾਂਟ ਵਿਖੇ ਤਾਇਨਾਤ ਅਧਿਕਾਰੀ ਜਤਿੰਦਰ ਪਾਲ ਸਿੰਘ ਨੇ ਕਿਹਾ ਕਿ ਇਕ-ਦੋ ਦਿਨਾਂ ਵਿੱਚ ਸਮੱਸਿਆ ਦਾ ਹੱਲ ਕਰ ਦਿੱਤਾ ਜਾਵੇਗਾ ਅਤੇ ਮੁਲਾਜਮਾਂ ਦੀਆਂ ਮੰਗਾਂ ਪੂਰੀਆਂ ਕਰ ਦਿੱਤੀਆਂ ਜਾਣਗੀਆਂ।

## ਅਮਰੀਕਾ ਨੇ ਚੀਨੀ ਇਲੈਕਟ੍ਰਿਕ ਕਾਰਾਂ ਨੂੰ ਦੱਸਿਆ ਸੁਰੱਖਿਆ ਲਈ ਵੱਡਾ ਖਤਰਾ

ਨਵੀਂ ਦਿੱਲੀ 18 ਅਗਸਤ। ਅਮਰੀਕੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਚੀਨੀ-ਨਿਰਮਿਤ ਆਟੋਮੋਟਿਵ ਸੌਫਟਵੇਅਰ ਇਹ ਪਤਾ ਲਗਾ ਸਕਦਾ ਹੈ ਕਿ ਅਮਰੀਕੀ ਕਿੱਥੇ ਜਾਂਦੇ ਹਨ। ਉਹ ਆਪਣੇ ਵਾਹਨਾਂ ਨੂੰ ਕਿੱਥੇ ਚਾਰਜ ਕਰਦੇ ਹਨ ਜਾਂ ਸੜਕ 'ਤੇ ਕਿਹੜਾ ਸੰਗੀਤ ਅਤੇ ਪੋਡਕਾਸਟ ਸੁਣਦੇ ਹਨ। ਉਨ੍ਹਾਂ ਕਿਹਾ ਕਿ ਚੀਨੀ ਅਧਿਕਾਰੀ ਚੀਨ ਵਿੱਚ ਵਾਹਨ ਵੇਚਣ ਵਾਲੀਆਂ ਅਮਰੀਕੀ ਆਟੋ ਕੰਪਨੀਆਂ ਨੂੰ ਆਪਣੇ ਵਾਹਨਾਂ ਵਿੱਚ ਚੀਨੀ ਸਾਫਟਵੇਅਰ ਲਗਾਉਣ ਲਈ ਮਜਬੂਰ ਕਰਦੇ ਹਨ। ਅਮਰੀਕੀ ਕੰਪਨੀਆਂ ਨੇ ਬਿਡੇਨ ਪ੍ਰਸਾਸਨ ਨੂੰ ਚੀਨ 'ਚ ਕਾਰੋਬਾਰ ਕਰਨ ਦੌਰਾਨ ਆਉਣ ਵਾਲੀਆਂ ਮੁਸਕਿਲਾਂ ਦੀ ਜਾਣਕਾਰੀ ਦਿੱਤੀ ਹੈ। ਇਸ ਵਿੱਚ ਚੀਨੀ ਸਾਫਟਵੇਅਰ ਲਗਾਉਣ ਦਾ ਮਾਮਲਾ ਵੀ ਸ਼ਾਮਲ ਹੈ। ਇਹ ਬਾਈਡੇਨ ਦੀ ਉਦਯੋਗਿਕ ਨੀਤੀ ਨਾਲ ਸਿੱਧਾ ਟਕਰਾਅ ਹੈ। ਚੀਨ ਵਿੱਚ ਕੁਝ ਛੋਟੀਆਂ ਕਾਰਾਂ ਦੀ ਕੀਮਤ 9 ਲੱਖ ਰੁਪਏ ਤੱਕ ਹੈ। ਇਹ ਅਮਰੀਕੀ ਇਲੈਕਟ੍ਰਿਕ ਕਾਰਾਂ ਨਾਲੋਂ ਬਹੁਤ ਘੱਟ ਹੈ। ਬਾਈਡੇਨ ਨੇ ਵੀਰਵਾਰ ਨੂੰ ਇਕ ਬਿਆਨ 'ਚ ਕਿਹਾ ਕਿ ਚੀਨ ਗੈਰ-ਕਾਨੂੰਨੀ ਅਤੇ ਹੋਰ ਤਰੀਕੇ ਅਪਣਾ ਕੇ ਆਟੋ ਬਾਜਾਰ 'ਤੇ ਦਬਦਬਾ ਬਣਾਉਣਾ ਚਾਹੁੰਦਾ ਹੈ। ਚੀਨੀ ਕੰਪਨੀ ਦੀਆਂ ਨੀਤੀਆਂ ਕਾਰਨ ਸਾਡੇ ਬਾਜਾਰ 'ਚ ਇਸ ਦੇ ਵਾਹਨਾਂ ਦੀ ਭੀੜ ਹੋਵੇਗੀ। ਇਹ ਰਾਸਟਰੀ ਸੁਰੱਖਿਆ ਲਈ ਖਤਰਾ ਹੈ ਅਤੇ ਮੈਂ ਅਜਿਹਾ ਨਹੀਂ ਹੋਣ ਦਿਆਂਗਾ। ਫੈਸਲਾ ਲੈਣ ਤੋਂ ਪਹਿਲਾਂ ਸਰਕਾਰ ਨੇ ਆਟੋ ਕੰਪਨੀਆਂ, ਡੇਟ੍ਰਾਇਟ ਵਿੱਚ ਵਰਕਰ ਯੂਨੀਅਨਾਂ ਅਤੇ ਵੱਡੀ ਈਵੀ ਨਿਰਮਾਣ ਕੰਪਨੀ ਟੇਸਲਾ ਨਾਲ ਚਰਚਾ ਕੀਤੀ ਸੀ। ਹਾਲ ਹੀ ਵਿੱਚ ਟੇਸਲਾ ਨੂੰ ਪਿੱਛੇ ਛੱਡਦੇ ਹੋਏ ਚੀਨੀ ਕੰਪਨੀ ਇਲੈਕਟ੍ਰਿਕ ਕਾਰਾਂ ਵੇਚਣ ਵਾਲੀ ਦੁਨੀਆ ਦੀ ਸਭ ਤੋਂ ਵੱਡੀ ਕੰਪਨੀ ਬਣ ਗਈ ਹੈ। ਨਵੰਬਰ 'ਚ ਹੋਣ ਵਾਲੀਆਂ ਰਾਸਟਰਪਤੀ ਚੋਣਾਂ 'ਚ ਬਾਈਡੇਨ ਦੇ ਸੰਭਾਵੀ ਵਿਰੋਧੀ ਸਾਬਕਾ ਰਾਸਟਰਪਤੀ ਡੋਨਾਲਡ ਟਰੰਪ





ਨੇ ਹਮੇਸਾ ਬਾਈਡੇਨ ਦੀ ਆਲੋਚਨਾ ਕਰਦੇ ਹੋਏ ਕਿਹਾ ਹੈ ਕਿ ਰਾਸਟਰਪਤੀ ਨੇ ਆਟੋ ਕੰਪਨੀਆਂ ਨੂੰ ਇਲੈਕਟ੍ਰਿਕ ਕਾਰਾਂ ਬਣਾਉਣ ਲਈ ਮਜਬੂਰ ਕੀਤਾ ਹੈ। ਹਾਲਾਂਕਿ ਬਾਈਡੇਨ ਅਤੇ ਟਰੰਪ ਆਪਣੇ ਆਪ ਨੂੰ ਚੀਨ ਦੇ ਖਿਲਾਫ ਸਖਤ ਰੁਖ ਅਪਣਾਉਂਦੇ ਹੋਏ ਦਰਸਾਉਂਦੇ ਹਨ। ਵੀਰਵਾਰ ਦੇ ਫੈਸਲੇ ਨਾਲ ਚੀਨੀ ਇਲੈਕਟ੍ਰਿਕ ਵਾਹਨਾਂ 'ਤੇ ਤੁਰੰਤ ਪਾਬੰਦੀ ਨਹੀਂ ਲੱਗਦੀ। ਹਾਲਾਂਕਿ, ਚੀਨੀ ਈਵੀਜ ਉੱਤੇ ਭਾਰੀ ਟੈਕਸ ਲਗਾਇਆ ਜਾਂਦਾ ਹੈ ਅਤੇ ਉਹ ਅਜੇ ਤੱਕ ਯੂਐਸ ਮਾਰਕੀਟ ਵਿੱਚ ਪ੍ਰਵੇਸ ਕਰਨ ਦੇ ਯੋਗ ਨਹੀਂ ਹਨ। ਰਾਸਟਰਪਤੀ ਦੀ ਰਾਸਟਰੀ ਆਰਥਿਕ ਕੌਂਸਲ ਦੇ ਮੁਖੀ ਲੇਲ ਬੇਨਾਰਡ ਦਾ ਕਹਿਣਾ ਹੈ ਕਿ ਚੀਨ ਵਿਦੇਸੀ ਬਾਜਾਰਾਂ ਨੂੰ ਵੱਡੇ ਪੱਧਰ 'ਤੇ ਆਪਣੀਆਂ ਕਾਰਾਂ ਅਤੇ ਹੋਰ ਵਾਹਨਾਂ ਦੀ ਸਪਲਾਈ ਕਰ ਰਿਹਾ ਹੈ। ਇਹਨਾਂ ਵਿੱਚੋਂ ਬਹੁਤ ਸਾਰੇ ਵਾਹਨ ਲਗਾਤਾਰ ਅਮਰੀਕੀ ਬੁਨਿਆਦੀ ਢਾਂਚੇ ਬਾਰੇ ਜਾਣਕਾਰੀ ਇਕੱਠੀ ਕਰ ਸਕਦੇ ਹਨ। ਡਰਾਈਵਰ ਦੇ ਸਮਾਰਟਫੋਨ ਜਾਂ ਆਸ-ਪਾਸ ਚੱਲ ਰਹੀਆਂ ਕਾਰਾਂ ਰਾਹੀਂ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਅਮਰੀਕੀ ਸਰਕਾਰ ਚੀਨੀ ਵਾਹਨਾਂ 'ਤੇ 25 ਫੀਸਦੀ ਟੈਰਿਫ ਲਗਾ ਸਕਦੀ ਹੈ।

## ਘਰ ਪਰਤ ਰਹੇ ਰੇਹੜੀ ਵਾਲੇ ਨੂੰ ਤੇਜ ਰਫਤਾਰ ਥਾਰ ਨੇ ਮਾਰੀ ਟੱਕਰ, ਜਖਮੀ ਨੇ ਹਸਪਤਾਲ ਜਾ ਕੇ ਤੋੜਿਆ ਦਮ

ਚੰਡੀਗੜ੍ਹ 18 ਅਗਸਤ। ਸੈਕਟਰ-43 ਜ?ਿਲ੍ਹਾ ਅਦਾਲਤ ਦੇ ਨੇੜੇ ਤੇਜ ਰਫਤਾਰ ਥਾਰ ਚਾਲਕ ਇਕ ਰੇਹੜੀ ਚਾਲਕ ਨੂੰ ਟੱਕਰ ਮਾਰ ਕੇ ਫਰਾਰ ਹੋ ਗਿਆ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਰੇਹੜੀ ਚਾਲਕ ਨੂੰ ਤੁਰੰਤ ਸੈਕਟਰ-16 ਜਨਰਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ, ਜਿਥੇ ਡਾਕਟਰਾਂ ਵਲੋਂ ਮ੍ਰਿਤਕ ਐਲਾਨ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਸੰਤੋਸ਼ ਸਰੂਪ ਵਾਸੀ ਕਜੇਹੜੀ ਦੇ ਰੂਪ ਵਿਚ ਹੋਈ ਹੈ। ਸੈਕਟਰ-36 ਥਾਣਾ ਪੁਲਸ ਨੇ ਮੌਕੇ 'ਤੇ ਫਰਾਰ ਥਾਰ ਚਾਲਕ ਖ?ਿਲਾਫ ਲਾਪਰਵਾਹੀ ਨਾਲ ਗੱਡੀ ਚਲਾਉਣ ਅਤੇ ਗੈਰ-ਇਰਾਤਦਨ ਕਤਲ ਦਾ ਮਾਮਲਾ ਦਰਜ ਕੀਤਾ ਹੈ। ਪੁਲਸ ਸੀ.ਸੀ.ਟੀ.ਵੀ. ਕੈਮਰਿਆਂ ਦੀ ਮਦਦ ਨਾਲ ਫਰਾਰ ਚਾਲਕ ਦੀ ਭਾਲ ਕਰ ਰਹੀ ਹੈ। ਜਾਣਕਾਰੀ ਅਨੁਸਾਰ ਬੀਤੀ ਰਾਤ ਰੇਹੜੀ ਚਾਲਕ ਸੰਤੋਸ਼ ਸਰੂਪ ਆਪਣੇ ਘਰ ਵੱਲ ਜਾ ਰਿਹਾ ਸੀ। ਜਦੋਂ ਉਹ ਸੈਕਟਰ-43 ਜ?ਿਲਾ ਅਦਾਲਤ ਦੇ ਪਿੱਛੇ ਸੜਕ 'ਤੇ ਪਹੁੰਚਿਆ ਤਾਂ ਤੇਜ ਰਫਤਾਰ ਥਾਰ ਚਾਲਕ ਉਸ ਦੀ ਰੇਹੜੀ ਨੂੰ ਟੱਕਰ ਮਾਰ ਕੇ ਫਰਾਰ ਹੋ ਗਿਆ। ਟੱਕਰ ਵੱਜਣ ਕਾਰਨ ਰੇਹੜੀ ਚਾਲਕ ਗੰਭੀਰ ਜਖਮੀ ਹੋ ਗਿਆ। ਰਾਹਗੀਰਾਂ ਨੇ ਹਾਦਸੇ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਖਮੀ ਹੋਏ ਰੇਹੜੀ ਚਾਲਕ ਨੂੰ ਹਸਪਤਾਲ ਦਾਖਲ ਕਰਵਾਇਆ, ਜਿੱਥੇ ਡਾਕਟਰਾਂ ਨੇ ਜਖਮੀ ਨੂੰ ਮ੍ਰਿਤਕ ਐਲਾਨ ਦਿੱਤਾ। ਸੈਕਟਰ-36 ਥਾਣਾ ਦੀ ਪੁਲਸ ਨੇ ਟੱਕਰ ਮਾਰਨ ਵਾਲੇ ਥਾਰ ਚਾਲਕ ਖ?ਿਲਾਫ ਮਾਮਲਾ ਦਰਜ ਕਰਕੇ ਮੁਲਜਮ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

### ਪਤਨੀ ਨੂੰ ਸ਼ਰੀਕੇ 'ਚ ਰਹਿੰਦਾ ਵਿਅਕਤੀ ਕਰਦਾ ਸੀ ਪ੍ਰੇਸ਼ਾਨ

ਬਟਾਲਾ 18 ਅਗਸਤ। ਪਤਨੀ ਨੂੰ ਤੰਗ ਕਰਨ ਵਾਲੇ ਵਿਅਕਤੀ ਤੋਂ ਦੁਖੀ ਹੋ ਕੇ ਪਤੀ ਵਲੋਂ ਜ਼ਹਿਰੀਲੀ ਦਵਾਈ ਖਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰਨ ਦਾ ਦੁਖਦਾਈ ਸਮਾਚਾਰ ਮਿਲਿਆ ਹੈ। ਜਾਣਕਾਰੀ ਦਿੰਦਿਆਂ ਪੁਲਸ ਚੌਕੀ ਹਰਚੋਵਾਲ ਦੇ ਏ.ਐੱਸ.ਆਈ. ਸਰਵਣ ਸਿੰਘ ਨੇ ਦੱਸਿਆ ਕਿ ਬਿੰਦਰ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਔਲਖ ਖੁਰਦ ਦੀ ਪਤਨੀ ਅਮਨ ਕੌਰ ਨੂੰ ਉਨ੍ਹਾਂ ਦੇ ਸ਼ਰੀਕੇ ਵਿਚ ਰਹਿੰਦੇ ਵਿਅਕਤੀ ਮੰਗਾ ਪੁੱਤਰ ਅਜੀਤ ਮਸੀਹ ਅਕਸਰ ਤੰਗ ਪ੍ਰੇਸ਼ਾਨ ਕਰਦਾ ਸੀ ਅਤੇ ਅਕਸਰ ਬਿੰਦਰ ਸਿੰਘ ਇਸ ਨੂੰ ਅਜਿਹਾ ਕਰਨ ਤੋਂ ਰੋਕਦਾ ਸੀ । ਜਦੋਂ ਉਕਤ ਵਿਅਕਤੀ ਨਹੀਂ ਹੱਟਿਆ ਤਾਂ ਦੁਖੀ ਹੋ ਕੇ ਅਮਨ ਕੌਰ ਆਪਣੇ ਪੇਕੇ ਘਰ ਚਲੀ ਗਈ, ਜਿਸ ਦੇ ਬਾਅਦ ਬਿੰਦਰ ਸਿੰਘ ਨੇ ਉਕਤ ਵਿਅਕਤੀ ਤੋਂ ਦੁਖੀ ਹੋ ਕੇ ਜ਼ਹਿਰੀਲੀ ਦਵਾਈ ਖਾ ਲਈ, ਜਿਸ ਨਾਲ ਇਸ ਦੀ ਸਿਹਤ ਖਰਾਬ ਹੋ ਗਈ ਤਾਂ ਇਸ ਨੂੰ ਪਰਿਵਾਰ ਵਾਲਿਆਂ ਨੇ ਇਲਾਜ ਲਈ ਸਿਵਲ ਹਸਪਤਾਲ ਵਿਖੇ ਲਿਆਂਦਾ, ਜਿਥੇ ਇਸ ਦੀ ਮੌਤ ਹੋ ਗਈ। ਚੌਕੀ ਇੰਚਾਰਜ ਨੇ ਦੱਸਿਆ ਕਿ ਮ੍ਰਿਤਕ ਬਿੰਦਰ ਸਿੰਘ ਦੇ ਭਰਾ ਹਰਪ੍ਰੀਤ ਸਿੰਘ ਦੇ ਬਿਆਨਾਂ 'ਤੇ ਮੰਗਾ ਵਿਰੁੱਧ ਕੇਸ ਦਰਜ ਕਰ ਦਿੱਤਾ ਗਿਆ ਹੈ ਅਤੇ ਮ੍ਰਿਤਕ ਦੀ ਲਾਸ਼ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਟਾਲਾ ਵਿਖੇ ਭੇਜ ਦਿੱਤੀ ਗਈ ਹੈ।

## ਉਮਰ ਭਰ ਸਾਥ ਦੇਣ ਲਈ ਘਰੋਂ ਭੱਜ ਕੇ ਕਰਾਇਆ ਵਿਆਹ, 25ਵੇਂ ਦਿਨ ਪਤਨੀ ਦਾ ਕਰ 'ਤਾ ਕਤਲ

ਕੋਟਾ 18 ਅਗਸਤ। ਰਾਜਸਥਾਨ ਦੇ ਝਾਲਾਵਾੜ ਜ?ਿਲੇ 'ਚ ਇਕ 22 ਸਾਲਾ ਵਿਅਕਤੀ ਨੇ ਘਰੋਂ ਭੱਜ ਕੇ ਵਿਆਹ ਕਰਵਾਉਣ ਤੋਂ 1 ਮਹੀਨੇ ਤੋਂ ਵੀ ਘੱਟ ਸਮੇਂ ਬਾਅਦ ਝਗੜੇ ਨੂੰ ਲੈ ਕੇ ਕਥਿਤ ਤੌਰ 'ਤੇ ਆਪਣੀ ਪਤਨੀ ਦਾ ਤੇਜਧਾਰ ਹਥਿਆਰ ਨਾਲ ਕਤਲ ਕਰ ਦਿੱਤਾ। ਪੁਲਸ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਡਾਂਗੀਪੁਰਾ ਥਾਣਾ ਖੇਤਰ ਦੇ ਗੋਗਾੜੀ ਪਿੰਡ ਨਿਵਾਸੀ ਰਾਜਾਰਾਮ ਤੰਵਰ ਨੇ ਆਪਣੇ ਸਹੁਰੇ ਨੂੰ ਫੋਨ ਕਰਕੇ ਕਤਲ ਦੀ ਸੂਚਨਾ ਦਿੱਤੀ ਤੇ ਫਰਾਰ ਹੋ ਗਿਆ। ਪੁਲਸ ਨੇ ਦੱਸਿਆ ਕਿ ਰਾਜਾਰਾਮ ਦੀ ਪਿਛਲੇ ਸਾਲ ਪੰਚਪਿਪਲੀ ਪਿੰਡ ਦੀ ਰਹਿਣ ਵਾਲੀ ਸੁਨੀਤਾ ਨਾਲ ਮੰਗਣੀ ਹੋਈ ਸੀ ਪਰ ਸੁਨੀਤਾ ਦੇ ਪਰਿਵਾਰ ਨੇ ਵਿਆਹ ਨੂੰ ਰੱਦ ਕਰ ਦਿੱਤਾ ਸੀ। ਹਾਲਾਂਕਿ ਦੋਵੇਂ ਇਕ-ਦੂਜੇ ਦੇ ਸੰਪਰਕ 'ਚ ਰਹੇ ਤੇ ਘਰੋਂ ਭੱਜ ਕੇ 10 ਫਰਵਰੀ ਨੂੰ ਇਕ ਮੰਦਰ 'ਚ ਵਿਆਹ ਕਰਵਾ ਲਿਆ, ਜਿਸ ਤੋਂ ਬਾਅਦ ਸੁਨੀਤਾ ਦੇ ਪਰਿਵਾਰ ਵਾਲਿਆਂ ਨੇ ਉਨ੍ਹਾਂ ਦੇ ਰਿਸਤੇ ਨੂੰ ਸਵੀਕਾਰ ਕਰ ਲਿਆ। ਡਾਂਗੀਪੁਰਾ ਥਾਣਾ ਇੰਚਾਰਜ (ਐੱਸ. ਐੱਚ. ਓ.) ਸਤਿਆਨਾਰਾਇਣ ਗੋਚਰ ਨੇ ਦੱਸਿਆ ਕਿ ਸੋਮਵਾਰ ਸਾਮ ਕਰੀਬ 5 ਵਜੇ ਨਸ਼ੇ 'ਚ ਧੁੱਤ



ਰਾਜਾਰਾਮ ਦਾ ਸੁਨੀਤਾ ਨਾਲ ਝਗੜਾ ਹੋ ਗਿਆ, ਇਸ ਤਕਰਾਰ ਦੌਰਾਨ ਰਾਜਾਰਾਮ ਨੇ ਸੁਨੀਤਾ ਦੇ ਸਿਰ 'ਤੇ ਤੇਜਧਾਰ ਹਥਿਆਰ ਨਾਲ ਵਾਰ ਕੀਤਾ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਐੱਸ. ਐੱਚ. ਓ. ਨੇ ਦੱਸਿਆ ਕਿ ਸੁਨੀਤਾ ਦਾ ਕਤਲ ਕਰਨ ਤੋਂ ਬਾਅਦ ਰਾਜਾਰਾਮ ਨੇ ਉਸ ਦੇ ਪਿਤਾ ਨੂੰ ਫੋਨ ਕਰਕੇ ਘਟਨਾ ਦੀ ਜਾਣਕਾਰੀ ਦਿੱਤੀ ਤਾਂ ਸੁਨੀਤਾ ਦੇ ਪਿਤਾ ਨੇ ਪੁਲਸ ਨੂੰ ਸੂਚਨਾ ਦਿੱਤੀ। ਐੱਸ. ਐੱਚ. ਓ. ਗੋਚਰ ਨੇ ਦੱਸਿਆ ਕਿ ਰਾਜਾਰਾਮ ਸਰਾਬ ਪੀਣ ਦਾ ਆਦੀ ਸੀ ਤੇ ਵਿਆਹ ਤੋਂ ਬਾਅਦ ਤੋਂ ਹੀ ਉਸ ਦਾ ਪਤਨੀ ਨਾਲ ਝਗੜਾ ਚੱਲ ਰਿਹਾ ਸੀ। ਐੱਸ. ਐੱਚ. ਓ. ਨੇ ਦੱਸਿਆ ਕਿ ਸੁਨੀਤਾ ਦੇ ਪਿਤਾ ਦੀ ਸ?ਿਕਾਇਤ ਦੇ ਆਧਾਰ 'ਤੇ ਰਾਜਾਰਾਮ ਖ?ਿਲਾਫ ਕਤਲ ਦਾ ਕੇਸ ਦਰਜ ਕਰਕੇ ਉਸ ਦੀ ਗ੍ਰਿਫਤਾਰੀ ਲਈ ਕੋਸ?ਿਸਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੋਸਟਮਾਰਟਮ ਤੋਂ ਬਾਅਦ ਲਾਸ ਸੁਨੀਤਾ

## ਸਰਹੱਦੀ ਖੇਤਰ 'ਚ ਇਕ ਘਰ ਦੀ ਡਿੱਗੀ ਛੱਤ, ਵਾਲ-ਵਾਲ ਬਚਿਆ ਪਰਿਵਾਰ

ਬਮਿਆਲ/ਦੀਨਾਨਗਰ 18 ਅਗਸਤ। ਸਰਹੱਦੀ ਖੇਤਰ ਦੇ ਕਸਬਾ ਨਰੋਟ ਜੈਮਲ ਸਿੰਘ ਦੀ ਵਾਰਡ ਨੰ: 2 'ਚ ਇਕ ਪਰਿਵਾਰ ਦੇ ਘਰ ਦੇ ਕਮਰੇ ਦੀ ਛੱਤ ਡਿੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਘਟਨਾ ਦੌਰਾਨ ਪਰਿਵਾਰਕ ਮੈਂਬਰ ਉਸ ਸਮੇਂ ਕਮਰੇ ਦੇ ਬਾਹਰ ਚੁੱਲ੍ਹੇ 'ਤੇ ਚਾਹ ਪੀਣ ਲਈ ਬੈਠੇ ਹੋਏ ਸਨ, ਜਿਸ ਕਾਰਨ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਇਸ ਹਾਦਸੇ ਕਾਰਨ ਕਮਰੇ 'ਚ ਰੱਖਿਆ ਸਾਰਾ ਸਾਮਾਨ ਬਹੁਤ ਬੁਰੀ ਤਰ੍ਹਾਂ ਨਾਲ ਟੁੱਟ ਗਿਆ। ਜਾਣਕਾਰੀ ਦਿੰਦੇ ਹੋਏ ਨਰੋਟ ਜੈਮਲ ਸਿੰਘ ਵਾਸੀ ਬੋਧਰਾਜ ਨੇ ਦੱਸਿਆ ਕਿ ਪਰਿਵਾਰ ਦੇ ਮੈਂਬਰ ਕੁਝ ਮਿੰਟ ਪਹਿਲਾਂ ਹੀ ਕਮਰੇ ਵਿੱਚੋਂ ਬਾਹਰ ਆਏ ਸਨ ਅਤੇ ਅਚਾਨਕ ਕਮਰੇ ਦੀ ਛੱਤ ਡਿੱਗ ਗਈ ਜਿਸ ਕਾਰਨ ਘਰ ਦਾ ਸਾਰਾ ਕੀਮਤੀ ਸਾਮਾਨ ਬਹੁਤ ਬੁਰੀ ਤਰ੍ਹਾਂ ਨਾਲ ਖਰਾਬ ਹੋ ਗਿਆ ਹੈ। ਬੋਧ ਰਾਜ ਨੇ ਦੱਸਿਆ ਕਿ ਉਹ ਸਬਜ਼ੀ ਦੀ ਰੇਹੜੀ ਲਗਾਕੇ ਆਪਣੇ ਘਰ ਦਾ ਗੁਜਾਰਾ ਚਲਾ ਰਿਹਾ ਹੈ । ਉਨ੍ਹਾਂ ਨੇ ਪ੍ਰਸਾਸਨ ਤੋਂ ਮੰਗ ਕੀਤੀ ਹੈ ਕਿ ਉਸ ਦੀ ਆਰਥਿਕ ਮਦਦ ਕੀਤੀ ਜਾਵੇ, ਤਾਂ ਕਿ ਮੁੜ ਰਹਿਣ ਬਸੇਰਾ ਕਰਨ ਲਈ ਛੱਤ ਪਾ ਕੇ ਰਹਿਣ ਸੱਕਣ।

## ਫਾਹਾ ਲੈ ਕੇ ਇਕ ਵਿਅਕਤੀ ਨੇ ਆਤਮ ਹੱਤਿਆ ਕੀਤੀ, ਪਤਨੀ ਸਮੇਤ ਸਹੁਰੇ ਪਰਿਵਾਰ ਦੇ 6 ਲੋਕ ਨਾਮਜਦ

ਜਲਾਲਾਬਾਦ 18 ਅਗਸਤ। ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਇਕ ਵਿਅਕਤੀ ਦੇ ਫਾਹਾ ਲੈ ਕੇ ਆਤਮ ਹੱਤਿਆ ਕਰਨ ਦੇ ਸਬੰਧ ਵਿਚ ਪਤਨੀ ਸਮੇਤ ਸਹੁਰੇ ਪਰਿਵਾਰ ਦੇ 6 ਲੋਕਾਂ 'ਤੇ ਪਰਚਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮੁਦੱਈ ਕੈਲਾਸ਼ ਰਾਣੀ ਪਤਨੀ ਸੁਰਜੀਤ ਸਿੰਘ ਵਾਸੀ ਮੋਹਕਮ ਅਰਾਈਆ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਸਦਾ ਲੜਕਾ ਚਰਨਜੀਤ ਸਿੰਘ 12ਵੀਂ ਪਾਸ ਹੈ ਅਤੇ ਉਸਦਾ ਪਿੰਡ ਟਾਹਲੀਵਾਲਾ ਦੀ ਲੜਕੀ ਕੁਲਵਿੰਦਰ ਕੌਰ ਜੋਕਿ ਵਿਆਹੁਤਾ ਸੀ, ਜਿਸਦਾ ਇਕ ਬੱਚਾ ਵੀ ਹੈ ਅਤੇ ਤਲਾਕਸ਼ੁਦਾ ਹੈ, ਨਾਲ ਸਬੰਧ ਸੀ। ਉਸਦਾ ਲੜਕਾ ਚਰਨਜੀਤ ਸਿੰਘ ਅਤੇ ਕੁਲਵਿੰਦਰ ਕੌਰ ਆਪਸ ਵਿਚ ਗੱਲਬਾਤ ਕਰਦੇ ਸੀ। ਕਰੀਬ 2 ਸਾਲ ਤੋਂ ਲਿਵਿੰਗ ਰਿਲੇਸ਼ਨ ਵਿਚ ਰਹਿੰਦੇ ਸੀ ਅਤੇ ਮਿਤੀ 18-02-2024 ਨੂੰ ਉਸਦੇ ਲੜਕੇ ਚਰਨਜੀਤ ਸਿੰਘ ਨੂੰ ਕੁਲਵਿੰਦਰ ਕੌਰ ਆਪਣੇ ਪੇਕਿਆਂ ਤੇ ਗਈ। ਉਸਦਾ ਲੜਕਾ ਆਪਣੇ ਘਰ ਵਾਪਸ ਆ ਗਿਆ ਸੀ ਜਦਕਿ ਕੁਲਵਿੰਦਰ ਕੌਰ ਆਪਣੇ ਪੇਕਿਆਂ ਦੇ ਰਹਿ ਗਈ। ਉਸ ਦਿਨ ਚਰਨਜੀਤ ਸਿੰਘ ਤੇ ਸਹੁਰੇ ਨੇ ਕੁਲਵਿੰਦਰ ਕੌਰ ਦੀ ਘਰ ਵਾਪਸੀ ਨੂੰ ਲੈ ਕੇ ਝਗੜਾ ਵੀ ਕੀਤਾ ਸੀ ਅਤੇ ਮਿਤੀ 6 ਮਾਰਚ 2024 ਨੂੰ ਉਸਦਾ ਲੜਕਾ ਚਰਨਜੀਤ ਸਿੰਘ ਆਪਣੀ ਘਰਵਾਲੀ ਕੁਲਵਿੰਦਰ ਕੌਰ ਨੂੰ ਲੈਣ ਲਈ ਪਿੰਡ ਟਾਹਲੀਵਾਲਾ ਗਿਆ, ਜਿੱਥੇ ਲੜਕੀ ਕੁਲਵਿੰਦਰ ਕੌਰ ਨੂੰ ਨਾ ਭੇਜਣ ਨੂੰ ਲੈ ਕੇ ਮੰਗਲ ਸਿੰਘ ਵਗੈਰਾ ਨੇ ਉਸਦੇ ਲੜਕੇ ਚਰਨਜੀਤ ਸਿੰਘ ਨਾਲ ਲੜਾਈ ਝਗੜਾ ਕਰਕੇ ਕਿਹਾ ਕਿ ਅਸੀਂ ਲੜਕੀ ਨਹੀਂ ਭੇਜਣੀ ਤੂੰ ਜਿੱਥੇ ਮਰਜੀ ਜਾ ਕੇ ਫਾਹਾ ਲੈ ਕੇ ਮਰ ਜਾ। ਇਸ 'ਤੇ ਮੇਰੇ ਲੜਕੇ ਚਰਨਜੀਤ ਸਿੰਘ ਨੇ ਘਰ ਆ ਕੇ ਫਾਹਾ ਲੈ ਕੇ ਆਤਮ ਹੱਤਿਆ ਕਰ ਲਈ। ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਮੁਦੱਈ ਕੈਲਾਸ਼ ਰਾਣੀ ਪਤਨੀ ਸੁਰਜੀਤ ਸਿੰਘ ਵਾਸੀ ਮੋਹਕਮ ਅਰਾਈਆ ਦੇ ਬਿਆਨਾਂ ਦੇ ਅਧਾਰ 'ਤੇ ਕੁਲਵਿੰਦਰ ਕੌਰ ਪੁਤਰੀ ਮੰਗਲ ਸਿੰਘ, ਮੰਗਲ ਸਿੰਘ, ਰਮਨ ਪੁੱਤਰ ਮੰਗਲ ਸਿੰਘ, ਕੈਲਾਸ਼ ਕੌਰ ਪਤਨੀ ਮੰਗਲ ਸਿੰਘ, ਜੋਤੀ ਪੁੱਤਰ ਮੰਗਲ ਸਿੰਘ ਅਤੇ ਕਾਜਲ ਪੁੱਤਰੀ ਮੰਗਲ ਸਿੰਘ ਵਾਸੀਆਨ ਟਾਹਲੀਵਾਲਾ ਦੇ ਖ?ਿਲਾਫ ਧਾਰਾ 306 ਆਈਪੀਸੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

### ਬਟਾਲਾ ਦੇ ਅਚਲੇਸਵਰ ਮੰਦਰ ਵਿਖੇ ਮਹਾਸਿਵਰਾਤਰੀ ਦੇ ਮੌਕੇ ਭਗਤਾਂ ਦੀਆਂ ਲੱਗੀਆਂ ਰੌਣਕਾਂ

ਬਟਾਲਾ 18 ਅਗਸਤ। ਬਟਾਲਾ ਦੇ ਅਚਲੇਸਵਰ ਮੰਦਰ ਵਿਖੇ ਮਹਾਸ?ਿਵਰਾਤਰੀ ਦੇ ਮੌਕੇ ਭਗਤਾਂ ਦੀਆਂ ਰੌਣਕਾਂ ਲੱਗੀਆਂ ਹੋਈਆਂ ਹਨ। ਇਸ ਮੌਕੇ ਭਗਤ ਭੋਲੇ ਨਾਥ ਦੀ ਪੂਜਾ ਕਰਨ ਲਈ ਵੱਡੀ ਗਿਣਤੀ 'ਚ ਸਾਮਲ ਹੋਏ। ਅਚਲੇਸਵਾਰ ਮੰਦਰ ਉਹ ਸਥਾਨ ਹੈ, ਜਿੱਥੇ ਭਗਵਾਨ ਸ?ਿਵ ਆਪਣੇ ਪਰਿਵਾਰ ਅਤੇ 33 ਕਰੋੜ ਦੇਵੀ-ਦੇਵਤਿਆਂ ਨਾਲ ਆਏ ਸਨ । ਉੱਥੇ ਵੀ ਸ?ਿਵਰਾਤਰੀ ਦਾ ਦਿਹਾੜਾ ਇਥੇ ਪੂਰੀ ਸਰਧਾ ਨਾਲ ਮਨਾਇਆ ਜਾ ਰਿਹਾ ਹੈ। ਉਥੇ ਹੀ ਖਾਸ ਇਹ ਹੈ ਕਿ ਇਸ ਸਥਾਨ 'ਤੇ ਗੁਰਦੁਆਰਾ ਸ੍ਰੀ ਅਚਲ ਸਾਹਿਬ ਵੀ ਹੈ

### ਪਿੰਡ ਦੇ ਵਿਕਾਸ ਕਾਰਜਾਂ ਦੀਆਂ ਗ੍ਰਾਂਟਾਂ 'ਚ ਕਰੋੜਾਂ ਦਾ ਗਬਨ ਕਰਨ ਵਾਲੇ 5 ਪੰਚਾਇਤ ਮੈਂਬਰਾਂ ਦਾ ਪਰਦਾਫਾਸ਼

ਚੰਡੀਗੜ੍ਹ 18 ਅਗਸਤ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਵੀਰਵਾਰ ਨੂੰ ਗੁਰਮੇਜ ਸਿੰਘ ਅਤੇ ਜਵਾਲਾ ਸਿੰਘ (ਦੋਵੇਂ ਸਾਬਕਾ ਸਰਪੰਚ), ਨਿਰਵੈਲ ਸਿੰਘ, ਕਾਬੁਲ ਸਿੰਘ ਅਤੇ ਗੁਰਬੀਰ ਸਿੰਘ (ਦੋਵੇਂ ਸਾਬਕਾ ਮੈਂਬਰ) ਨੂੰ ਗ੍ਰਾਮ ਪੰਚਾਇਤ ਬੇਨਕਾ, ਜ਼ਿਲ੍ਹਾ ਤਰਨਤਾਰਨ ਦੇ ਵਿਕਾਸ ਲਈ ਮਿਲੀ ਸਰਕਾਰੀ ਗਰਾਂਟ ਦੀ ਦੁਰਵਰਤੋਂ ਕਰਨ ਲਈ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸਾਬਕਾ ਪੰਚਾਇਤ ਮੈਂਬਰਾਂ ਖਿਲਾਫ ਇਹ ਕੇਸ ਪਿੰਡ ਬੇਨਕਾ ਦੇ ਵਸਨੀਕ ਸ਼ੁਬੇਗ ਸਿੰਘ ਵੱਲੋਂ ਬਿਊਰੋ ਨੂੰ ਦਰਜ ਕਰਵਾਈ ਸ਼ਿਕਾਇਤ ਦੇ ਅਧਾਰ 'ਤੇ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਤੋਂ ਪੁੱਛਗਿੱਛ ਦੌਰਾਨ ਪਤਾ ਲੱਗਾ ਹੈ ਕਿ ਉਕਤ ਦੋਸ਼ੀਆਂ ਨੇ ਪਿੰਡ ਬੇਨਕਾ ਦੇ ਪੰਚਾਇਤ ਮੈਂਬਰਾਂ ਵਜੋਂ ਆਪਣੇ ਕਾਰਜਕਾਲ ਦੌਰਾਨ ਸਰਕਾਰੀ ਫੰਡਾਂ ਚੋਂ 1,66,95,153 ਰੁਪਏ ਦਾ ਗਬਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਪੰਜਾਂ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

### ਵਿਧਾਨਸਭਾ 'ਚ ਵਿਧਾਇਕਾਂ ਨੇ ਚੁੱਕੀ ਅਫੀਮ ਦੀ ਖੇਤੀ ਦੀ ਮੰਗ

ਚੰਡੀਗੜ੍ਹ 18 ਅਗਸਤ। ਵਿਧਾਨਸਭਾ ਸੈਸ਼ਨ 'ਚ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਕੋਲ ਸਵਾਲ ਪੁੱਛਿਆ ਗਿਆ ਕਿ ਸਰਕਾਰ ਸਿੰਥੈਟਿਕ ਡਰੱਗ ਨੂੰ ਠੱਲ੍ਹ ਪਾਉਂਣ ਲਈ ਪੰਜਾਬ 'ਚ ਪੋਸਤ ਦੀ ਖੇਤੀ ਕਰਨ ਦਾ ਵਿਚਾਰ ਰੱਖਦੀ ਹੈ ਜਾਂ ਨਹੀਂ ਅਤੇ ਜੇਕਰ ਰੱਖਦੀ ਹੈ ਤਾਂ ਕਦੋਂ ਇਸ ਨੂੰ ਸ਼ੁਰੂ ਕਰਨ ਦੀ ਸੰਭਾਵਨਾ ਹੈ ? ਇਸ ਦੌਰਾਨ ਹੱਸਦੇ ਹੋਏ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਕਿਹਾ ਕਿ ਇਸ ਸਵਾਲ 'ਤੇ ਸਭ ਦੇ ਚਿਹਰੇ ਖੀੜ ਗਏ ਹਨ ਅਤੇ ਮੈਂ ਵੀ ਉਸ ਉਮਰ ਵੱਲ ਜਾ ਰਿਹਾ ਜਿੱਥੇ ਸ਼ਾਇਦ ਲੋੜ ਪੈ ਜਾਂਦੀ ਹੈ। ਇਸ ਤੋਂ ਬਾਅਦ ਸਵਾਲ ਦਾ ਜਵਾਬ ਦਿੰਦਿਆਂ ਮੰਤਰੀ ਨੇ ਕਿਹਾ ਫਿਲਹਾਲ ਸਰਕਾਰ ਦਾ ਇਸ ਦੀ ਖੇਤੀ ਕਰਨ ਦਾ ਕੋਈ ਇਰਾਦਾ ਨਹੀਂ ਹੈ, ਕਿਉਂਕਿ ਇਹ ਵੀ ਇਕ ਨਸ਼ਾ ਹੈ। ਇਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਜਦੋਂ ਤੁਹਾਨੂੰ ਸਮਾਂ ਮਿਲੇ ਤਾਂ ਇਹ ਵੀ ਦੱਸੋ ਕਿ ਪੰਜਾਬ 'ਚ ਪਹਿਲਾਂ ਅਫੀਮ ਦੇ ਠੇਕੇ ਹੁੰਦੇ ਸੀ

## ਸੋਸ਼ਲ ਮੀਡੀਆ ਦੇ ਆਦੀ ਨੌਜਵਾਨਾਂ ਨੂੰ ਲੈ ਕੇ ਵੱਡਾ ਖੁਲਾਸਾ, 4 ਹਫਤਿਆਂ 'ਚ ਆਦਤ 'ਤੇ ਇੰਝ ਪਾ ਸਕਦੇ ਹੋ ਕਾਬੂ

ਜਲੰਧਰ 18 ਅਗਸਤ। ਇਕ ਅਧਿਐਨ ਵਿਚ ਇਸ ਗੱਲ ਨੂੰ ਲੈ ਕੇ ਖੋਜ ਕੀਤੀ ਗਈ ਹੈ ਕਿ ਸੋਸਲ ਮੀਡੀਆ ਨੌਜਵਾਨਾਂ ਦੀ ਮਾਨਸਿਕ ਸਿਹਤ ਨੂੰ ਕਿਵੇਂ ਪ੍ਰਭਾਵਿਤ ਕਰਦਾ ਹੈ। 75 ਫੀਸਦੀ ਤੋਂ ਵੱਧ ਨੌਜਵਾਨ ਹਰ ਘੰਟੇ ਆਪਣੇ ਫੋਨ ਵੇਖਦੇ ਹਨ ਅਤੇ ਉਨ੍ਹਾਂ 'ਚੋਂ ਅੱਧੇ ਕਹਿੰਦੇ ਹਨ ਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਉਹ ਆਪਣੇ ਡਿਵਾਈਸਾਂ ਦੇ ਆਦੀ ਹੋ ਗਏ ਹਨ। ਖੋਜੀਆਂ ਦਾ ਕਹਿਣਾ ਹੈ ਕਿ ਸੋਸਲ ਮੀਡੀਆ ਦੀ ਆਦਤ ਨੂੰ 4 ਹਫਤਿਆਂ 'ਚ ਕਾਫੀ ਹੱਦ ਤੱਕ ਕੰਟਰੋਲ ਕੀਤਾ ਜਾ ਸਕਦਾ ਹੈ। ਕਈ ਲੋਕ ਸੋਸਲ ਮੀਡੀਆ ਦੀ ਆਦਤ ਦੀ ਤੁਲਨਾ ਸਿਗਰੇਟ ਨਾਲ ਕਰਦੇ ਹਨ। ਉਹ ਕਹਿੰਦੇ ਹਨ ਕਿ ਸੋਸਲ ਮੀਡੀਆ 'ਤੇ ਕਿੰਨੇ ਲਾਈਕ ਮਿਲੇ ਇਸ ਨੂੰ ਵੇਖਣ ਦੀ ਇੱਛਾ ਇਕ ਨਵੀਂ ਕਿਸਮ ਦੀ 'ਸਿਗਰਟਨੋਸ਼ੀ ਦੀ ਲਾਲਸਾ' ਹੈ। ਹੋਰਨਾਂ ਦਾ ਮੰਨਣਾ ਹੈ ਕਿ ਸੋਸਲ ਮੀਡੀਆ 'ਤੇ ਬੇਚੈਨੀ ਨਵੀਆਂ ਤਕਨੀਕਾਂ ਬਾਰੇ ਨੈਤਿਕ ਘਬਰਾਹਟ ਦਾ ਅਗਲਾ ਦੌਰ ਹੈ। ਖੋਜੀਆਂ ਨੇ ਸੋਸਲ ਮੀਡੀਆ ਦੀ ਵਰਤੋਂ ਕਰਨ ਦੇ ਹਵਾਲੇ ਦਿੰਦਿਆਂ ਕਿਹਾ ਹੈ ਕਿ ਉਹ ਟਿਕ-ਟਾਕ ਦੇ 1000 ਫੀਸਦੀ ਆਦੀ ਹਨ। ਕੁਝ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਚੰਗੀ ਤਰ੍ਹਾਂ ਅਹਿਸਾਸ ਹੈ ਕਿ ਇਹ ਉਨ੍ਹਾਂ ਦੇ ਦਿਮਾਗ 'ਤੇ ਕਬਜਾ ਕਰ ਰਿਹਾ ਹੈ ਪਰ ਉਹ ਇਸ ਤੋਂ ਦੂਰ ਨਹੀਂ ਹੋ ਸਕਦੇ ਹਨ। ਬਹੁਤ ਸਾਰੇ ਲੋਕ ਅਜੇ ਵੀ ਆਨਲਾਈਨ ਬਿਤਾਏ ਗਏ ਸਮੇਂ ਨੂੰ ਲੈਕੇ ਅਸਹਿਜ ਮਹਿਸੂਸ ਕਰਦੇ ਹਨ ਅਤੇ ਅਕਸਰ ਹੈਰਾਨ ਹੁੰਦੇ ਹਨ ਕਿ ਕੀ ਉਹ ਆਦੀ ਹਨ? ਸੋਸਲ ਮੀਡੀਆ ਦੀ ਵਰਤੋਂ 'ਤੇ 2010 ਦੇ ਦਹਾਕੇ ਦੇ ਸੁਰੂਆਤੀ ਅਧਿਐਨ ਸਰੀਰ 'ਤੇ ਪ੍ਰਭਾਵ, ਖਾਣ ਦੀਆਂ ਆਦਤਾਂ ਦੇ ਵਿਕਾਰ ਅਤੇ ਸਮਾਜਿਕ ਤੁਲਨਾ ਦੇ ਨਾਂਹਪੱਖੀ ਪ੍ਰਭਾਵ ਵਿਖਾਉਂਦੇ ਹਨ। ਇਸ ਦੇ ਉਲਟ ਹੋਰ ਅਧਿਐਨ ਸੋਸਲ ਮੀਡੀਆ ਦੇ



ਮਾਨਸਿਕ ਸਿਹਤ ਲਾਭਾਂ ਵੱਲ ਇਸਾਰਾ ਕਰਦੇ ਹਨ, ਜਿਸ ਵਿਚ ਸਮਾਜਿਕ ਤੰਦਰੁਸਤੀ, ਮਜਬੂਤ ਦੋਸਤੀ ਅਤੇ ਵੱਖ-ਵੱਖ ਨਜਰੀਆਂ ਦਾ ਸੌਖਾ ਹੋਣਾ ਸ਼ਾਮਲ ਹੈ। ਅਧਿਐਨ ਵਿਚ ਵੱਖ-ਵੱਖ ਕਿਸਮ ਦੀਆਂ ਸੋਸਲ ਮੀਡੀਆ ਆਦਤਾਂ ਵਾਲੇ 500 ਤੋਂ ਵੱਧ ਕਾਲਜ ਵਿਦਿਆਰਥੀਆਂ ਨੇ ਹਿੱਸਾ ਲਿਆ। ਵਿਦਿਆਰਥੀਆਂ ਨੇ ਸੋਸਲ ਮੀਡੀਆ ਨਾਲ ਆਪਣੇ ਮੌਜੂਦਾ ਸਬੰਧਾਂ 'ਤੇ ਵਿਚਾਰ ਕਰਕੇ ਸੁਰੂਆਤ ਕੀਤੀ ਅਤੇ ਫਿਰ ਉਨ੍ਹਾਂ ਤਬਦੀਲੀਆਂ ਲਈ ਟੀਚਾ ਨਿਰਧਾਰਤ ਕੀਤਾ, ਜੋ ਉਹ ਕਰਨਾ ਚਾਹੁੰਦੇ ਹਨ। ਇਸ ਵਿਚ ਬਿਨਾਂ ਸੋਚੇ-ਸਮਝੇ 'ਸਕ੍ਰਾਲ' ਕਰਨ ਵਿਚ ਘੱਟ ਸਮਾਂ ਬਿਤਾਉਣਾ, ਕਿਸੇ ਐਪ 'ਤੇ ਆਪਣੇ ਆਪ ਨੂੰ ਉਤੇਜਿਤ ਨਾ ਕਰਨਾ ਜਾਂ ਬੈੱਡਰੂਮ ਵਿਚ ਫੋਨ ਲੈ ਕੇ ਨਾ ਸੌਣਾ ਸਾਮਲ ਹੋ ਸਕਦਾ ਹੈ। 4 ਹਫਤਿਆਂ ਤੱਕ ਹਿੱਸਾ ਲੈਣ ਵਾਲੇ ਆਪਣੇ ਟੀਚਿਆਂ ਨੂੰ ਹਾਸਲ ਕਰਨ ਦੀ ਕੋਸ਼ਿਸ਼ ਵਿਚ ਮਿਲੀ ਸਫਲਤਾ ਦੀ ਜਾਣਕਾਰੀ ਦਿੰਦੇ ਹਨ। ਉਹ 'ਜਰਨਲਿੰਗ' (ਡਾਇਰੀ ਲਿਖਣ) ਅਤੇ ਮਿਆਰੀ ਮਨੋਵਿਗਿਆਨਕ ਸਰਵੇਖਣਾਂ ਰਾਹੀਂ ਆਪਣੀਆਂ ਭਾਵਨਾਵਾਂ ਅਤੇ ਅਨੁਭਵਾਂ ਨੂੰ ਦੱਸਦੇ ਹਨ, ਜੋ ਸੋਸਲ ਮੀਡੀਆ ਦੀ ਆਦਤ ਅਤੇ ਹੋਰ ਮਾਨਸਿਕ ਸਿਹਤ 'ਤੇ ਪੈਣ ਵਾਲੇ ਪ੍ਰਭਾਵਾਂ ਨੂੰ ਦਰਸਾਉਂਦੇ ਹਨ। ਮੁੱਢਲਾ ਸਰਵੇਖਣ ਸੰਕੇਤ ਕਰਦਾ ਹੈ ਕਿ 4 ਹਫਤਿਆਂ ਦੀ ਦਖਲਅੰਦਾਜੀ ਉਨ੍ਹਾਂ ਲੋਕਾਂ 'ਚ ਸੋਸਲ ਮੀਡੀਆ ਦੀ ਆਦਤ ਨੂੰ ਕਾਫੀ ਹੱਦ ਤੱਕ ਘੱਟ ਕਰ ਦਿੰਦੀ ਹੈ, ਜਿਨ੍ਹਾਂ ਨੇ ਸੋਸ਼ਲ ਮੀਡੀਆ ਦੀ ਆਦਤ ਦੇ ਸਮੱਸਿਆ ਵਾਲੇ ਜਾਂ ਕਲੀਨਿਕਲ ਪੱਧਰਾਂ ਤੋਂ ਸੁਰੂਆਤ ਕੀਤੀ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਖੇਤੀ ਕਰਜੇ ਦਾ ਬੋਝ ਨਾ ਸਹਾਰ ਸਕਿਆ ਕਿਸਾਨ, ਜ਼ਹਿਰੀਲੀ ਚੀਜ ਨਿਗਲ ਕੀਤੀ ਖੁਦਕੁਸ਼ੀ

ਭੀਖੀ 18ਅਗਸਤ।ਪੰਜਾਬ ਅੰਦਰ ਕਰਜ਼ੇ ਤੋਂ ਸਤਾਏ ਹੋਏ ਕਿਸਾਨਾਂ ਵੱਲੋਂ ਕੀਤੀਆਂ ਜਾ ਰਹੀਆਂ ਖੁਦਕੁਸ਼ੀਆਂ ਦਾ ਦੌਰ ਲਗਾਤਾਰ ਜਾਰੀ ਹੈ। ਇਸ ਦੌਰ ਦੇ ਤਹਿਤ ਅੱਜ ਨੇੜਲੇ ਪਿੰਡ ਕੋਟੜਾ ਕਲਾਂ ਦੇ ਇਕ ਕਿਸਾਨ ਪ੍ਰੀਤਮ ਸਿੰਘ ਨੇ ਕਰਜੇ ਦਾ ਬੋਝ ਨਾ ਸਹਾਰਦੇ ਹੋਏ ਖੇਤ 'ਚ ਖੁਦਕੁਸ਼ੀ ਕਰ ਲਈ। ਇਸ ਮਾਮਲੇ ਦੇ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਭੈਣੀਬਾਘਾ ਨੇ ਦੱਸਿਆ ਕਿ ਕੋਟੜਾ ਕਲਾਂ ਦਾ ਕਿਸਾਨ ਪ੍ਰੀਤਮ ਸਿੰਘ ਦੀ ਉਮਰ ਤਕਰੀਬਨ (55) ਸਾਲ ਹੈ। ਉਹਨਾਂ ਨੇ ਕਿਹਾ ਕਿ ਦਿਨੋਂ ਦਿਨ ਵੱਧ ਰਹੇ ਖੇਤੀ ਕਰਜੇ ਦਾ ਬੋਝ ਨਾ ਸਹਾਰਦੇ ਹੋਏ ਉਕਤ ਕਿਸਾਨ ਨੇ ਆਪਣੇ ਖੇਤ ਵਿਚ ਜ਼ਹਿਰੀਲੀ ਚੀਜ ਨਿਗਲ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਕਿਸਾਨ ਦੇ ਸਿਰ ਸਰਕਾਰੀ ਅਤੇ ਗੈਰ ਸਰਕਾਰੀ 8 ਲੱਖ ਰੁਪਏ ਦੇ ਕਰੀਬ ਕਰਜ਼ਾ ਸੀ। ਕਿਸਾਨ ਚਾਰ ਏਕੜ ਜ਼ਮੀਨ ਦਾ ਮਾਲਕ ਸੀ। ਮ੍ਰਿਤਕ ਆਪਣੇ ਪਿੱਛੇ ਦੋ ਪੁੱਤਰ ਅਤੇ ਪਤਨੀ ਨੂੰ ਛੱਡ ਗਿਆ। ਜਗਦੇਵ ਸਿੰਘ ਭੈਣੀਬਾਘਾ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਦੇ ਆਗੂ ਗੋਲ ਸਿੰਘ ਨੇ ਪੰਜਾਬ ਸਰਕਾਰ ਤੋਂ ਕਰਜਾ ਖਤਮ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਹਨਾਂ ਨੇ ਮ੍ਰਿਤਕ ਕਿਸਾਨ ਦੇ ਵਾਰਸਾਂ ਨੂੰ ਯੋਗ ਮੁਆਵਜਾ ਦੇਣ ਦੀ ਮੰਗ ਕਰਦਿਆਂ ਪੀੜਤ ਕਿਸਾਨ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ ਹੈ। ਦੂਜੇ ਪਾਸੇ ਪੁਲਸ ਥਾਣਾ ਭੀਖੀ ਦੇ ਜਾਂਚ ਅਧਿਕਾਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਿਸਾਨ ਪ੍ਰੀਤਮ ਸਿੰਘ ਦੇ ਪੁੱਤਰ ਜਸਵੀਰ ਸਿੰਘ ਦੇ ਬਿਆਨਾਂ 'ਤੋਂ 174 ਦੀ ਕਾਰਵਾਈ ਕਰਦੇ ਹੋਏ ਲਾਸ਼ ਵਾਰਿਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

# ਜਨਰਲ ਡੱਬੇ ਲਈ ਘਰ ਬੈਠੇ ਕਰ ਸਕੋਗੇ ਟਿਕਟ ਦੀ ਬੁਕਿੰਗ

ਜਲੰਧਰ, 18 ਅਗਸਤ। ਰੇਲਵੇ ਵੱਲੋਂ ਨਵੀਆਂ ਤਕਨੀਕਾਂ ਦੀ ਵਰਤੋਂ ਕਰਦਿਆਂ ਯਾਤਰੀ ਸਹੂਲਤਾਂ ਵਿਚ ਤੇਜੀ ਨਾਲ ਵਾਧਾ ਕੀਤਾ ਜਾ ਰਿਹਾ ਹੈ। ਇਸੇ ਲੜੀ ਵਿਚ ਰੇਲ ਵਿਭਾਗ ਵੱਲੋਂ ਜਨਰਲ ਡੱਬਿਆਂ ਵਿਚ ਯਾਤਰਾ ਕਰਨ ਵਾਲਿਆਂ ਲਈ ਵੱਡੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਇਸ ਤਹਿਤ ਟਰੇਨ ਦੇ ਜਨਰਲ ਡੱਬਿਆਂ (ਅਨਰਿਜਰਵਡ) ਵਿਚ ਯਾਤਰਾ ਕਰਨ ਵਾਲਿਆਂ ਲਈ ਘਰ ਬੈਠੇ ਟਿਕਟ ਬੁਕਿੰਗ ਦੀ ਸਹੂਲਤ ਬੁੱਧਵਾਰ ਤੋਂ ਸ਼ੁਰੂ ਕਰ ਦਿੱਤੀ ਗਈ ਹੈ। ਨਵੀਂ ਸਹੂਲਤ ਤਹਿਤ ਜਨਰਲ ਯਾਤਰੀਆਂ ਨੂੰ ਟਿਕਟ ਖਰੀਦਣ ਲਈ ਕਾਊਂਟਰ 'ਤੇ ਜਾਣ ਦੀ ਲੋੜ ਨਹੀਂ ਪਵੇਗੀ। ਉਹ ਆਪਣੇ ਮੋਬਾਇਲ ਫੋਨ ਰਾਹੀਂ ਟਿਕਟ ਦੀ ਬੁਕਿੰਗ ਕਰ ਸਕਣਗੇ। ਇਸ ਲਈ ਰੇਲ ਮੰਤਰਾਲੇ ਦੀ ਮੋਬਾਇਲ ਐਪਲੀਕੇਸ਼ਨ ਯੂ. ਟੀ. ਐੱਸ. ਆਨ ਮੋਬਾਇਲ ਨੂੰ ਆਪਣੇ ਮੋਬਾਇਲ ਦੇ ਪਲੇਅਸਟੋਰ ਤੋਂ ਡਾਊਨਲੋਡ ਕਰਨਾ ਹੋਵੇਗਾ। ਯੂ. ਟੀ. ਐੱਸ. (ਅਨਰਿਜਰਵਡ ਟਿਕਟਿੰਗ ਸਿਸਟਮ) ਦੀ ਐਪਲੀਕੇਸ਼ਨ ਡਾਊਨਲੋਡ ਹੋਣ ਮਗਰੋਂ ਖਪਤਕਾਰ ਨੂੰ ਆਪਣੀ ਭਾਸ਼ਾ ਦੀ ਚੋਣ ਕਰਨੀ ਹੋਵੇਗੀ ਅਤੇ ਇਸ ਤੋਂ ਬਾਅਦ ਪ੍ਰੋਸੈਸਿੰਗ ਸ਼ੁਰੂ ਹੋ ਜਾਵੇਗੀ। ਵਿਭਾਗ ਦੀ ਇਸ ਪਹਿਲ 'ਤੇ ਯਾਤਰੀਆਂ ਨੂੰ ਹਰ ਵਾਰ ਟਿਕਟ ਕਰਵਾਉਣ 'ਤੇ 3 ਫੀਸਦੀ ਦਾ ਬੋਨਸ ਮਿਲੇਗਾ। ਉਥੇ ਹੀ, ਲਾਈਨਾਂ ਵਿਚ ਲੱਗਣ ਤੋਂ ਨਿਜਾਤ ਮਿਲੇਗੀ। ਇਸ ਐਪਲੀਕੇਸ਼ਨ ਰਾਹੀ ਯਾਤਰੀ ਪੀ. ਐੱਨ. ਆਰ. ਸਟੇਟਸ, ਹੋਟਲ ਬੁਕਿੰਗ, ਟਰੇਨ ਦਾ ਰਨਿੰਗ ਸਟੇਟਸ, ਸੀਟਾਂ ਦੀ ਉਪਲੱਬਧਤਾ, ਅਲਟਰਨੇਟਿਵ ਟਰੇਨ ਸਮੇਤ ਵੱਖ-ਵੱਖ ਜਾਣਕਾਰੀਆਂ ਪ੍ਰਾਪਤ ਕਰ ਸਕਣਗੇ। ਇਸ ਤੋਂ ਪਹਿਲਾਂ ਵਿਭਾਗ ਵੱਲੋਂ ਜੀਓ ਫੈਂਸਿੰਗ ਸਿਸਟਮ ਲਾਗੂ ਕੀਤਾ ਗਿਆ ਸੀ, ਜਿਸ ਕਾਰਨ ਸਟੇਸ਼ਨ ਕੰਪਲੈਕਸ ਤੋਂ 5 ਕਿਲੋਮੀਟਰ ਦੇ ਅੰਦਰ ਟਿਕਟ ਬੁਕਿੰਗ ਕਰਨਾ ਸੰਭਵ ਹੋ ਸਕਦਾ ਸੀ। ਹੁਣ ਵਿਭਾਗ ਵੱਲੋਂ ਇਸ ਤਰ੍ਹਾਂ ਦੀਆਂ ਸਾਰੀਆਂ ਪਾਬੰਦੀਆਂ ਨੂੰ ਹਟਾ ਦਿੱਤਾ ਗਿਆ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਰੇਲ ਮੰਤਰਾਲਾ ਨੇ ਯਾਤਰੀਆਂ ਦੀ ਸਹੂਲਤ ਲਈ ਇਸ ਸਕੀਮ ਤੋਂ ਪਾਬੰਦੀ ਹਟਾ ਦਿੱਤੀ ਹੈ ਅਤੇ ਹਰ ਬੁਕਿੰਗ 'ਤੇ 3 ਫੀਸਦੀ ਬੋਨਸ ਮਿਲੇਗਾ। ਰੇਲਵੇ ਵੱਲੋਂ ਹਰ ਤਰ੍ਹਾਂ ਦੇ ਯਾਤਰੀਆਂ ਲਈ ਇਹ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤਹਿਤ ਯੂ. ਟੀ. ਐੱਸ. ਆਨ ਮੋਬਾਇਲ ਐਪ ਨੂੰ ਐਂਡਰਾਇਡ, ਆਈ. ਓ. ਐੱਸ. ਅਤੇ ਵਿੰਡੋਜ਼ ਆਪ੍ਰੇਟਿੰਗ ਸਿਸਟਮ 'ਤੇ ਮੁਫ਼ਤ ਡਾਊਨਲੋਡ ਕੀਤਾ ਜਾ ਸਕਦਾ ਹੈ। ਯੂ. ਟੀ. ਐੱਸ. ਆਨ ਮੋਬਾਈਲ ਐਪ 'ਤੇ ਆਨਲਾਈਨ ਪੇਮੈਂਟ ਲਈ ਬੈਂਕਿੰਗ ਜਾਂ ਆਰ. ਵਾਲੇਟ ਆਦਿ ਰਾਹੀਂ ਭੁਗਤਾਨ ਕਰਨ ਦਾ ਬਦਲ ਦਿੱਤਾ ਗਿਆ ਹੈ।




## ਨਾਬਾਲਗਾ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਦੋਸ਼ੀ ਨੂੰ 5 ਸਾਲ ਦੀ ਕੈਦ

ਲੁਧਿਆਣਾ 18ਅਗਸਤ।ਇਕ ਨਾਬਾਲਗ ਕੁੜੀ ਦੇ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਦੋਸ਼ 'ਚ ਵਧੀਕ ਸੈਸ਼ਨ ਜੱਜ ਅਮਰਜੀਤ ਸਿੰਘ ਦੀ ਅਦਾਲਤ ਨੇ ਹਰਗੋਬਿੰਦ ਨਗਰ ਨਿਵਾਸੀ ਪ੍ਰਦੀਪ ਕੁਮਾਰ ਨੂੰ 5 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ 22 ਮਾਰਚ 2022 ਨੂੰ ਪੁਲਸ ਥਾਣਾ ਹੈਬੋਵਾਲ 'ਚ ਕੇਸ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਮੁਤਾਬਕ ਉਕਤ ਮੁਲਜ਼ਮ ਉਸ ਦੀ ਬੱਚੀ 'ਤੇ ਬੁਰੀ ਨਜ਼ਰ ਰੱਖਦਾ ਸੀ, ਜਿਸ ਕਾਰਨ ਮੁਲਜ਼ਮ ਨੇ ਉਸ ਦੀ ਨਾਬਾਲਗ ਬੱਚੀ ਨਾਲ ਜਬਰ-ਜਨਾਹ ਕਰਨ ਦਾ ਯਤਨ ਕੀਤਾ ਪਰ ਬੱਚੀ ਵੱਲੋਂ ਰੌਲਾ ਪਾਉਣ 'ਤੇ ਮੁਲਜ਼ਮ ਮੌਕੇ 'ਤੇ ਭੱਜ ਗਿਆ। ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਕੇਸ ਦਰਜ ਕਰ ਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਕੇ ਅਦਾਲਤ 'ਚ ਪੇਸ਼ ਕੀਤਾ। ਦੋਵੇਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਉਕਤ ਸਜ਼ਾ ਸੁਣਾਈ।

## ਡਿਊਟੀ ਕਰਦੇ ਹੋਮਗਾਰਡ ਨੂੰ ਖੁਦ ਦੀ ਬੰਦੂਕ ਨਾਲ ਲੱਗੀ ਗੋਲੀ

ਫਿਰੋਜ਼ਪੁਰ 18ਅਗਸਤ।ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ 'ਚ ਡਿਊਟੀ 'ਤੇ ਤਾਇਨਾਤ ਪੰਜਾਬ ਹੋਮ ਗਾਰਡ ਦੇ ਜਵਾਨ ਬਲਵੀਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਝੋਕ ਰੋਡ ਜ਼ੀਰਾ ਦੀ ਡਿਊਟੀ ਦੌਰਾਨ ਆਪਣੀ ਹੀ ਬੰਦੂਕ ਨਾਲ ਗੋਲੀ ਲੱਗਣ ਕਾਰਨ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਪੰਜਾਬ ਹੋਮ ਗਾਰਡ ਦਾ ਜਵਾਨ ਬਲਵੀਰ ਸਿੰਘ 20 ਅਤੇ 21 ਮਈ ਦੀ ਦਰਮਿਆਨੀ ਰਾਤ ਨੂੰ ਜੇਲ੍ਹ ਦੇ ਟਾਵਰ ਨੰਬਰ ਇਕ 'ਤੇ ਡਿਊਟੀ ਕਰ ਰਿਹਾ ਸੀ।

# ਆਪਣੀ ਹਰਕਤਾਂ ਤੋਂ ਬਾਜ ਨਹੀਂ ਆ ਰਹੇ ਚੋਰ, ਕਾਰ 'ਚੋਂ ਉਡਾਇਆ ਲੈਪਟਾਪ, ਨਕਦੀ ਤੇ ਹੋਰ ਕੀਮਤੀ ਸਾਮਾਨ

ਤਰਨਤਾਰਨ 18 ਅਗਸਤ। ਅੰਮ੍ਰਿਤਸਰ-ਬਠਿੰਡਾ ਨੈਸ਼ਨਲ ਹਾਈਵੇ ਨਜ਼ਦੀਕ ਟੀ-ਪੁਆਇੰਟ ਸਰਹਾਲੀ ਰੋਡ ਵਿਖੇ ਇਕ ਵਪਾਰੀ ਦੀ ਕਾਰ 'ਚੋਂ ਚੋਰ ਵਲੋਂ ਲੈਪਟਾਪ, 20 ਹਜ਼ਾਰ ਰੁਪਏ ਦੀ ਨਕਦੀ, ਚੈੱਕ ਬੁੱਕ ਅਤੇ ਹੋਰ ਸਾਮਾਨ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਸਬੰਧੀ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਵਪਾਰੀ ਨੇ ਇਨਸਾਫ ਦੀ ਗੁਹਾਰ ਲਗਾਈ ਹੈ। ਜਾਣਕਾਰੀ ਦਿੰਦੇ ਹੋਏ ਅਮਿਤ ਮੈਦਾਨ ਪੁੱਤਰ ਜਗਦੀਸ਼ ਮੈਦਾਨ ਨਿਵਾਸੀ ਅੰਮ੍ਰਿਤਸਰ ਨੇ ਦੱਸਿਆ ਕਿ ਉਹ ਆਪਣੇ ਭਰਾ ਵੀਨਸ ਮੈਦਾਨ ਸਣੇ ਕਾਰ ਵਿਚ ਸਵਾਰ ਹੋ ਕੋਟਕਪੂਰਾ ਜਾ ਰਹੇ ਸਨ। ਜਦੋਂ ਉਹ ਤਰਨਤਾਰਨ ਨਜ਼ਦੀਕ ਪਿੰਡ ਅਲਾਦੀਨਪੁਰ ਟੀ ਪੁਆਇੰਟ ਵਿਖੇ ਪੁੱਜੇ ਤਾਂ ਉਨ੍ਹਾਂ ਦੀ ਕਾਰ ਦਾ ਟਾਇਰ ਪੰਚਰ ਹੋ ਗਿਆ। ਜਿਸ ਦੌਰਾਨ ਉਹ ਆਪਣੀ ਕਾਰ ਨੂੰ ਇਕ ਸਾਈਡ 'ਤੇ ਖੜੀ ਕਰਕੇ ਮਸ਼ੀਨ ਦੀ ਮਦਦ ਨਾਲ ਖੁਦ ਹਵਾ ਭਰਨ ਲੱਗ ਪਏ। ਇਸ ਦੌਰਾਨ ਇਕ ਚੋਰ ਵੱਲੋਂ ਕਾਰ ਦੇ ਪਿਛਲੇ ਦਰਵਾਜ਼ੇ ਨੂੰ ਖੋਲਦੇ ਹੋਏ ਪਿਛਲੀ ਸੀਟ ਉੱਪਰ ਪਏ ਬੈਗ, ਜਿਸ 'ਚ ਲੈਪਟਾਪ,




20 ਹਜ਼ਾਰ ਰੁਪਏ ਦੀ ਨਕਦੀ, ਚੈੱਕ ਬੁੱਕ, ਪਰਸ, ਏ. ਟੀ. ਐੱਮ. ਕਾਰਡ, ਡਰਾਈਵਿੰਗ ਲਾਈਸੈਂਸ ਆਦਿ ਜ਼ਰੂਰੀ ਕਾਗਜ਼ਾਤ ਮੌਜੂਦ ਸਨ ਨੂੰ ਚੋਰੀ ਕਰ ਲਿਆ ਗਿਆ। ਅਮਿਤ ਮੈਦਾਨ ਨੇ ਦੱਸਿਆ ਕਿ ਇਹ ਸਾਰੀ ਘਟਨਾ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਚੁੱਕੀ ਹੈ। ਉਨ੍ਹਾਂ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਇਨਸਾਫ ਦੀ ਗੁਹਾਰ ਲਗਾਈ ਹੈ ਅਤੇ ਦੋਸ਼ੀ ਖ਼ਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

# ਡੈਬਿਟ ਕਾਰਡ ਬਦਲ ਕੇ 49 ਹਜਾਰ 900 ਰੁਪਏ ਦੀ ਮਾਰੀ ਠੱਗੀ

ਕੋਟਫਤੂਹੀ 18ਅਗਸਤ।ਸਥਾਨਕ ਅੱਡਾ ਕੋਟ ਫਤੂਹੀ ਦੀ ਪੀ. ਐੱਨ. ਬੀ. ਬੈਂਕ ਦੇ ਏ. ਟੀ. ਐੱਮ. ਵਿਚੋਂ ਪਿੰਡ ਬਿੰਜੋਂ ਦੇ ਰਕਮ ਕਢਵਾਉਣ ਆਏ ਬਜੁਰਗ ਵਿਅਕਤੀ ਦਾ ਡੈਬਿਟ ਕਾਰਡ ਬਦਲ ਕੇ ਨੌਸਰਬਾਜ ਵੱਲੋਂ 49 ਹਜਾਰ 900 ਰੁਪਏ ਕਢਵਾਏ ਜਾਣ ਦੀ ਖਬਰ ਪ੍ਰਾਪਤ ਹੋਈ ਹੈ . ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਬਿੰਜੋ ਦੇ ਸੁਰਿੰਦਰ ਸਿੰਘ ਪੁੱਤਰ ਆਤਮਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਸ਼ਾਮ ਪੰਜ ਕੁ ਵਜੇ ਦੇ ਕਰੀਬ ਸਥਾਨਕ ਪੀ. ਐੱਨ. ਬੀ. ਬੈੱਕ. ਦੇ ਏ. ਟੀ. ਐੱਮ. ਵਿਚੋਂ ਆਪਣੇ ਡੈਬਿਟ ਕਾਰਡ ਰਾਹੀਂ ਰਕਮ ਕਢਵਾਉਣ ਆਇਆ ਤਾਂ ਉਸ ਦੇ ਪਿੱਛੇ ਇਕ ਹੋਰ 35 ਕੁ ਸਾਲ ਦਾ ਮੋਨਾ ਨੌਜਵਾਨ ਅੰਦਰ ਆ ਗਿਆ। ਜਦੋਂ ਮੈਂ ਆਪਣੀ ਰਕਮ ਕੱਢ ਕੇ ਵਾਪਸ ਜਾਣ ਲੱਗਾ ਤਾਂ ਉਸ ਨੌਜਵਾਨ ਨੇ ਮੈਨੂੰ ਕਿਹਾ ਤੁਸੀਂ ਆਪਣੀ ਸਲਿਪ ਕੱਢ ਲਓ, ਮੈਂ ਵੀ ਰਕਮ ਕਢਵਾਉਣੀ ਹੈ। ਉਸ ਨੇ ਮੈਨੂੰ ਗੱਲਾਂ ਵਿਚ ਉਲਝਾਅ ਕੇ ਮੇਰਾ ਡੈਬਿਟ ਕਾਰਡ ਬਦਲ ਲਿਆ ਤੇ ਮੌਕੇ ਤੋਂ ਫਰਾਰ ਹੋ ਗਿਆ। ਉਸ ਨੇ ਕੁਝ ਸਮੇਂ ਬਾਅਦ ਮੇਰੇ ਅਕਾਊਂਟ ਵਿਚੋਂ ਕਿਸੇ ਦੁਕਾਨ 'ਤੇ ਮੇਰਾ ਡੈਬਿਟ ਕਾਰਡ ਮਸੀਨ ਨਾਲ ਸਵੈਪ ਕਰ ਕੇ 49 ਹਜਾਰ 900 ਰੁਪਏ ਕਢਵਾ ਲਏ। ਮੌਕੇ ਮੈਂ ਬੈਂਕ ਮੁਲਾਜਮਾਂ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ ਤਾਂ ਉਨ੍ਹਾਂ ਨੇ ਮੇਰਾ ਖਾਤਾ ਤੇ ਮੇਰਾ ਡੈਬਿਟ ਕਾਰਡ ਬੰਦ ਕਰ ਕੇ ਵੱਡਾ ਨੁਕਸਾਨ ਹੋਣ ਤੋਂ ਬਚਾਅ ਕੀਤਾ। ਇਸ ਸਬੰਧ ਵਿਚ ਬੈਂਕ ਨੇ ਮੇਰੇ ਵੱਲੋ ਕੀਤੀ ਸਿ਼ਕਾਇਤ ਕ੍ਰਾਈਮ ਵਿਭਾਗ ਨੂੰ ਈ. ਮੇਲ ਦੁਆਰਾ ਭੇਜ ਦਿੱਤੀ ਹੈ।

# ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਢਾਈ ਕਿਲੋ ਹੈਰੋਇਨ ਬਰਾਮਦ

ਤਰਨਤਾਰਨ 18 ਅਗਸਤ। ਜ਼ਿਲ੍ਹੇ ਅਧੀਨ ਆਉਂਦੀ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਵੱਖ-ਵੱਖ ਇਲਾਕਿਆਂ ਵਿਚੋਂ ਥਾਣਾ ਵਲਟੋਹਾ ਦੀ ਪੁਲਸ ਨੇ ਕੁੱਲ ਢਾਈ ਕਿਲੋ ਹੈਰੋਇਨ ਬਰਾਮਦ ਕਰਨ ਵਿਚ ਵੱਡੀ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਥਾਣਾ ਵਲਟੋਹਾ ਦੀ ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ ਪਰਚਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਬਰਾਮਦ ਕੀਤੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ 12.5 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ। ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਸਰਹੱਦੀ ਇਲਾਕੇ ਵਿਚ ਪੁਲਸ ਵੱਲੋਂ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਖ਼ਿਲਾਫ ਸਖਤੀ ਨਾਲ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਥਾਣਾ ਵਲਟੋਹਾ ਦੇ ਮੁਖੀ ਸਬ ਇੰਸਪੈਕਟਰ ਸੁਨੀਤਾ ਰਾਣੀ ਵੱਲੋਂ ਸਮੇਤ ਪੁਲਸ ਪਾਰਟੀ ਪਿੰਡ ਸਕੱਤਰਾ ਵਿਖੇ ਗਸ਼ਤ ਕੀਤੀ ਜਾ ਰਹੀ ਸੀ, ਜਿਸ ਦੌਰਾਨ ਸਲਵਿੰਦਰ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ



ਸਕੱਤਰਾ ਨੇ ਇਤਲਾਹ ਦਿੱਤੀ ਕਿ ਉਸ ਦੇ ਖੇਤਾਂ ਵਿਚ ਇਕ ਪੈਕਟ ਡਿੱਗਾ ਹੋਇਆ ਹੈ, ਜਿਸ ਦੇ ਚੱਲਦਿਆਂ ਪੁਲਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਇਕ ਪੈਕਟ ਨੂੰ ਬਰਾਮਦ ਕੀਤਾ ਗਿਆ, ਜਿਸ ਨੂੰ ਖੋਲਣ ਦੌਰਾਨ ਉਸ ਵਿਚੋਂ ਦੋ ਕਿਲੋ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਏ. ਐੱਸ. ਆਈ. ਅਵਤਾਰ ਸਿੰਘ ਵੱਲੋਂ ਜਦੋਂ ਸਮੇਤ ਪੁਲਸ ਪਾਰਟੀ ਗਸ਼ਤ ਕੀਤੀ ਜਾ ਰਹੀ ਸੀ ਤਾਂ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਰੂਪ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਠੱਠੀ ਜੈਮਲ ਸਿੰਘ ਦੇ ਜ਼ਮੀਨ ਵਿਚੋਂ ਪੀਲੇ ਰੰਗ ਦਾ ਲਿਫਾਫਾ ਬਰਾਮਦ ਹੋਇਆ ਹੈ, ਜਿਸ ਦੀ ਤਲਾਸ਼ੀ ਲੈਣ ਦੌਰਾਨ ਉਸ ਵਿਚੋਂ 505 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਦੋਵਾਂ ਮਾਮਲਿਆਂ ਵਿਚ ਅਣਪਛਾਤੇ ਤਸਕਰਾਂ ਖਿਲਾਫ ਥਾਣਾ ਵਲਟੋਹਾ ਵਿਖੇ ਪਰਚਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਆੜ੍ਹਤੀਏ ਦੇ ਫੜ੍ਹ 'ਚੋਂ 110 ਗੱਟੇ ਕਣਕ ਚੋਰੀ

ਤਪਾ ਮੰਡੀ 18ਅਗਸਤ। ਇੱਥੇ ਤਾਜੋਕੇ ਰੋਡ ਸਥਿਤ ਚੋਰਾਂ ਦੇ ਗਿਰੋਹ ਵਲੋਂ ਆੜ੍ਹਤੀਏ ਦੇ ਇੱਕ ਫੜ੍ਹ 'ਚੋਂ ਕਰੀਬ 110 ਗੱਟੇ ਕਣਕ ਚੋਰੀ ਹੋ ਜਾਣ ਕਾਰਨ ਆੜ੍ਹਤੀਆਂ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਇਸ ਸੰਬੰਧੀ ਆੜ੍ਹਤੀਆਂ ਪਵਨ ਕੁਮਾਰ ਐਂਡ ਸੰਨਜ ਦੇ ਮਾਲਕ ਪਵਨ ਕੁਮਾਰ ਪੱਖੋ ਨੇ ਦੱਸਿਆ ਕਿ ਉਨ੍ਹਾਂ ਦੇ ਫੜ੍ਹ 'ਚ ਹਜਾਰਾਂ ਦੀ ਗਿਣਤੀ 'ਚ ਕਣਕ ਦੇ ਗੱਟੇ ਪਏ ਸੀ ਪਰ ਰਾਤ ਸਮੇਂ ਚੋਰ ਖੇਤਾਂ ਵਾਲੇ ਪਾਸਿਓਂ ਕਰੀਬ 15 ਫੁੱਟ ਉੱਚੀ ਕੰਧ ਨਾਲ ਕੋਈ ਵ੍ਹੀਕਲ ਖੜ੍ਹਾ ਕਰਕੇ ਕਣਕ ਦੇ ਗੱਟੇ ਲੋਡ ਕਰਕੇ ਲੈ ਗਏ। ਇਸ ਗੱਲ ਦਾ ਉਨ੍ਹਾਂ ਨੂੰ ਸਵੇਰ ਸਮੇਂ ਪਤਾ ਲੱਗਾ, ਜਦ ਉਹ ਫੜ੍ਹ 'ਚ ਗੇੜਾ ਲਾਉਣ ਆਏ। ਮਾਲਕਾਂਅਨੁਸਾਰ ਇੱਕ ਕਮਰੇ 'ਚ ਉਨ੍ਹਾਂ ਦੇ 4-



5 ਮਜਦੂਰ ਵੀ ਸੁੱਤੇ ਪਏ ਸੀ ਪਰ ਦਿਨ ਦੇ ਥੱਕੇ ਹਾਰੇ ਨੀਂਦ ਨਹੀਂ ਖੁੱਲ੍ਹੀ ਜਾਂ ਉਨ੍ਹਾਂ ਨੂੰ ਕੁੱਝ ਸੁੰਘਾ ਦਿੱਤਾ ਹੋਵੇਗਾ ਅਤੇ ਚੋਰ ਕਰੀਬ 110 ਕਣਕ ਦੇ ਗੱਟੇ ਚੋਰੀ ਕਰਕੇ ਲੈ ਗਏ। ਇਸ ਦੀ ਅੰਦਾਜਨ ਕੀਮਤ ਸਵਾ ਲੱਖ ਰੁਪਏ ਬਣਦੀ ਹੈ। ਚੋਰੀ ਸੰਬੰਧੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ। ਥਾਣਾ ਮੁਖੀ ਕੁਲਜਿੰਦਰ ਸਿੰਘ ਗਰੇਵਾਲ ਅਤੇ ਚੌਂਕੀ ਇੰਚਾਰਜ ਕਰਮਜੀਤ ਸਿੰਘ ਦੀ ਅਗਵਾਈ 'ਚ ਪੁੱਜੀ ਪੁਲਸ ਪਾਰਟੀ ਨੇ ਚੋਰੀ ਵਾਲੇ ਥਾਂ 'ਤੇ ਪਹੁੰਚ ਕੇ ਇਲਾਕੇ 'ਚ ਲੱਗੇ ਸੀ. ਸੀ. ਟੀ. ਵੀ. ਕੈਮਰੇ ਖੰਘਾਲਣੇ ਸ਼ੁਰੂ ਕਰ ਦਿੱਤੇ ਹਨ ਅਤੇ ਚੋਰਾਂ ਨੂੰ ਜਲਦੀ ਫੜ੍ਹਨ ਦਾ ਦਾਅਵਾ ਕੀਤਾ ਗਿਆ।

## ਅੰਮ੍ਰਿਤਸਰ ਪੁਲਸ ਨੂੰ ਮਿਲੀ ਵੱਡੀ ਸਫਲਤਾ, 3 ਕਿਲੋ ਹੈਰੋਇਨ ਤੇ 1 ਕਿਲੋ ਆਈਸ ਸਣੇ 2 ਨਸਾ ਤਸਕਰ ਗ੍ਰਿਫਤਾਰ

ਅੰਮ੍ਰਿਤਸਰ 18 ਅਗਸਤ। ਸਰਹੱਦ ਪਾਰ ਨਸੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦੇ ਖ਼ਿਲਾਫ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ, ਅੰਮ੍ਰਿਤਸਰ ਦਿਹਾਤੀ ਪੁਲਸ ਨੇ ਅੰਤਰਰਾਸਟਰੀ ਨਸਾ ਤਸਕਰੀ ਦਾ ਪਰਦਾਫਾਸ ਕੀਤਾ ਹੈ। ਜਿਸ 'ਚ 3 ਕਿਲੋ ਹੈਰੋਇਨ ਅਤੇ 1 ਕਿਲੋ ਆਈਸ (ਮੇਥਾਮੇਟਾਫਾਈਨ) ਜਬਤ ਕਰਕੇ 2 ਨਸਾ ਤਸਕਰਾਂ ਨੂੰ ਗ੍ਰਿਫਤਾਰ ਗਿਆ ਹੈ। ਇਸ ਦੀ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਆਪਣੇ ਐਕਸ ਅਕਾਊਂਟ 'ਤੇ ਸਾਂਝੀ ਕੀਤੀ ਹੈ। ਉਨ੍ਹਾਂ ਲਿਖਿਆ ਕਿ ਸਰਹੱਦ ਪਾਰ ਨਸੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦੇ ਖ਼ਿਲਾਫ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ,



ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਅੰਤਰਰਾਸਟਰੀ ਨਸਾ ਤਸਕਰੀ ਦਾ ਪਰਦਾਫਾਸ ਕੀਤਾ ਅਤੇ 3 ਕਿਲੋਗ੍ਰਾਮ ਹੈਰੋਇਨ ਅਤੇ 1 ਕਿਲੋ ਆਈਸ (ਮੇਥਾਮੇਟਾਫਾਈਨ) ਜਬਤ ਕਰਕੇ 2 ਨਸਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਲਿਖਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜਮ ਪਾਕਿਸਤਾਨੀ ਸਮੱਗਲਰ ਡੋਗਰ ਰਾਜਪੂਤ ਦੇ ਸੰਪਰਕ ਵਿੱਚ ਸਨ ਅਤੇ ਹੈਰੋਇਨ ਦੀ ਤਸਕਰੀ ਲਈ ਡਰੋਨ ਦੀ ਵਰਤੋਂ ਕਰਦੇ ਸਨ। ਐੱਨ. ਡੀ. ਪੀ. ਐੱਸ. ਐਕਟ ਦੇ ਤਹਿਤ ਐੱਫ. ਆਈ. ਆਰ. ਦਰਜ ਕੀਤੀ ਗਈ ਹੈ ਅਤੇ ਪਿਛੜੇ ਅਤੇ ਅਗਾਂਹਵਧੂ ਸਬੰਧ ਸਥਾਪਤ ਕਰਨ ਲਈ ਜਾਂਚ ਜਾਰੀ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਲਿਖਿਆ ਕਿ ਪੰਜਾਬ ਪੁਲਸ ਨਸਿ਼ਆਂ ਦੇ ਨੈੱਟਵਰਕ ਨੂੰ ਖਤਮ ਕਰਨ ਅਤੇ ਸਾਡੇ ਸੂਬੇ ਨੂੰ ਨਸਾ ਮੁਕਤ ਬਣਾਉਣ ਲਈ ਵਚਨਬੱਧ ਹੈ।

# ਫਾਜਿਲਕਾ 'ਚ ਵੱਡੀ ਵਾਰਦਾਤ: ਘਰ ਦੇ ਕਮਰੇ 'ਚ ਬੰਦ ਕਰ ਕੁੱਟ-ਕੁੱਟ ਕਤਲ ਕਰ 'ਤਾ ਵਿਅਕਤੀ

ਫਾਜਿ਼ਲਕਾ 18 ਅਗਸਤ। ਫਾਜਿ਼ਲਕਾ ਦੇ ਪਿੰਡ ਘਟਿਆਂਵਾਲੀ ਜੱਟਾਂ 'ਚ ਇਕ ਵਿਅਕਤੀ ਨੂੰ ਕਮਰੇ 'ਚ ਬੰਦ ਕਰਕੇ ਕੁੱਟ-ਕੁੱਟ ਕੇ ਉਸ ਦਾ ਕਤਲ ਕਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੀ ਪੁਲਸ ਨੇ ਚਾਰ ਲੋਕਾਂ ਖ਼ਿਲਾਫ ਕਤਲ ਦਾ ਮਾਮਲਾ ਦਰਜ ਕਰ ਦਿੱਤਾ। ਇਸ ਤੋਂ ਬਾਅਦ ਪੁਲਸ ਨੇ ਵਿਅਕਤੀ ਦਾ ਕਤਲ ਕੀਤੇ ਜਾਣ ਦੀ ਅਸਰ ਵਜ੍ਹਾ ਦਾ ਪਤਾ ਲਗਾਉਣ ਲਈ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਥਾਣਾ ਅਰਨੀਵਾਲਾ ਦੇ ਐੱਸ.ਐੱਚ.ਓ ਇੰਸਪੈਕਟਰ ਤਰਸੇਮ ਸਰਮਾ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮ੍ਰਿਤਕ ਸੰਦੀਪ ਕੁਮਾਰ ਪਿੰਡ ਦੁਤਾਰਾਂਵਾਲੀ ਦਾ ਰਹਿਣ ਵਾਲਾ ਸੀ। ਉਹਨਾਂ ਨੇ ਮ੍ਰਿਤਕ ਦੇ ਭਰਾ ਸੁਧੀਰ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ ਕੇਸ ਦਰਜ ਕਰ ਦਿੱਤਾ ਹੈ। ਪੁਲਸ ਦਾ ਕਹਿਣਾ ਹੈ ਕਿ 9 ਮਈ 2024 ਨੂੰ ਪਿੰਡ ਇਸਲਾਮਵਾਲਾ ਵਿਖੇ ਪੰਪ ਦਾ ਕੰਮ ਕਰਨ ਵਾਲਾ ਮ੍ਰਿਤਕ ਸੰਦੀਪ ਕੁਮਾਰ ਪੰਪ 'ਤੇ ਮੌਜੂਦ ਸੀ। ਉਸ ਦੇ ਦੋਸਤ ਦਾ ਦੋਸਤ ਗੁਰਭੇਜ ਸਿੰਘ ਵਾਸੀ ਮਾਹੂਆਣਾ ਬੋਦਲਾ ਉਸ ਨੂੰ ਪੰਪ 'ਤੇ ਆ ਕੇ ਕਹਿਣ ਲੱਗਾ ਕਿ ਉਸ ਨੇ ਕਿਸੇ ਕੰਮ ਲਈ ਪਿੰਡ ਘਟਿਆਂਵਾਲੀ ਜਾਣਾ ਹੈ। ਉਹ ਉਸ ਨੂੰ ਪਿੰਡ ਛੱਡ ਕੇ ਆਵੇ। ਇਸ ਤੋਂ ਬਾਅਦ ਸੰਦੀਪ ਕੁਮਾਰ ਅਤੇ ਗੁਰਭੇਜ ਸਿੰਘ ਅਲਟੋ ਕਾਰ ਵਿਚ ਸਵਾਰ ਹੋ ਕੇ ਪਿੰਡ ਘਟਿਆਂਵਾਲੀ ਚਲੇ ਗਏ। ਕਾਰ ਗੁਰਭੇਜ ਚਲਾ ਰਿਹਾ ਸੀ, ਜਦਕਿ ਮ੍ਰਿਤਕ ਸੰਦੀਪ ਕੰਡਕਟਰ ਵਾਲੀ ਸੀਟ 'ਤੇ ਬੈਠਾ ਸੀ। ਜਦੋਂ ਉਹ ਪਿੰਡ ਘਟਿਆਂਵਾਲੀ ਜੱਟਾਂ ਪਹੁੰਚੇ ਤਾਂ ਮਨਜੀਤ ਸਿੰਘ ਤੇ ਹੋਰ ਲੋਕਾਂ ਨੇ ਕਾਰ ਨੂੰ ਰੋਕ ਲਿਆ ਅਤੇ ਸੰਦੀਪ ਨੂੰ ਬਾਹਰ ਕੱਢ ਕੇ ਆਪਣੇ ਨਾਲ ਘਰ ਲੈ ਗਏ। ਉਹਨਾਂ ਨੇ ਘਰ ਦੇ ਕਮਰੇ 'ਚ ਬੰਦ ਕਰਕੇ ਸੰਦੀਪ ਦੀ ਬੇਰਹਿਮੀ ਨਾਲ ਕੁੱਟ-ਮਾਰ ਕੀਤੀ, ਜਿਸ ਦੀ ਹਾਲਤ ਗੰਭੀਰ ਹੋਣ ਕਾਰਨ ਇਲਾਜ ਦੌਰਾਨ ਹਸਪਤਾਲ ਵਿਚ ਮੌਤ ਹੋ ਗਈ। ਫਿਲਹਾਲ ਇਸ ਮਾਮਲੇ ਦੀ ਜਾਂਚ ਕਰ ਰਹੀ ਪੁਲਸ ਨੇ ਚਾਰ ਵਿਅਕਤੀਆਂ ਮਨਜੀਤ ਸਿੰਘ, ਜਗਸੀਰ ਸਿੰਘ, ਗੁਰਵਿੰਦਰ ਸਿੰਘ ਅਤੇ ਸੁਰਜੀਤ ਸਿੰਘ ਖਿ਼ਲਾਫ ਮਾਮਲਾ ਦਰਜ ਕਰ ਦਿੱਤਾ ਹੈ। ਇਸ ਸਬੰਧ ਵਿਚ ਐੱਸਐੱਚਓ ਦਾ ਕਹਿਣਾ ਹੈ ਕਿ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਪਤਾ ਲਗਾਇਆ ਜਾ ਸਕੇ ਕਿ ਕੁੱਟਮਾਰ ਕਰਨ ਦਾ ਅਸਲ ਕਾਰਨ ਕੀ ਸੀ।

### ਪੇਸ਼ੀ ਦੀ ਵਾਪਸੀ ਤੋਂ ਬਾਅਦ ਤਲਾਸ਼ੀ ਲੈਣ 'ਤੇ ਹਵਾਲਾਤੀ ਕੋਲੋਂ 1 ਮੋਬਾਇਲ ਬਰਾਮਦ

ਫਿਰੋਜ਼ਪੁਰ 18 ਅਗਸਤ। ਜਲੰਧਰ ਤੋਂ ਪੇਸ਼ੀ ਭੁਗਤ ਕੇ ਵਾਪਸ ਕੇਂਦਰੀ ਜੇਲ੍ਹ ਫਿਰੋਜ਼ਪੁਰ 'ਚ ਆਏ ਹਵਾਲਾਤੀ ਕੋਲੋਂ ਤਲਾਸ਼ੀ ਦੌਰਾਨ ਇਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਇਸ ਸੰਬੰਧ 'ਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਕਤ ਹਵਾਲਾਤੀ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸ. ਆਈ. ਸਵਰਨ ਸਿੰਘ ਨੇ ਦੱਸਿਆ ਕਿ ਰਛਪਾਲ ਗੋਇਲ ਸਹਾਇਕ ਸੁਪਰੀਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 16 ਅਗਸਤ 2024 ਨੂੰ ਜਲੰਧਰ ਤੋਂ ਪੇਸ਼ੀ ਵਾਪਸੀ ਦੌਰਾਨ ਤਲਾਸ਼ੀ ਸਮੇਂ ਹਵਾਲਾਤੀ ਅਰਸ਼ਪ੍ਰੀਤ ਸਿੰਘ ਉਰਫ ਵੱਡਾ ਪੁੱਤਰ ਬੇਅੰਤ ਸਿੰਘ ਵਾਸੀ 06/03 ਸ਼ਹੀਦ ਬਾਬੂ ਲਾਭ ਸਿੰਘ ਨਗਰ ਜਲੰਧਰ ਡਵੀਜ਼ਨ ਨੰਬਰ 1 ਪੁਲਸ ਕਮਿਸ਼ਨਰ ਕੋਲੋਂ 1 ਕੀਪੈਡ ਫੋਨ ਬਰਾਮਦ ਹੋਇਆ।


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਹਿੱਟ ਐਂਡ ਰਨ ਮੋਟਰ ਐਕਸੀਡੈਂਟ ਸਕੀਮ ਤਹਿਤ ਮ੍ਰਿਤਕ ਵਿਅਕਤੀ ਦੇ ਵਾਰਸਾਂ ਨੂੰ ਦਿੱਤਾ ਜਾਵੇਗਾ 2 ਲੱਖ ਰੁਪਏ ਮੁਆਵਜ਼ਾ - ਡੀ ਸੀ

**ਫ਼ਤਿਹਗੜ੍ਹ ਸਾਹਿਬ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਹਿੱਟ ਐਂਡ ਰਨ ਮੋਟਰ ਐਕਸੀਡੈਂਟ ਸਕੀਮ 2022 ਤਹਿਤ ਜ਼ਿਲ੍ਹਾ ਪੱਧਰੀ ਮੋਨੀਟਰਿੰਗ ਕਮੇਟੀ ਤਹਿਤ ਮ੍ਰਿਤਕ ਵਿਅਕਤੀ ਦੇ ਵਾਰਸਾਂ ਨੂੰ 2 ਲੱਖ ਰੁਪਏ ਅਤੇ ਹਾਦਸਾ ਗ੍ਰਸਤ ਵਿਅਕਤੀ ਨੂੰ 50 ਹਜ਼ਾਰ ਰੁਪਏ ਮੁਆਵਜ਼ਾ ਦਿੱਤਾ ਜਾਵੇਗਾ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ ਨੇ ਹਿੱਟ ਐਂਡ ਰਨ ਮੋਟਰ ਐਕਸੀਡੈਂਟ ਸਕੀਮ 2022 ਸੰਬੰਧੀ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੌਕੇ ਉਹਨਾ ਹਿੱਟ ਐਂਡ ਰਨ ਮੋਟਰ ਐਕਸੀਡੈਂਟ ਸਕੀਮ 2022 ਬਾਰੇ ਵਿਸਥਾਰ ਸਾਹਿਤ ਜਾਣਕਾਰੀ ਸਾਂਝੀ ਕੀਤੀ ਗਈ।ਉਹਨਾ ਕਿਹਾ ਕਿ ਇਸ ਸਕੀਮ ਅਨੁਸਾਰ ਇਹ ਮੁਆਵਜ਼ਾ ਨਿਰਧਾਰਿਤ ਸਮੇਂ ਅੰਦਰ ਦਿੱਤਾ ਜਾਵੇਗਾ।

ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਇਸ਼ਾ ਸਿੰਗਲ, ਉਪ ਮੰਡਲ ਮੈਜਿਸਟਰੇਟ,ਫਤਹਿਗੜ੍ਹ ਸਾਹਿਬ ਸ੍ਰੀਮਤੀ ਇਸਮਤ ਵਿਜੇ ਸਿੰਘ, ਉਪ ਮੰਡਲ ਮੈਜਿਸਟਰੇਟ ਅਮਲੋਹ ਅਤੇ ਰਿਜਨਲ ਟਰਾਂਸਪੋਰਟ ਅਫਸਰ, ਫਤਹਿਗੜ੍ਹ ਸਾਹਿਬ, ਨਮਨ ਮੜਕਨ, ਉਪ ਕਪਤਾਨ ਪੁਲਿਸ, ਫਤਹਿਗੜ੍ਹ ਸਾਹਿਬ ਅਤੇ ਸਿਵਲ ਸਰਜਨ ਸ੍ਰੀਮਤੀ ਦਵਿੰਦਰਜੀਤ ਕੌਰ ਸਮੇਤ ਹੋਰ ਅਧਿਕਾਰੀ ਹਾਜਰ ਸਨ।

# ਸੂਬੇ ਵਿੱਚ ਗ੍ਰਾਮ ਪੰਚਾਇਤ ਦੀਆਂ ਆਮ ਚੋਣਾਂ ਲਈ ਕੀਤੇ ਜਾ ਰਹੇ ਹਨ ਢੁੱਕਵੇਂ ਪ੍ਰਬੰਧ

**ਚੰਡੀਗੜ੍ਹ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਹੋਣ ਵਾਲੀਆਂ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆ ਪੰਜਾਬ ਰਾਜ ਚੋਣ ਕਮਿਸ਼ਨਰ ਸ੍ਰੀ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਵਿੱਚ ਵਰਤੋਂ ਲਈ ਵੋਟਰ ਸੂਚੀਆਂ ਦਾ ਸਬੰਧ ਹੈ, ਯੋਗਤਾ ਮਿਤੀ 1 ਜਨਵਰੀ 2023 ਦੇ ਆਧਾਰ 'ਤੇ ਸਾਰੇ ਡਿਪਟੀ ਕਮਿਸ਼ਨਰਾਂ ਵੱਲੋਂ 7 ਜਨਵਰੀ 2024 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾ ਚੁੱਕੀ ਹੈ। । ਉਨ੍ਹਾਂ ਇਹ ਵੀ ਕਿਹਾ ਕਿ ਆਮ ਲੋਕਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਤੋਂ ਬਾਅਦ ਉਕਤ ਵੋਟਰ ਸੂਚੀ ਨੂੰ ਜ਼ਿਲ੍ਹਿਆਂ ਵਿੱਚ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਮਿਤੀ 29 ਦਸੰਬਰ 2023 ਤੱਕ ਅਪਡੇਟ ਕਰ ਦਿੱਤਾ ਗਿਆ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਵੋਟਰ ਸੂਚੀਆਂ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਦਿਆਂ ਇਹ ਯਕੀਨੀ ਬਣਾਉਣ ਲਈ ਕਿ ਸਾਰੇ ਯੋਗ ਵੋਟਰ, ਜਿਨ੍ਹਾਂ ਨੇ ਅਜੇ ਤੱਕ ਵੋਟਰ ਸੂਚੀਆਂ ਵਿੱਚ ਆਪਣਾ ਨਾਮ ਦਰਜ ਨਹੀਂ ਕਰਵਾਇਆ, ਨੂੰ ਵੋਟਰ ਵਜੋਂ ਰਜਿਸਟਰ ਕਰਨ ਦਾ ਮੌਕਾ ਪ੍ਰਦਾਨ ਕੀਤਾ ਜਾ ਸਕੇ, ਰਾਜ ਚੋਣ ਕਮਿਸ਼ਨ ਨੇ ਸਾਰੇ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਫ਼ਸਰਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਉਹ ਆਪਣੇ ਜ਼ਿਲ੍ਹਿਆਂ ਦੇ ਸਾਰੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਐਸ.ਡੀ.ਐਮਜ਼) ਨੂੰ ਸਾਰੇ ਕੰਮਕਾਜੀ ਦਿਨਾਂ ਦੌਰਾਨ ਵੋਟਰਾਂ ਨੂੰ ਰਜਿਸਟਰ ਕਰਨ, ਵੋਟਾਂ ਕੱਟਣ ਅਤੇ ਵੋਟਰ ਸੂਚੀ ਵਿੱਚ ਸੋਧ ਲਈ ਕ੍ਰਮਵਾਰ ਫਾਰਮ 9, 99 ਅਤੇ 999 ਵਿੱਚ ਅਰਜ਼ੀਆਂ ਨੂੰ ਸਵੀਕਾਰ ਕਰਦਿਆਂ ਪੰਚਾਇਤੀ ਚੋਣਾਂ ਵਿੱਚ ਵਰਤੀ ਜਾਣ ਵਾਲੀ ਵੋਟਰ ਸੂਚੀ ਨੂੰ ਅੱਪਡੇਟ ਕਰਨ ਲਈ ਤੇਜ਼ੀ ਨਾਲ ਕੰਮ ਕਰਨ।

ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਇਸ ਮੰਤਵ ਲਈ ਮਿਤੀ 20.08.2024 (ਮੰਗਲਵਾਰ), 21.08.2024 (ਬੁੱਧਵਾਰ) ਅਤੇ 22.08.2024 (ਵੀਰਵਾਰ) ਨੂੰ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਪੰਜਾਬ ਰਾਜ ਵਿੱਚ ਸਬੰਧਤ ਗ੍ਰਾਮ ਪੰਚਾਇਤਾਂ ਦੇ ਮਾਲ ਅਸਟੇਟ ਅਧੀਨ ਆਉਂਦੇ ਆਮ ਲੋਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਪਣੀ ਵੋਟ ਰਜਿਸਟਰ ਕਰਵਾਉਣ ਲਈ ਫਾਰਮ 9, ਕਿਸੇ ਵੀ ਇਤਰਾਜ਼/ਵੋਟ ਕਟਾਉਣ ਲਈ ਫਾਰਮ 99 ਅਤੇ ਵੋਟਰ ਸੂਚੀ ਵਿੱਚ ਕਿਸੇ ਵੀ ਸੋਧ ਲਈ ਫਾਰਮ 999 ਦੀ ਵਰਤੋਂ ਕਰ ਸਕਦੇ ਹਨ। ਦੱਸਣਯੋਗ ਹੈ ਕਿ ਉਕਤ ਫਾਰਮ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਐਸ.ਡੀ.ਐਮਜ਼) ਦੇ ਦਫ਼ਤਰ ਵਿਖੇ ਉਪਲਬਧ ਹਨ ਜਾਂ ਇਨ੍ਹਾਂ ਨੂੰ ਪੰਚਾਇਤੀ ਚੋਣਾਂ ਸਟੈਚੂਅਰੀ ਫਾਰਮਜ਼ ਅਧੀਨ ਕਮਿਸ਼ਨ ਦੀ ਵੈੱਬਸਾਈਟ sec.punjab.gov.in ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨੇ ਪਾਰਟੀ ਵਿਧਾਇਕਾਂ ਨਾਲ ਮੀਟਿੰਗ ਕਰ ਪ੍ਰੋਗਰਾਮ ਬਾਰੇ ਕੀਤੀ ਵਿਸਥਾਰ ਚਰਚਾ

**ਚੰਡੀਗੜ੍ਹ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਨੇ ਆਉਣ ਵਾਲੇ ਦਿਨਾਂ @ਚ @ਤੁਹਾਡਾ ਐਮਐਲਏ ਤੁਹਾਡੇ ਦੁਆਰ' ਪ੍ਰੋਗਰਾਮ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਮੰਗਲਵਾਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਪਾਰਟੀ ਦੇ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਨਾਲ ਮੀਟਿੰਗ ਕਰਕੇ ਇਸ ਪ੍ਰੋਗਰਾਮ ਬਾਰੇ ਚਰਚਾ ਕੀਤੀ ਅਤੇ ਇਸ ਨਾਲ ਜੁੜੇ ਸਾਰੇ ਪਹਿਲੂਆਂ @ਤੇ ਵਿਚਾਰ ਕੀਤਾ। ਮੁੱਖ ਮੰਤਰੀ ਨੇ ਸਾਰੇ ਹਲਕਿਆਂ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਇਲਾਕੇ ਦੇ ਵਿਧਾਇਕ ਨਾਲ ਵੀ ਵਿਚਾਰ ਵਟਾਂਦਰਾ ਕੀਤਾ।

ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ 'ਆਪ' ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸਾਨੂੰ ਚੁਣਿਆ ਹੈ। ਉਨ੍ਹਾਂ ਨੂੰ ਸਾਡੇ ਤੋਂ ਬਹੁਤ ਉਮੀਦਾਂ ਹਨ ਅਤੇ ਅਸੀਂ ਉਨ੍ਹਾਂ ਨੂੰ ਪੂਰਾ ਕਰਨ ਦੀ ਲਗਾਤਾਰ ਕੋਸ਼ਿਸ਼ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਲੋਕਾਂ ਵਿੱਚ ਜਾ ਕੇ ਹੀ ਜਾਣੀਆਂ ਅਤੇ ਸਮਝੀਆਂ ਜਾ ਸਕਦੀਆਂ ਹਨ, ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਅਨੁਸਾਰ ਸਾਡੇ ਵਿਧਾਇਕਾਂ ਨੇ ਸਿੱਧੇ ਤੌਰ 'ਤੇ ਲੋਕਾਂ ਦੇ ਵਿਚਕਾਰ ਜਾਣ ਦਾ ਫੈਸਲਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਾਡੀ ਸਰਕਾਰ ਪੰਜਾਬ @ਚ @ਸਰਕਾਰ ਤੁਹਾਡੇ ਦੁਆਰ@ ਪ੍ਰੋਗਰਾਮ ਚਲਾ ਰੀ ਹੈ, ਜਿਸ @ਚ ਸਰਕਾਰੀ ਅਧਿਕਾਰੀ ਅਤੇ ਕਰਮਚਾਰੀ ਖੁਦ ਪਿੰਡਾਂ @ਚ ਜਾ ਕੇ ਉਥੇ ਬੈਠ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਦੇ ਹਨ, ਉਸੇ ਤਰਜ਼ @ਤੇ ਹੁਣ ਵਿਧਾਇਕ ਵੀ ਲੋਕਾਂ ਦੇ ਦਰਵਾਜ਼ੇ @ਤੇ ਜਾਣਗੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਗੇ।ਰਾਜਪੁਰਾ-ਚੰਡੀਗੜ੍ਹ ਰੇਲ ਕਨੈਕਟੀਵਿਟੀ @ਤੇ ਮੀਤ ਹੇਅਰ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੂੰ ਘੇਰਦਿਆਂ ਕਿਹਾ ਕਿ ਉਨ੍ਹਾਂ ਦਾ ਜਵਾਬ ਸਵਾਲ ਖੜ੍ਹੇ ਕਰਦਾ ਹੈ। ਬਿੱਟੂ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਜ਼ਮੀਨ ਨਹੀਂ ਦੇ ਰਹੀ, ਜਿਸ ਕਾਰਨ ਰੇਲਵੇ ਪ੍ਰਾਜੈਕਟ ਨੂੰ ਰੋਕਣਾ ਪਿਆ। ਉਨ੍ਹਾਂ ਨੂੰ ਮੁਫਤ ਜ਼ਮੀਨ ਚਾਹੀਦੀ ਹੈ, ਜਦੋਂ ਕਿ ਉਸ ਇਲਾਕੇ ਦੀ ਜ਼ਮੀਨ ਬਹੁਤ ਮਹਿੰਗੀ ਹੈ। ਉਨ੍ਹਾਂ ਦਾ ਪ੍ਰਸਤਾਵ ਉਨ੍ਹਾਂ ਦੇ ਇਰਾਦਿਆਂ @ਤੇ ਸਵਾਲ ਖੜ੍ਹੇ ਕਰਦਾ ਹੈ।

'ਆਪ' ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ 'ਆਪ' ਸਰਕਾਰ ਵੱਲੋਂ ਪਿਛਲੇ ਢਾਈ ਸਾਲਾਂ ਵਿੱਚ ਕੀਤੇ ਸਾਰੇ ਕੰਮਾਂ ਬਾਰੇ ਸਾਰੇ ਵਿਧਾਇਕਾਂ ਤੋਂ ਫੀਡਬੈਕ ਲਿਆ ਅਤੇ ਭਵਿੱਖ ਲਈ ਦਿਸ਼ਾ-ਨਿਰਦੇਸ਼ ਦਿੱਤੇ। ਸਾਰੀਆਂ ਸਿਆਸੀ ਪਾਰਟੀਆਂ ਅਤੇ ਸਰਕਾਰਾਂ ਸਮੇਂ-ਸਮੇਂ @ਤੇ ਅਜਿਹਾ ਕਰਦੀਆਂ ਹਨ।

ਕੇਂਦਰ ਸਰਕਾਰ ਨਾਲ ਸਬੰਧਾਂ ਬਾਰੇ ਕੰਗ ਨੇ ਕਿਹਾ ਕਿ ਕੇਂਦਰ ਨੂੰ ਪੰਜਾਬ ਪ੍ਰਤੀ ਆਪਣਾ ਰਵੱਈਆ ਬਦਲਣਾ ਚਾਹੀਦਾ ਹੈ ਅਤੇ ਬਦਲੇ ਦੀ ਭਾਵਨਾ ਖਤਮ ਕਰਨੀ ਚਾਹੀਦੀ ਹੈ, ਤਾਂ ਹੀ ਸਾਰੇ ਵਿਕਾਸ ਕਾਰਜ ਅਤੇ ਪ੍ਰਾਜੈਕਟ ਸਫਲਤਾਪੂਰਵਕ ਨੇਪਰੇ ਚੜ੍ਹ ਸਕਦੇ ਹਨ। ਕਾਨੂੰਨ ਵਿਵਸਥਾ ਦੇ ਮੁੱਦੇ @ਤੇ ਕੰਗ ਨੇ ਕਿਹਾ ਕਿ ਮਾਨ ਸਰਕਾਰ ਇਸ @ਤੇ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਪਹਿਲਾਂ ਨਾਲੋਂ ਕਾਫੀ ਬਿਹਤਰ ਹੋ ਗਈ ਹੈ।

# ਰਜਿੰਦਰਾ ਹਸਪਤਾਲ ਦੇ ਸੁਪਰ ਸਪੈਸ਼ਲਿਟੀ ਬਲਾਕ ਵਿੱਚ ਸਟਾਫ਼ ਦੀ ਘਾਟ ਨੂੰ ਲੈ ਕੇ 20 ਅਗਸਤ ਨੂੰ ਪਟਿਆਲਾ ਵਿਖੇ ਦਿੱਤਾ ਜਾਵੇਗਾ ਧਰਨਾ: ਗੁਰਤੇਜ ਢਿੱਲੋਂ



**ਜ਼ੀਰਕਪੁਰ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਪੰਜਾਬ ਵਰਕਿੰਗ ਕਮੇਟੀ ਦੇ ਮੈਂਬਰ ਅਤੇ ਨਾਭਾ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਗੁਰਤੇਜ ਸਿੰਘ ਢਿੱਲੋਂ ਨੇ ਮੰਗਲਵਾਰ ਨੂੰ ਡੇਰਾਬੱਸੀ ਵਿਧਾਨ ਸਭਾ ਦੇ ਆਗੂ ਅਤੇ ਸੂਬਾ ਸਕੱਤਰ ਸੰਜੀਵ ਖੰਨਾ ਨਾਲ ਭਾਜਪਾ ਦਫ਼ਤਰ ਜ਼ੀਰਕਪੁਰ ਵਿਖੇ ਮੁਲਾਕਾਤ ਕੀਤੀ। ਮੀਟਿੰਗ ਦਾ ਮੰਤਵ ਪਟਿਆਲਾ ਸਥਿਤ ਰਾਜਿੰਦਰਾ ਹਸਪਤਾਲ ਦੇ ਸੁਪਰ ਸਪੈਸ਼ਲਿਟੀ ਬਲਾਕ ਵਿੱਚ ਸਟਾਫ਼ ਦੀ ਘਾਟ ਨੂੰ ਲੈ ਕੇ 20 ਅਗਸਤ ਨੂੰ ਕੀਤੇ ਜਾਣ ਵਾਲੇ ਧਰਨੇ ਦੀ ਰਣਨੀਤੀ ਉਲੀਕਣਾ ਸੀ। ਢਿੱਲੋਂ ਨੇ ਦੱਸਿਆ ਕਿ ਇਸ ਰੋਸ ਪ੍ਰਦਰਸ਼ਨ ਲਈ ਉਹ ਪਟਿਆਲਾ ਲੋਕ ਸਭਾ ਹਲਕੇ ਦੀਆਂ ਸਾਰੀਆਂ 9 ਵਿਧਾਨ ਸਭਾਵਾਂ ਦਾ ਦੌਰਾ ਕਰ ਰਹੇ ਹਨ ਅਤੇ ਸਥਾਨਕ ਆਗੂਆਂ ਨੂੰ ਮਿਲ ਰਹੇ ਹਨ। ਮੀਟਿੰਗ ਦੌਰਾਨ ਢਿੱਲੋਂ ਨੇ ਪੰਜਾਬ ਵਿੱਚ ਸਿਹਤ ਸੇਵਾਵਾਂ ਦੀ ਵਿਗੜ ਰਹੀ ਹਾਲਤ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਨਾਕਾਮ ਰਹਿਣ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਢੁਕਵੀਆਂ ਡਾਕਟਰੀ ਸਹੂਲਤਾਂ ਅਤੇ ਸਟਾਫ਼ ਦੀ ਘਾਟ ਪੰਜਾਬ ਦੇ ਨਾਗਰਿਕਾਂ ਲਈ ਵੱਡੀ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ 2015 ਕੇਂਦਰੀ ਸਿਹਤ ਮੰਤਰੀ ਅਤੇ ਮੌਜੂਦਾ ਭਾਜਪਾ ਪ੍ਰਧਾਨ ਜੇ.ਪੀ. ਨੱਡਾ ਨਾਲ ਮੁਲਾਕਾਤ ਤੋਂ ਬਾਅਦ, ਰਾਜਿੰਦਰਾ ਹਸਪਤਾਲ ਵਿੱਚ ਸੁਪਰਸਪੈਸ਼ਲਿਟੀ ਬਲਾਕ ਦੀ ਸਥਾਪਨਾ ਕੀਤੀ ਗਈ ਸੀ, ਜਿਸ ਵਿੱਚ ਕਿਡਨੀ ਸਪੈਸ਼ਲਿਸਟ, ਸੀ.ਟੀ.ਵੀ.ਐਸ. ਸਰਜਨ, ਕਾਰਡੀਓਲੋਜਿਸਟ, ਪੀਡੀਆਟ੍ਰੀਸ਼ੀਅਨ, ਪੀਡੀਆਟ੍ਰਿਕ ਸਰਜਨ, ਨਿਊਰੋਲੋਜੀ, ਨੈਫਰੋਲੋਜੀ ਅਤੇ ਜੀਆਈ ਸਰਜਨ ਵਿਭਾਗ ਸ਼ਾਮਲ ਸਨ ਜਿਨ੍ਹਾਂ ਵਿੱਚੋਂ ਬਾਲ ਚਿਕਿਤਸਕ ਸਰਜਨ, ਨਿਊਰੋਲੋਜੀ, ਨੈਫਰੋਲੋਜੀ ਅਤੇ ਜੀਆਈ ਵਿਭਾਗ 2019 ਵਿੱਚ ਜਲਦਬਾਜ਼ੀ ਵਿੱਚ ਉਦਘਾਟਨ ਕੀਤਾ ਗਿਆ ਸੀ। ਜਿਸ ਲਈ 75 ਫੀਸਦੀ ਫੰਡ ਕੇਂਦਰ ਤੋਂ ਉਪਲਬਧ ਕਰਵਾਏ ਗਏ ਸਨ, ਜਦੋਂ ਕਿ 25 ਫੀਸਦੀ ਫੰਡ ਤਤਕਾਲੀ ਅਕਾਲੀ-ਭਾਜਪਾ ਸਰਕਾਰ ਨੇ ਮੁਹੱਈਆ ਕਰਵਾਏ ਸਨ। ਜਦੋਂ ਕਿ ਬਿਹਤਰ ਸਿਹਤ ਸੇਵਾਵਾਂ ਦੇਣ ਦੇ ਨਾਂ @ਤੇ 2022 @ਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ @ਚ ਸੱਤਾ @ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਅੱਜ ਤੱਕ 4 ਵਿਭਾਗਾਂ ਨੂੰ ਸ਼ੁਰੂ ਨਹੀਂ ਕਰ ਸਕੀ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸੇਤੀ ਹੀ ਸਟਾਫ਼ ਮੁਹਈਆ ਨਾ ਕਰਵਾਇਆ ਤਾਂ ਉਹ ਕੇਦਰ ਤੋਂ ਇਸ ਹਸਪਤਾਲ ਨੂੰ ਪੀ.ਜੀ.ਆਈ ਦੇ ਸਪੁਰਦ ਕਰਨ ਦੀ ਅਪੀਲ ਕਰਨਗੇ ਤਾਂ ਜੋ ਲੋਕਾਂ ਨੂੰ ਲੋੜੀਂਦੀ ਮਿਆਰੀ ਸਿਹਤ ਸੁਵਿਧਾਵਾਂ ਮਿਲ ਸਕਣ। ਢਿੱਲੋਂ ਨੇ ਕਿਹਾ ਕਿ ਮੁਹੱਲਾ ਕਲੀਨਿਕ ਦੇ ਨਾਅ @ਤੇ ਪੰਜਾਬ ਦੇ ਕਰੋੜਾਂ ਰੁਪਏ ਬਰਬਾਦ ਕਰਨ ਵਾਲੀ @ਆਪ@ ਸਰਕਾਰ ਅੱਜ ਤੱਕ ਹਸਪਤਾਲ @ਚ ਯੋਗ ਸਟਾਫ਼ ਵੀ ਭਰਤੀ ਨਹੀਂ ਕਰ ਸਕੀ। ਇਸ ਕਾਰਨ ਲੋਕ ਪ੍ਰਾਈਵੇਟ ਹਸਪਤਾਲਾਂ ਵਿੱਚ ਮਹਿੰਗਾ ਇਲਾਜ ਕਰਵਾਉਣ ਲਈ ਮਜਬੂਰ ਹਨ। ਜਦੋਂ ਕਿ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਹਰ ਬਿਮਾਰੀ ਦੇ ਮਾਹਿਰ ਡਾਕਟਰਾਂ ਦੀ ਟੀਮ, ਤਜਰਬੇਕਾਰ ਪੈਰਾਮੈਡੀਕਲ ਸਟਾਫ਼ ਅਤੇ ਹੋਰ ਲੋੜੀਂਦਾ ਸਟਾਫ਼ ਮੁਹੱਈਆ ਕਰਵਾਏ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਹੁਣ ਵੀ ਇਸ ਪਾਸੇ ਧਿਆਨ ਨਾ ਦਿੱਤਾ ਤਾਂ ਕਰੋੜਾਂ ਦੀ ਲਾਗਤ ਨਾਲ ਬਣੀ ਇਹ ਇਮਾਰਤ ਅਤੇ ਮਸ਼ੀਨਰੀ ਜਲਦੀ ਹੀ ਕਬਾੜ ਬਣ ਜਾਵੇਗੀ।

ਗੁਰਤੇਜ ਢਿੱਲੋਂ ਅਤੇ ਸੰਜੀਵ ਖੰਨਾ ਨੇ ਪੰਜਾਬ ਵਿੱਚ ਸਿਹਤ ਸੰਭਾਲ ਪ੍ਰਣਾਲੀ ਵਿੱਚ ਸੁਧਾਰ ਦੀਆਂ ਕੋਸ਼ਿਸ਼ਾਂ ਸਬੰਧੀ ਆਮ ਆਦਮੀ ਪਾਰਟੀ ਦੇ ਦਾਅਵਿਆਂ ਨੂੰ ਖੋਖਲੇ ਕਰਾਰ ਦਿੱਤਾ। ਢਿੱਲੋਂ ਨੇ ਜ਼ੋਰ ਦੇ ਕੇ ਕਿਹਾ ਕਿ ਉਹ ਆਮ ਲੋਕਾਂ ਦੇ ਮਸਲਿਆਂ ਦੇ ਹੱਲ ਲਈ ਵਚਨਬੱਧ ਹਨ ਅਤੇ ਉਨ੍ਹਾਂ ਦੇ ਹੱਕਾਂ ਲਈ ਲੜਦੇ ਰਹਿਣਗੇ। ਉਨ੍ਹਾਂ ਪੰਜਾਬ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ 20 ਅਗਸਤ ਦੇ ਧਰਨੇ ਵਿੱਚ ਸ਼ਾਮਲ ਹੋਣ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਢਿੱਲੀਆਂ ਸਿਹਤ ਸੇਵਾਵਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ। ਇਸ ਮੌਕੇ ਪ੍ਰਤੀਪ ਸ਼ਰਮਾ, ਸੁਧੀਰ ਕਾਂਤੀਵਾਲ, ਰਜਿੰਦਰ ਕੌਸ਼ਿਕ ਅਤੇ ਸੋਨੂੰ ਸ਼ਰਮਾ ਆਦਿ ਹਾਜ਼ਰ ਸਨ।

# ਸੂਬਾ ਸਰਕਾਰ ਦੇਸ਼ ਅਤੇ ਸੂਬੇ ਦੀ ਤਰੱਕੀ ਲਈ ਐਚ.ਐਚ.ਏ.ਆਈ. ਨੂੰ ਸਹਿਯੋਗ ਦੇਣ ਅਤੇ ਆਪਸੀ ਤਾਲਮੇਲ ਰਾਹੀਂ ਕੰਮ ਕਰਨ ਲਈ ਵਚਨਬੱਧ

**ਚੰਡੀਗੜ੍ਹ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਸੜਕ ਆਵਾਜਾਈ ਅਤੇ ਕੌਮੀ ਰਾਜ ਮਾਰਗ ਮੰਤਰੀ ਨਿਤਿਨ ਗਡਕਰੀ ਨੂੰ ਲਿਖੇ ਪੱਤਰ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇਸ਼ ਅਤੇ ਰਾਜ ਦੋਵਾਂ ਲਈ ਐਨ.ਐਚ.ਏ.ਆਈ ਪ੍ਰੋਜੈਕਟਾਂ ਦੀ ਮਹੱਤਤਾ ਨੂੰ ਚੰਗੀ ਤਰ੍ਹਾਂ ਸਮਝਦੀ ਹੈ ਅਤੇ ਪੰਜਾਬ ਸਰਕਾਰ ਇਨ੍ਹਾਂ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਜ਼ਮੀਨ ਪ੍ਰਾਪਤੀ ਅਤੇ ਹੋਰ ਸਬੰਧਤ ਮਾਮਲਿਆਂ ਵਿੱਚ ਐਨ.ਐਚ.ਏ.ਆਈ. ਦੀ ਸਰਗਰਮੀ ਨਾਲ ਸਹਾਇਤਾ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹੀ ਕਾਰਨ ਹੈ ਕਿ ਕੁਝ ਕੁ ਨੂੰ ਛੱਡ ਕੇ ਰਾਜ ਵਿੱਚ ਐਨ.ਐਚ.ਏ.ਆਈ ਦੇ ਜ਼ਿਆਦਾਤਰ ਪ੍ਰੋਜੈਕਟ ਲੀਹ @ਤੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਗਡਕਰੀ ਵੱਲੋਂ ਜ਼ਿਕਰ ਕੀਤੇ ਦੋਵਾਂ ਮਾਮਲਿਆਂ ਵਿੱਚ ਸਥਾਨਕ ਪੁਲਿਸ ਨੇ ਤੁਰੰਤ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਐਫ.ਆਈ.ਆਰ. ਦਰਜ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਦੋਵਾਂ ਮਾਮਲਿਆਂ ਵਿੱਚ ਗ੍ਰਿਫਤਾਰੀਆਂ ਕੀਤੀਆਂ ਗਈਆਂ ਹਨ ਅਤੇ ਜਾਂਚ ਦੌਰਾਨ ਇਹ ਪਾਇਆ ਗਿਆ ਹੈ ਕਿ ਇੱਕ ਘਟਨਾ ਐਨ.ਐਚ.ਏ.ਆਈ. ਦੇ ਠੇਕੇਦਾਰ ਵੱਲੋਂ ਜ਼ਮੀਨ ਦੀ ਵੱਧ ਖੁਦਾਈ ਦਾ ਨਤੀਜਾ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੂਸਰੀ ਘਟਨਾ ਠੇਕੇਦਾਰ ਵੱਲੋਂ ਆਪਣੇ ਉਪ-ਠੇਕੇਦਾਰ ਨੂੰ ਵਿੱਤੀ ਬਕਾਇਆ ਨਾ ਦੇਣ ਦਾ ਨਤੀਜਾ ਹੈ ਅਤੇ ਕਿਹਾ ਕਿ ਦੋਵੇਂ ਮਾਮਲੇ ਠੇਕੇਦਾਰ ਕਰਕੇ ਪੈਦਾ ਹੋਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਭ ਦੇ ਬਾਵਜੂਦ ਪੰਜਾਬ ਪੁਲਿਸ ਇੱਕ ਬਿਹਤਰੀਨ ਫੋਰਸ ਹੋਣ ਦੇ ਨਾਤੇ, ਐਨ.ਐਚ.ਏ.ਆਈ. ਦੀਆਂ ਸੁਰੱਖਿਆ ਸਬੰਧੀ ਚਿੰਤਾਵਾਂ ਦਾ ਖਿਆਲ ਰੱਖਣ ਲਈ ਵਚਨਬੱਧ ਹੈ ਅਤੇ ਉਨ੍ਹਾਂ ਨੇ ਪਹਿਲਾਂ ਹੀ ਸਥਾਨਕ ਪੁਲਿਸ ਨੂੰ ਕਾਨੂੰਨ ਅਤੇ ਵਿਵਸਥਾ ਬਣਾਈ ਰੱਖਣ ਲਈ ਇਲਾਕੇ ਵਿੱਚ ਗਸ਼ਤ ਟੀਮਾਂ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਜਿੱਥੋਂ ਤੱਕ ਜ਼ਮੀਨ ਗ੍ਰਹਿਣ ਨਾਲ ਸਬੰਧਤ ਮੁੱਦਿਆਂ ਦਾ ਸਬੰਧ ਹੈ, ਕੇਂਦਰੀ ਮੰਤਰੀ ਨੂੰ ਇਸ ਗੱਲ ਦੀ ਕਦਰ ਕਰਨੀ ਚਾਹੀਦੀ ਹੈ ਕਿ ਸੂਬੇ ਦੇ ਕਿਸਾਨ ਆਪਣੀ ਜ਼ਮੀਨ ਨਾਲ ਭਾਵਨਾਤਮਕ ਤੌਰ ਉੱਤੇ ਜੁੜੇ ਹੋਏ ਹਨ, ਕਿਉਂਕਿ ਇਹ ਉਨ੍ਹਾਂ ਦੀ ਬੇਸ਼ਕੀਮਤੀ ਜਾਇਦਾਦ ਹੈ ਅਤੇ ਇਹ ਉਨ੍ਹਾਂ ਦੀ ਰੋਜ਼ੀ-ਰੋਟੀ ਦਾ ਮੁੱਖ ਵਸੀਲਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਵਿੱਚ ਜ਼ਮੀਨਾਂ ਦੇ ਭਾਅ ਜ਼ਿਆਦਾ ਹਨ, ਇਸ ਲਈ ਜੇਕਰ ਕਿਸਾਨਾਂ ਨੂੰ ਲੱਗਦਾ ਹੈ ਕਿ ਉਨ੍ਹਾਂ ਨੂੰ ਜ਼ਮੀਨਾਂ ਦੇ ਬਣਦੇ ਭਾਅ ਨਹੀਂ ਮਿਲ ਰਹੇ ਤਾਂ ਉਹ ਆਪਣੀਆਂ ਜ਼ਮੀਨਾਂ ਦੇਣ ਲਈ ਰਾਜ਼ੀ ਨਹੀਂ ਹੁੰਦੇ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਬਹੁਤ ਸਾਰੇ ਮਾਮਲੇ ਹਨ ਜਿਨ੍ਹਾਂ ਵਿੱਚ ਕਿਸਾਨ ਆਰਬਿਟਰੇਟਰਾਂ (ਵਿਚੋਲਿਆਂ) ਵੱਲੋਂ ਦਿੱਤੇ ਭਾਅ ਤੋਂ ਸੰਤੁਸ਼ਟ ਸਨ ਅਤੇ ਆਪਣੀਆਂ ਜ਼ਮੀਨਾਂ ਦਾ ਕਬਜ਼ਾ ਨਿਰਧਾਰਤ ਦਰਾਂ @ਤੇ ਐਨ.ਐਚ.ਏ.ਆਈ. ਨੂੰ ਸੌਂਪਣ ਲਈ ਤਿਆਰ ਸਨ। ਉਨ੍ਹਾਂ ਅਫ਼ਸੋਸ ਜਤਾਇਆ ਕਿ ਅਜਿਹੇ ਮਾਮਲਿਆਂ ਵਿੱਚ ਐਨ.ਐਚ.ਏ.ਆਈ. ਨੇ ਵਿਚੋਲਿਆਂ ਵੱਲੋਂ ਦੱਸੇ ਭਾਅ 'ਤੇ ਕਿੰਤੂ-ਪ੍ਰੰਤੂ ਕੀਤਾ ਜਾਂ ਨਿਰਧਾਰਤ ਭਾਅ ਨੂੰ ਸਵੀਕਾਰ ਕਰਨ ਵਿੱਚ ਬਹੁਤ ਲੰਮਾ ਸਮਾਂ ਲਗਾਇਆ ਜਿਸ ਕਾਰਨ ਜ਼ਮੀਨ ਪ੍ਰਾਪਤੀ ਦੀ ਪ੍ਰਕਿਰਿਆ ਵਿੱਚ ਦੇਰੀ ਹੋਈ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਅਜਿਹੇ ਕਈ ਮਾਮਲੇ ਹਨ, ਜਿਨ੍ਹਾਂ ਵਿਚ ਜ਼ਮੀਨ ਦਾ ਕਬਜ਼ਾ ਐਨ.ਐਚ.ਏ.ਆਈ. ਨੂੰ ਦਿੱਤਾ ਗਿਆ ਸੀ, ਪਰ ਇਸ ਦੇ ਠੇਕੇਦਾਰਾਂ ਨੇ ਸਬੰਧਤ ਥਾਵਾਂ 'ਤੇ ਆਪਣੀ ਮਸ਼ੀਨਰੀ ਲਗਾਉਣ ਅਤੇ ਕੰਮ ਸ਼ੁਰੂ ਕਰਨ ਵਿਚ ਲੰਮਾ ਸਮਾਂ ਲਗਾ ਦਿੱਤਾ, ਜਿਸ ਕਾਰਨ ਕਿਸਾਨਾਂ ਨੇ ਦੁਬਾਰਾ ਜ਼ਮੀਨ @ਤੇ ਵਾਹੀ ਕਰਨੀ ਸ਼ੁਰੂ ਕਰ ਦਿੱਤੀ।

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਇੱਕ ਵਾਰ ਰਾਜ ਦੇ ਅਧਿਕਾਰੀਆਂ ਵੱਲੋਂ ਜ਼ਮੀਨ ਦਾ ਕਬਜ਼ਾ ਐਨ.ਐਚ.ਏ.ਆਈ. ਨੂੰ ਦੇ ਦਿੱਤਾ ਜਾਂਦਾ ਹੈ, ਤਾਂ ਇਹ ਕਬਜ਼ਾ ਕਾਇਮ ਰੱਖਣਾ ਐਨ.ਐਚ.ਏ.ਆਈ. ਜਾਂ ਇਸ ਦੇ ਠੇਕੇਦਾਰਾਂ ਦਾ ਫਰਜ਼ ਬਣਦਾ ਹੈ।

ਉਨ੍ਹਾਂ ਕੇਂਦਰੀ ਮੰਤਰੀ ਨੂੰ ਜਾਣੂ ਕਰਵਾਇਆ ਕਿ ਉਨ੍ਹਾਂ ਦੇ ਨਿਰਦੇਸ਼ਾਂ @ਤੇ ਸੂਬੇ ਦੇ ਮੁੱਖ ਸਕੱਤਰ ਪਹਿਲਾਂ ਹੀ ਐਨ.ਐਚ.ਏ.ਆਈ. ਨੂੰ ਦਰਪੇਸ਼ ਰੁਕਾਵਟਾਂ ਨੂੰ ਦੂਰ ਕਰਨ ਲਈ ਡਿਪਟੀ ਕਮਿਸ਼ਨਰਾਂ ਅਤੇ ਐਨ.ਐਚ.ਏ.ਆਈ. ਨਾਲ ਬਾਕਾਇਦਾ ਸਮੀਖਿਆ ਮੀਟਿੰਗਾਂ ਕਰ ਰਹੇ ਹਨ। ਇਸ ਦੇ ਨਾਲ ਹੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਖੁਦ ਇਸ ਮੁੱਦੇ @ਤੇ ਕਿਸਾਨਾਂ ਨਾਲ ਗੱਲਬਾਤ ਕਰਨ ਬਾਰੇ ਸੋਚ ਰਹੇ ਰਹੇ ਹਨ।

# ਜ਼ਿਲ੍ਹਾ ਰੋਜ਼ਗਾਰ ਦਫ਼ਤਰ ਗੁਰਦਾਸਪੁਰ ਵਿਖੇ ਲੱਗਾ ਪਲੇਸਮੈਂਟ ਕੈਂਪ

**ਗੁਰਦਾਸਪੁਰ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਦਫ਼ਤਰ, ਗੁਰਦਾਸਪੁਰ ਵਿਖੇ ਅੱਜ ਪਲੇਸਮੈਂਟ ਕੈਂਪ ਲਗਾਇਆ ਗਿਆ।

ਪਲੇਸਮੈਂਟ ਕੈਂਪ ਦੌਰਾਨ ਨਾਵਲਟੀ ਹੁੰਡਈ, ਮੈਕਸੀਕਸ ਕੋਟੈਕਰਟੈਕ ਕੰਪਨੀਆਂ ਅਤੇ ਸੁਖਜਿੰਦਰਾ ਪਬਲਿਕ ਸਕੂਲ, ਗੁਰਦਾਸਪੁਰ ਨੇ ਸ਼ਮੂਲੀਅਤ ਕੀਤੀ। ਕੰਪਨੀ ਵੱਲੋਂ ਸੇਲਜ਼ ਐਗਜ਼ੀਕਿਊਟਿਵ, ਕਸਟਮਰ ਸਪੋਰਟ ਰੀਪਰਜੈਂਟਿਵ ਅਤੇ ਅਧਿਆਪਕ (ਮੈਥ, ਸਾਇੰਸ, ਸੋਸ਼ਲ ਸਾਇੰਸ, ਅੰਗਰੇਜ਼ੀ) ਦੀ ਭਰਤੀ ਲਈ ਕੰਪਨੀ ਦੇ ਅਧਿਕਾਰੀ ਪਲੇਸਮੈਂਟ ਕੈਂਪ ਚ ਹਾਜ਼ਰ ਹੋਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ ਨੇ ਦੱਸਿਆ ਕਿ ਪਲੇਸਮੈਂਟ ਕੈਂਪ ਦੌਰਾਨ 76 ਬਿਨੈਕਾਰ ਹਾਜ਼ਰ ਹੋਏ।

ਕੈਂਪ ਦੌਰਾਨ ਕੰਪਨੀਆਂ ਦੇ ਅਧਿਕਾਰੀਆਂ ਵੱਲੋਂ ਮੇਲੇ ਵਿੱਚ ਹਾਜ਼ਰ ਹੋਣ ਵਾਲੇ ਬਿਨੈਕਾਰਾਂ ਦੀ ਇੰਟਰਵਿਊ ਲਈ ਗਈ ਅਤੇ ਇੰਟਰਵਿਊ ਦੌਰਾਨ ਨਾਵਲਟੀ ਹੁੰਡਈ ਵੱਲੋਂ 12, ਮੈਕਸੀਕਸ ਕੋਟੈਕਰਟੈਕ ਵੱਲੋਂ 12 ਅਤੇ ਸੁਖਜਿੰਦਰਾ ਪਬਲਿਕ ਸਕੂਲ ਵੱਲੋਂ 10 ਬਿਨੈਕਾਰਾਂ ਨੂੰ ਸ਼ਾਰਟ ਲਿਸਟ ਕੀਤਾ ਗਿਆ।ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼



ਚੰਦਰ ਵੱਲੋਂ ਇਸ ਪਲੇਸਮੈਂਟ ਕੈਂਪ ਦਾ ਨਿਰੀਖਣ ਕੀਤਾ ਗਿਆ।

ਉਨ੍ਹਾਂ ਪਲੇਸਮੈਂਟ ਕੈਂਪ ਦੌਰਾਨ ਪਹੁੰਚੇ ਨੌਜਵਾਨਾਂ ਨੂੰ ਕਿਹਾ ਕਿ ਉਹ ਜ਼ਿਲ੍ਹਾ ਰੋਜ਼ਗਾਰ ਦਫ਼ਤਰ ਨਾਲ ਲਗਾਤਾਰ ਰਾਬਤਾ ਰੱਖਣ। ਉਨ੍ਹਾਂ ਕਿਹਾ ਕਿ ਰੋਜ਼ਗਾਰ ਦਫ਼ਤਰ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਵੱਖ-ਵੱਖ ਮੌਕੇ ਮੁਹੱਈਆ ਕਰਵਾਏ ਜਾਂਦੇ ਹਨ ਜਿਸ ਦਾ ਲਾਭ ਉਠਾਉਣਾ ਚਾਹੀਦਾ ਹੈ।

ਉਨ੍ਹਾਂ ਨੌਜਵਾਨਾਂ ਦੇ ਬਿਹਤਰ ਅਤੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ

# ਡਿਪਟੀ ਕਮਿਸ਼ਨਰ ਵੱਲੋਂ ਅੰਤਰਰਾਸ਼ਟਰੀ ਪੈਰਾ-ਕਰਾਟੇ ਚੈਂਪੀਅਨ ਤਰੁਣ ਸ਼ਰਮਾ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ




**ਲੁਧਿਆਣਾ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਅੰਤਰਰਾਸ਼ਟਰੀ ਪੈਰਾ-ਕਰਾਟੇ ਚੈਂਪੀਅਨ ਤਰੁਣ ਸ਼ਰਮਾ ਦੀਆਂ ਖੇਡਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਅਤੇ ਦੇਸ਼ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਲਈ ਸ਼ਲਾਘਾ ਕੀਤੀ।

ਆਪਣੇ ਦਫ਼ਤਰ ਵਿੱਚ ਡਿਪਟੀ ਕਮਿਸ਼ਨਰ ਨੇ ਚੈਂਪੀਅਨ ਸ਼ਰਮਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਆਪਣੀ ਯਾਦਗਾਰੀ ਕਾਰਗੁਜ਼ਾਰੀ ਨਾਲ ਦੇਸ਼ ਦਾ ਨਾਂ ਰੌਸ਼ਨ ਕੀਤਾ ਹੈ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਣ ਵਾਲੇ ਮੁਕਾਬਲਿਆਂ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਹਨ।

ਉਨ੍ਹਾਂ ਅੰਤਰਰਾਸ਼ਟਰੀ ਪੈਰਾ-ਕਰਾਟੇ ਚੈਂਪੀਅਨ ਤਰੁਣ ਸ਼ਰਮਾ ਨੂੰ ਹਰ ਸੰਭਵ ਮਦਦ ਦੀ ਪੇਸ਼ਕਸ਼ ਵੀ ਕੀਤੀ।

ਤਰੁਣ ਸ਼ਰਮਾ ਨੇ ਵੀ ਇਸ ਸਨਮਾਨ ਲਈ ਸੁ ?ਕਰਾਨਾ ਕਰਦਿਆਂ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ।

# ਆਜ਼ਾਦੀ ਦਿਹਾੜੇ ਮੌਕੇ ਡਾ.ਬਲਜੀਤ ਕੌਰ ਬਰਨਾਲਾ ਵਿਖੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ

**ਬਰਨਾਲਾ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਆਜ਼ਾਦੀ ਦਿਹਾੜੇ ਮੌਕੇ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਪੰਜਾਬ ਜ਼ਿਲ੍ਹਾ ਬਰਨਾਲਾ 'ਚ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ।

ਇਹ ਜਾਣਕਾਰੀ ਆਜ਼ਾਦੀ ਦਿਹਾੜੇ ਮੌਕੇ ਬਾਬਾ ਕਾਲਾ ਮਹਿਰ ਸਟੇਡੀਅਮ ਵਿਖੇ ਕਰਵਾਏ ਜਾਣ ਵਾਲੇ ਸਮਾਗਮ ਦੀ ਫੁੱਲ ਡਰੈਸ ਰਿਹਰਲ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਬਰਨਾਲਾ ਸ਼੍ਰੀਮਤੀ ਪੂਨਮਦੀਪ ਕੌਰ ਨੇ ਦਿੱਤੀ।

ਰਿਹਰਸਲ ਮੌਕੇ ਉਨ੍ਹਾਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਜਿਸ ਦੀ ਅਗਵਾਈ ਡੀ ਐੱਸ ਪੀ ਡਾ. ਮਾਨਵਜੀਤ ਸਿੰਘ ਨੇ ਕੀਤੀ। ਪੰਜਾਬ ਪੁਲਿਸ ਅਤੇ ਐਨ ਸੀ ਸੀ ਟੁਕੜੀਆਂ ਨੇ ਸ਼ਾਨਦਾਰ ਮਾਰਚ ਪਾਸਟ 'ਚ ਭਾਗ ਲਿਆ।

ਉਨ੍ਹਾਂ ਦੱਸਿਆ ਕਿ ਆਜ਼ਾਦੀ ਦਿਹਾੜਾ ਧੂਮ ਧਾਮ ਨਾਲ ਮਨਾਇਆ ਜਾਵੇਗਾ।

# ਮੈਰਿਟ ਦੇ ਆਧਾਰ ਉਤੇ ਸਰਕਾਰੀ ਨੌਕਰੀਆਂ ਮਿਲਣ ਕਾਰਨ ਬਾਗ਼ੋ-ਬਾਗ਼ ਹੋਏ ਨੌਜਵਾਨਾਂ ਨੇ ਮੁੱਖ ਮੰਤਰੀ ਦੀ ਕੀਤੀ ਸ਼ਲਾਘਾ

**ਚੰਡੀਗੜ੍ਹ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉਤੇ ਦੇਣ ਦੀ ਨੌਜਵਾਨਾਂ ਨੇ ਭਰਵੀਂ ਸ਼ਲਾਘਾ ਕੀਤੀ ਹੈ।

ਇੱਥੇ ਵੱਖ-ਵੱਖ ਵਿਭਾਗਾਂ ਵਿੱਚ ਭਰਤੀ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦੇਣ ਲਈ ਕਰਵਾਏ ਸਮਾਰੋਹ ਦੌਰਾਨ ਆਪਣੇ ਵਿਚਾਰ ਸਾਂਝੇ ਕਰਦਿਆਂ ਮਨੀਸ਼ ਸ਼ਰਮਾ ਨਾਮ ਦੇ ਇਕ ਨਵ-ਨਿਯੁਕਤ ਨੌਜਵਾਨ ਨੇ ਦੱਸਿਆ ਕਿ ਉਸ ਨੇ 2021 ਵਿੱਚ ਮਾਸਟਰ ਡਿਗਰੀ ਕੀਤੀ ਅਤੇ ਉਦੋਂ ਤੋਂ ਸਰਕਾਰੀ ਨੌਕਰੀ ਲਈ ਕੋਸ਼ਿਸ਼ ਕਰ ਰਿਹਾ ਹੈ। ਉਸ ਨੇ ਕਿਹਾ ਕਿ ਪਹਿਲਾਂ ਪੰਜਾਬ ਵਿੱਚ ਨੌਕਰੀਆਂ ਵੇਚੀਆਂ ਜਾਂਦੀਆਂ ਸਨ ਪਰ ਹੁਣ ਹਾਲਾਤ ਬਿਲਕੁੱਲ ਬਦਲ ਗਏ ਹਨ ਅਤੇ ਹੁਣ ਨੌਜਵਾਨਾਂ ਨੂੰ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉਤੇ ਮਿਲ ਰਹੀਆਂ ਹਨ। ਉਸ ਨੇ ਦੱਸਿਆ ਕਿ ਇਸ ਨੌਕਰੀ ਨੇ ਉਸ ਦੀ ਕਿਸਮਤ ਬਦਲ ਦਿੱਤੀ ਹੈ ਕਿਉਂਕਿ ਪਹਿਲਾਂ ਉਹ ਵਿਦੇਸ਼ ਜਾਣ ਦੀ ਯੋਜਨਾ ਬਣਾ ਰਿਹਾ ਸੀ ਪਰ ਹੁਣ ਉਸ ਨੂੰ ਆਪਣੇ ਜਮਾਤੀਆਂ ਸਮੇਤ ਇੱਥੇ ਹੀ ਨੌਕਰੀ ਮਿਲੀ ਹੈ।

ਧੂਰੀ ਨੇੜਲੇ ਪਿੰਡ ਸ਼ੇਰਪੁਰ ਸੋਢੀਆਂ ਦੇ ਇਕ ਨੌਜਵਾਨ ਨੇ ਦੱਸਿਆ ਕਿ ਉਹ ਪਿਛਲੇ 14 ਸਾਲਾਂ ਤੋਂ ਪ੍ਰਾਈਵੇਟ ਕੰਪਨੀ ਵਿੱਚ ਕੰਮ ਕਰ ਰਿਹਾ ਹੈ। ਉਸ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਉਸ ਨੇ ਸਰਕਾਰੀ ਨੌਕਰੀ ਦੀ ਝਾਕ ਛੱਡ ਦਿੱਤੀ ਸੀ। ਉਸ ਨੇ ਕਿਹਾ ਕਿ ਹੁਣ ਪੰਜਾਬ ਵਿੱਚ ਸਥਿਤੀ ਬਦਲੀ ਹੈ ਅਤੇ ਨੌਜਵਾਨਾਂ ਨੂੰ ਆਪਣੀ ਕਾਬਲੀਅਤ ਦੇ ਹਿਸਾਬ ਨਾਲ ਨੌਕਰੀਆਂ ਮਿਲ ਰਹੀਆਂ ਹਨ।

ਲੁਧਿਆਣਾ ਦੀ ਪ੍ਰਾਈਵੇਟ ਅਧਿਆਪਕਾ ਮਨਿੰਦਰ ਕੌਰ ਨੇ ਕਿਹਾ ਕਿ ਉਸ ਲਈ ਇਹ ਸੁਪਨਾ ਸਾਕਾਰ ਹੋਣ ਬਰਾਬਰ ਹੈ। ਉਸ ਨੇ ਕਿਹਾ ਕਿ ਹੁਣ ਵਿਦੇਸ਼ ਜਾਣ ਦੇ ਰੁਝਾਨਾਂ ਨੂੰ ਮੋੜਾ ਪਿਆ ਹੈ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਨੌਕਰੀਆਂ ਮਿਲਣ ਦੀ ਉਮੀਦ ਵਿੱਚ ਪੰਜਾਬ ਵਾਪਸ ਆ ਰਹੇ ਹਨ। ਉਸ ਨੇ ਕਿਹਾ ਕਿ ਵਿਦੇਸ਼ਾਂ ਤੋਂ ਪਰਤੇ ਸੈਂਕੜੇ ਵਿਦਿਆਰਥੀ ਉਸ ਕੋਲ ਲੁਧਿਆਣਾ ਦੇ ਇਕ ਕੋਚਿੰਗ ਸੈਂਟਰ ਵਿੱਚ ਕੋਚਿੰਗ ਲੈ ਰਹੇ ਹਨ।

ਇਕ ਨਵ-ਨਿਯੁਕਤ ਲੜਕੀ ਕੋਮਲ ਸਾਗਰ ਨੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਇਸ ਪਲ ਦਾ ਇੰਤਜ਼ਾਰ ਕਰ ਰਹੀ ਸੀ ਅਤੇ ਇਸ ਲਈ ਉਸ ਨੇ ਮੁਕਾਬਲੇ ਦੀਆਂ ਕਈ ਪ੍ਰੀਖਿਆਵਾਂ ਵੀ ਦਿੱਤੀਆਂ। ਉਸ ਨੇ ਕਿਹਾ ਕਿ ਬਦਕਿਸਮਤੀ ਨਾਲ ਪਿਛਲੀਆਂ ਸਰਕਾਰ ਨੇ ਪ੍ਰੀਖਿਆ ਪਾਸ ਕਰਨ ਦੇ ਬਾਵਜੂਦ ਨੌਜਵਾਨਾਂ ਨੂੰ ਨਿਰਾਸ਼ ਕੀਤਾ। ਉਸ ਨੇ ਕਿਹਾ ਕਿ ਹੁਣ ਹਾਲਾਤ ਵਿੱਚ ਸਿਫ਼ਤੀ ਤਬਦੀਲੀ ਆਈ ਹੈ ਅਤੇ ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ ਨੌਕਰੀਆਂ ਮਿਲ ਰਹੀਆਂ ਹਨ।

ਪੰਜਾਬ ਸਰਕਾਰ ਵਿੱਚ ਨਵੇਂ ਨਿਯੁਕਤ ਹੋਏ ਕੌਮਾਂਤਰੀ ਪਹਿਲਵਾਨ ਰਣਧੀਰ ਸਿੰਘ ਨੇ ਦੱਸਿਆ ਕਿ ਉਹ 2008 ਵਿੱਚ ਪੰਜਾਬ ਪੁਲਿਸ ਵਿੱਚ ਚੁਣਿਆ ਗਿਆ ਸੀ ਪਰ 2012 ਵਿੱਚ ਉਸ ਨੂੰ ਕੱਢ ਦਿੱਤਾ ਗਿਆ, ਜਿਸ ਮਗਰੋਂ ਅਮਰੀਕਾ ਤੇ ਕੈਨੇਡਾ ਜਾਣਾ ਪਿਆ। ਉਸ ਨੇ ਦੱਸਿਆ ਕਿ ਉਹ ਇਸ ਸਮੇਂ ਕੁਸ਼ਤੀ ਅਕੈਡਮੀ ਚਲਾ ਰਿਹਾ ਹੈ ਅਤੇ ਉਸ ਨੇ ਬਿਨਾਂ ਸਿਫ਼ਾਰਸ਼ ਜਾਂ ਰਿਸ਼ਵਤ ਤੋਂ ਪਟਵਾਰੀ ਦੀ ਨੌਕਰੀ ਮਿਲੀ ਹੈ। ਉਸ ਨੇ ਕਿਹਾ ਕਿ ਇਹ ਇਕ ਨਵੀਂ ਕ੍ਰਾਂਤੀ ਹੈ, ਜਿਸ ਦਾ ਸਿਹਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਾਂਦਾ ਹੈ।

ਵਿਦੇਸ਼ ਜਾਣ ਦੇ ਚਾਹਵਾਨ ਹਰਪ੍ਰੀਤ ਸਿੰਘ ਨਾਮ ਦੇ ਨੌਜਵਾਨ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਦੇ ਨੌਕਰੀਆਂ ਦੇਣ ਪ੍ਰਤੀ ਉਦਾਸੀਨ ਰਵੱਈਏ ਕਾਰਨ ਉਸ ਨੇ ਆਈਲਟਸ ਕਰ ਕੇ ਬਾਹਰ ਜਾਣ ਦਾ ਮਨ ਬਣਾਇਆ ਸੀ। ਉਸ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਣਨ ਮਗਰੋਂ ਉਸ ਨੂੰ ਉਮੀਦ ਦੀ ਕਿਰਨ ਦਿਸੀ ਅਤੇ ਉਸ ਨੇ ਵਿਦੇਸ਼ ਜਾਣ ਤੋਂ ਪਹਿਲਾਂ ਇੱਥੇ ਸਰਕਾਰੀ ਨੌਕਰੀ ਲਈ ਪ੍ਰੀਖਿਆ ਦੇਣ ਦਾ ਫੈਸਲਾ ਕੀਤਾ। ਉਸ ਨੇ ਦੱਸਿਆ ਕਿ ਪ੍ਰੀਖਿਆ ਪੂਰੀ ਤਰ੍ਹਾਂ ਪਾਰਦਰਸ਼ੀ ਤਰੀਕੇ ਨਾਲ ਮੁਕੰਮਲ ਹੋਈ ਅਤੇ ਉਸ ਦੀ ਸਰਕਾਰੀ ਨੌਕਰੀ ਲਈ ਚੋਣ ਹੋ ਗਈ।

ਸਰਕਾਰੀ ਨੌਕਰੀ ਹਾਸਲ ਕਰਨ ਵਾਲੇ ਇਕ ਨੌਜਵਾਨ ਸਰਬਜੀਤ ਸਿੰਘ ਨੇ ਦੱਸਿਆ ਕਿ ਉਸ ਨੇ 18 ਸਾਲ ਭਾਰਤੀ ਫੌਜ ਵਿੱਚ ਸੇਵਾ ਕੀਤੀ ਸੀ। ਉਸ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਵੱਲ ਤਵੱਜੋ ਨਹੀਂ ਦਿੱਤੀ, ਜਿਸ ਕਾਰਨ ਉਨ੍ਹਾਂ ਦਾ ਦਿਲ ਟੁੱਟ ਗਿਆ।

# ਅਕਾਲੀ ਦਲ 'ਚ ਸੁਧਾਰ ਕਰਨ ਦੀਆਂ ਗੱਲਾਂ ਕਰਨ ਵਾਲੇ ਚੰਦੂਮਾਜਰਾ ਪਹਿਲਾਂ ਆਪਣਾ ਸੁਧਾਰ ਕਰਨ: ਐਨ.ਕੇ.ਸ਼ਰਮਾ

**ਜ਼ੀਰਕਪੁਰ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰਨੀ ਮੈਂਬਰ ਅਤੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਅੱਜ ਇਕ ਪ੍ਰੈਸ਼ ਕਾਨਫਰੰਸ ਕਰਕੇ ਭਾਜਪਾ ਤੇ ਵੱਡਾ ਦੋਸ਼ ਲਾਇਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਮਹਾਰਾਸ਼ਟਰ ਵਾਂਗ ਪੰਜਾਬ ਵਿੱਚ ਵੀ ਸਾਜ਼ਿਸ਼ ਰਚਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਕੇਂਦਰ ਸਰਕਾਰ ਆਪਣੇ ਮਨਸੂਬੇ ਵਿੱਚ ਕਾਮਯਾਬ ਨਹੀਂ ਹੋਵੇਗੀ। ਸ਼ਰਮਾ ਨੇ ਕਿਹਾ ਕਿ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਇਕਮੁੱਠ ਹੈ ਅਤੇ ਸੁਖਬੀਰ ਬਾਦਲ ਦੇ ਨਾਲ ਖੜ੍ਹਾ ਹੈ। ਭਾਜਪਾ ਦੇ ਕੁਝ ਪਿਠੂ ਸ਼੍ਰੋਮਣੀ ਅਕਾਲੀ ਦਲ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ ਸ੍ਰੋਮਣੀ ਅਕਾਲੀ ਦਲ ਵਿਚ ਸੁਧਾਰ ਕਰਨ ਤੋਂ ਪਹਿਲਾਂ ਆਪਣਾ ਸੁਧਾਰ ਕਰਨ। ਉਨ੍ਹਾਂ ਕਿਹਾ ਉਹ ਸ: ਸੁਖਬੀਰ ਸਿੰਘ ਬਾਦਲ ਦੇ ਪਰਿਵਾਰਵਾਦ ਦਾ ਇਲਜਾਮ ਲਾ ਰਹੇ ਹਨ ਪਰ ਜਦੋਂ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਸੀ ਤਾਂ ਉਹ ਖੁਦ ਐਮ ਪੀ ਰਹੇ ਅਤੇ ਉਨ੍ਹਾਂ ਦਾ ਬੇਟਾ ਵਿਧਾਇਕ ਅਤੇ ਅਤੇ ਭਾਣਜਾ ਚੇਅਰਮੈਨ ਸੀ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਹਰ ਹਲਕੇ ਵਿਚ 40-50 ਬੰਦੇ ਰੱਖੇ ਹੋਏ ਹਨ ਜਿਨ੍ਹਾਂ ਨੂੰ ਨਾਲ ਲੈ ਕੇ ਉਹ ਮੀਟਿੰਗਾਂ ਦਾ ਡਰਾਮਾ ਕਰਦੇ ਹਨ ਉਸ ਤੋਂ ਬਾਅਦ ਜਿਹੜਾ ਐਮ ਪੀ ਦਾ ਦਾਅਵੇਦਾਰ ਹੁੰਦਾ ਹੈ ਇਸ ਉਸ ਨਾਲ ਸੌਦੇਬਾਜ਼ੀ ਕਰਕੇ ਵੋਟਾਂ ਉਧਰ ਪੁਆ ਦਿੰਦੇ ਹਨ। ਉਨ੍ਹਾਂ ਨੇ ਕਦੇ ਵੀ ਆਪਣੇ ਤੋਂ ਬਿਨਾਂ ਅਕਾਲੀ ਦਲ ਨੂੰ ਵੋਟ ਨਹੀਂ ਪਾਈ। ਐਮ.ਪੀ ਚੋਣਾਂ ਵਿਚ ਉਨ੍ਹਾਂ ਨੇ ਸਾਰੇ ਸਰਕਲ ਪ੍ਰਧਾਨਾਂ ਤੋਂ 25-25 ਹਜ਼ਾਰ ਰੁਪਏ ਲਏ ਪਰ ਕਦੇ ਅਕਾਲੀ ਦਲ ਦੀਆਂ ਮੀਟਿੰਗਾਂ ਵਿਚ ਨਹੀਂ ਆਏ।ਦੂਜੇ ਪਾਸੇ ਮਹਾਰਾਣੀ ਪ੍ਰਨੀਤ ਕੌਰ ਨਾਲ ਸੌਦਾ ਕਰਕੇ ਵੋਟਾਂ ਉਧਰਲੇ ਪਾਸੇ ਪੁਆਈਆਂ। ਉਨ੍ਹਾਂ ਦੱਸਿਆ ਕਿ ਪਿਛਲੀਆਂ ਚੋਣਾਂ ਵਿਚ ਚੰਦੂਮਾਜਰਾ ਦੇ ਪਿੰਡ ਵਿਚੋਂ ਉਨ੍ਹਾਂ ਨੂੰ ਸਿਰਫ 80 ਵੋਟਾਂ ਪਈਆਂ।

ਉਨ੍ਹਾਂ ਕਿਹਾ ਹੁਣ ਅਕਾਲੀ ਦਲ ਵਿਚ ਸੁਧਾਰ ਲਿਆਉਣ ਲਈ ਪ੍ਰੋ: ਚੰਦੂਮਾਜਰਾ ਜਿਹੜੀਆਂ ਮੀਟਿੰਗਾਂ ਕਰ ਰਹੇ ਹਨ ਉਨ੍ਹਾਂ ਆਮ ਆਦਮੀ ਪਾਰਟੀ ਅਤੇ ਕਾਂਗਰਸੀਆਂ ਨੂੰ ਨਾਲ ਲੈ ਕੇ ਕਰ ਰਹੇ ਕੋਈ ਵੀ ਅਕਾਲੀ ਵਰਕਰ ਉਨ੍ਹਾਂ ਦੇ ਨਾਲ ਨਹੀਂ ਹਨ।ਇਨ੍ਹਾਂ ਮੀਟਿੰਗਾਂ ਦਾ ਮੁੱਖ ਮਕਸਦ ਇਹ ਹੈ ਕਿ ਉਹ ਸਿਰਫ ਭਾਜਪਾ ਨੂੰ ਇਹ ਦਿਖਾਉਣਾ ਚਾਹੁੰਦੇ ਹਨ ਕਿ ਇਨ੍ਹਾਂ ਹਲਕਿਆ ਵਿਚ ਉਨ੍ਹਾਂ ਦਾ ਕਿੰਨਾ ਆਧਾਰ ਹੈ।ਉਨ੍ਹਾਂ ਕਿਹਾ ਪਾਰਟੀ ਦੀ ਹਾਰ ਵਿਚ ਇਨ੍ਹਾਂ ਬਾਗੀ ਲੀਡਰਾਂ ਦੀ ਮਾੜੀ ਕਾਰਗੁ ?ਜਾਰੀ ਦਾ ਵੱਡਾ ਹੱਥ ਰਿਹਾ ਹੈ ਇਹ ਬਾਗੀ ਆਗੂ ਲੋਕ ਸਭਾ ਚੋਣਾਂ ਤੋਂ ਪਹਿਲਾਂ ਬੀਜੇਪੀ ਨੂੰ ਸਮਰਥਨ ਦੇਣ ਵਾਲੇ ਬਿਆਨ ਦਿੰਦੇ ਰਹੇ ਅਤੇ ਸੁਖਬੀਰ ਬਾਦਲ ਤੇ ਦਬਾਅ ਬਣਾਉਂਦੇ ਰਹੇ ਕਿ ਭਾਜਪਾ ਨਾਲ ਸਮਝੌਤਾ ਕੀਤਾ ਜਾਵੇ ਪਰ ਸੁਖਬੀਰ ਬਾਦਲ ਨੇ ਸਪੱਸਟ ਕਰ ਦਿੱਤਾ ਸੀ ਕਿ ਪਾਰਟੀ ਲਈ ਪੰਜਾਬ ਅਤੇ ਇਸ ਦੇ ਮਸਲੇ ਪਹਿਲਾਂ ਹਨ ਅਤੇ ਵੋਟਾਂ ਲੈਣ ਵਾਸਤੇ ਪਾਰਟੀ ਇਨ੍ਹਾਂ ਮਸਲਿਆਂ ਤੇ ਸਮਝੌਤਾ ਨਹੀਂ ਕਰੇਗੀ।ਬਾਗੀ ਆਗੂਆਂ ਦੇ ਇਨ੍ਹਾਂ ਬਿਆਨਾਂ ਕਰਕੇ ਲੋਕਾਂ ਨੇ ਸਮਝਿਆ ਕਿ ਚੋਣਾਂ ਜਿੱਤਣ ਤੋਂ ਬਾਅਦ ਇਨ੍ਹਾਂ ਨੇ ਬੀਜੇਪੀ ਵਿਚ ਚਲੇ ਜਾਣਾ ਹੈ ਜਿਸ ਕਰਕੇ ਅਕਾਲੀ ਦਲ ਦਾ ਵੋਟ ਬੈਂਕ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ ਵਾਲੇ ਪਾਸੇ ਚਲਾ ਗਿਆ। ਉਨ੍ਹਾਂ ਕਿਹਾ ਚੰਦੂਮਾਜਰਾ ਸਮੇਤ ਇਨ੍ਹਾਂ ਬਾਗੀ ਆਗੂਆਂ ਨੂੰ ਅਕਾਲ ਤਖਤ ਸਾਹਿਬ ਤੋਂ ਮੁਆਫੀ ਮੰਗਣੀ ਚਾਹੀਦੀ ਹੈ ਅਤੇ ਦੱਸਣਾ ਚਾਹੀਦਾ ਹੈ ਕਿ ਭਾਵੇਂ ਉਨ੍ਹਾਂ ਨੇ ਵੱਡੇ ਵੱਡੇ ਅਹੁੱਦੇ ਲੈ ਲਏ ਪਰ ਅਸੀਂ ਕਿਸੇ ਹੋਰ ਆਗੂ ਨੂੰ ਜਿੱਤਣ ਨਹੀਂ ਦਿੱਤਾ।

ਉਨ੍ਹਾਂ ਇਹ ਬਹੁਤ ਚੰਗਾ ਹੋਇਆ ਹੈ ਕਿ ਸ੍ਰੋਮਣੀ ਅਕਾਲੀ ਦਲ ਨੂੰ ਢਾਹ ਲਾਉਣ ਵਾਲੇ ਇਨ੍ਹਾਂ ਬਾਗੀਆਂ ਸਫਾਇਆ ਹੋ ਗਿਆ ਹੈ ਕਿਉਂਕਿ ਇਹ ਪੈਸੇ ਲੈ ਕੇ ਅਹੁੱਦੇਦਾਰੀਆਂ ਦਿੰਦੇ ਸਨ ਅਤੇ ਵੋਟਰਾਂ ਨੂੰ ਦੂਜੀਆਂ ਪਾਰਟੀਆਂ ਨੂੰ ਵੇਚਦੇ ਰਹੇ ਹਨ । ਹੁਣ ਅਕਾਲੀ ਦਲ ਦੇ ਵਰਕਰਾਂ ਨੂੰ ਮਾਣ ਸਤਿਕਾਰ ਮਿਲੇਗਾ ਅਤੇ ਅਕਾਲੀ ਦਲ ਹੁਣ ਪਹਿਲਾਂ ਨਾਲੋਂ ਜਿ ?ਆਦਾ ਮਜ਼ਬੂਤ ਹੋਵੇਗਾ। ਜ਼ੀਰਕਪੁਰ ਦੇ ਵਿਕਾਸ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੀ ਅਣਦੇਖੀ ਕਾਰਨ ਹਲਕੇ ਵਿਚ ਵਿਕਾਸ ਦੀ ਹਾਲਤ ਬਹੁਤ ਮਾੜੀ ਹੋ ਚੁੱਕੀ ਹੈ ਅੱਜ ਜੀਰਕਪੁਰ ਦੇ ਲੋਕ ਨਰਕ ਭੋਗਣ ਲਈ ਮਜਬੂਰ ਹਨ। ਇਸ ਮਾੜੀ ਹਾਲਤ ਦੇ ਕਾਰਨ ਹੀ ਜੀਰਕਪੁਰ ਦੇ ਸਮੂਹ ਕੌਂਸਲਰਾਂ ਨੇ ਪ੍ਰਧਾਨ ਨੂੰ ਲਾਹੁਣ ਲਈ ਬੇਭਰੋਸਗੀ ਮਤਾ ਪਾਇਆ ਹੈ। ਉਨ੍ਹਾਂ ਨਗਰ ਕੌਂਸਲ ਦੀ ਪ੍ਰਧਾਨਗੀ ਨੂੰ ਲੈ ਕੇ ਸਪਸ਼ਟ ਕੀਤਾ ਕਿ ਭਾਵੇਂ ਆਮ ਆਦਮੀ ਪਾਰਟੀ ਦਾ ਪ੍ਰਧਾਨ ਬਣੇ ਜਾਂ ਕਾਂਗਰਸ ਉਹ ਕਿਸੇ ਨੂੰ ਸਪੋਰਟ ਨਹੀਂ ਕਰਨਗੇ। ਪਰ ਉਹ ਜੀਰਕਪੁਰ ਦੀ ਬਰਬਾਦੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਜੀਰਕਪੁਰ ਸ਼ਹਿਰ ਦਾ ਜਿ ?ਨਾ ਵਿਕਾਸ ਹੋਇਆ ਉਹ ਅਕਾਲੀ ਦਲ ਦੀ ਸਰਕਾਰ ਸਮੇਂ ਹੋਇਆ। ਲਾਲੜੂ ਤੋਂ ਲੈ ਕੇ ਜੀਰਕਪੁਰ ਤੱਕ ਜਿੰਨੇ ਪੁਲ ਬਣੇ ਉਹ ਸੋ ?ਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਬਣੇ ਅਤੇ ਇਨ੍ਹਾਂ ਦੇ ਸਾਰੇ ਪੈਸੇ ਪੰਜਾਬ ਸਰਕਾਰ ਨੇ ਦਿੱਤੇ ਸੀ ਪਰ ਕਿਸੇ ਕਮੇਟੀ ਤੋਂ ਕੋਈ ਪੈਸਾ ਨਹੀਂ ਲਿਆ ਗਿਆ। ਉਨ੍ਹਾਂ ਕਿਹਾ ਕਿ ਜੀਰਕਪੁਰ ਕਮੇਟੀ ਦੇ ਪੈਸੇ ਦੀ ਦੁਰਵਰਤੋਂ ਹੋ ਰਹੀ ਹੈ। ਜੀਰਕਪੁਰ ਕਮੇਟੀ ਵਿਚ ਬਹੁਤ ਸਾਰੀਆਂ ਪੋਸਟਾਂ ਅਜਿਹੀਆਂ ਹਨ ਜਿਹੜੀਆਂ ਨਾ ਹੀ ਸੈਕਸ਼ਨਡ ਹਨ ਅਤੇ ਨਾ ਹੀ ਉਨ੍ਹਾਂ ਦੀ ਬਜ਼ਟ ਵਿਚ ਕੋਈ ਪ੍ਰੋਵੀਜ਼ਨ ਹੈ ਇਕ ਇਕ ਕਮਰੇ ਵਿਚ 5-5 ਬੰਦੇ ਬੈਠੇ ਹਨ ਜਿਹਨ੍ਹਾਂ ਦੀਆਂ ਤਨਖਾਹਾਂ ਕਮੇਟੀ ਦਫਤਰ ਤੋਂ ਜਾ ਰਹੀਆਂ ਹਨ।ਇਸ ਮਾਮਲੇ ਵਿਚ ਅਫਸਰਾਂ ਸਮੇਤ ਸਾਬਕਾ ਪ੍ਰਧਾਨ ਤੇ 420 ਦਾ ਪਰਚਾ ਦਰਜ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਉਹ ਸ਼ਹਿਰ ਵਾਸੀਆਂ ਨਾਲ ਹੋ ਰਹੇ ਇਸ ਧੱਕੇ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰਨਗੇ ਅਤੇ ਇਸ ਦੇ ਖਿਲਾਫ ਆਵਾਜ਼ ਬੁਲੰਦ ਕਰਨਗੇ।

# ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਲਹਿਰਾਇਆ ਕੌਮੀ ਝੰਡਾ

**ਲੁਧਿਆਣਾ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

78ਵੇਂ ਸੁਤੰਤਰਤਾ ਦਿਵਸ ਦੀ ਫੁੱਲ ਡਰੈੱਸ ਰਿਹਰਸਲ ਮੰਗਲਵਾਰ ਨੂੰ ਸਥਾਨਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮੈਦਾਨ ਵਿੱਚ ਹੋਈ।ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਪਰੇਡ ਦੀ ਪ੍ਰਧਾਨਗੀ ਕਰਦਿਆਂ ਝੰਡਾ ਲਹਿਰਾਇਆ।

ਉਨ੍ਹਾਂ ਪਰੇਡ ਕਮਾਂਡਰ ਆਈ.ਪੀ.ਐਸ. ਅਧਿਕਾਰੀ ਜਯੰਤ ਪੁਰੀ ਦੀ ਅਗਵਾਈ ਵਿੱਚ ਪੰਜਾਬ ਪੁਲਿਸ (ਲੜਕੇ ਅਤੇ ਲੜਕੀਆਂ), ਪੰਜਾਬ ਹੋਮ ਗਾਰਡਜ਼, ਐਨ.ਸੀ.ਸੀ. ਸਕਾਊਟਸ (ਲੜਕੇ ਅਤੇ ਲੜਕੀਆਂ) ਅਤੇ ਹੋਰਾਂ ਸਮੇਤ ਮਾਰਚ ਪਾਸਟ ਵਿੱਚ ਭਾਗ ਲੈਣ ਵਾਲੀਆਂ ਟੁਕੜੀਆਂ ਤੋਂ ਸਲਾਮੀ ਵੀ ਲਈ।

ਇਸ ਮੌਕੇ ਡਿਪਟੀ ਕਮਿਸ਼ਨਰ ਦੇ ਨਾਲ ਡੀ.ਸੀ.ਪੀ. ਜਸਕਰਨ ਸਿੰਘ ਤੇਜਾ ਅਤੇ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ ਵੀ ਮੌਜੂਦ ਸਨ।ਮਾਰਚ ਪਾਸਟ ਤੋਂ ਬਾਅਦ 27 ਸਰਕਾਰੀ ਸਕੂਲਾਂ ਦੇ 750 ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪੀਟੀ ਸ਼ੋਅ, ਸਪਰਿੰਗ ਡੇਲ ਸਕੂਲ, ਬੀ.ਵੀ.ਐਮ. ਸਕੂਲ, ਡੀ.ਏ.ਵੀ. ਸਕੂਲ ਅਤੇ ਹੋਰਾਂ ਸਮੇਤ ਵੱਖ-ਵੱਖ ਸੰਸਥਾਵਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦਾ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।

ਪਹਿਲੀ ਵਾਰ ਹੈਬੋਵਾਲ ਦੇ ਵੋਕੇਸ਼ਨਲ ਰੀਹੈਬਲੀਟੇਸ਼ਨ ਟਰੇਨਿੰਗ ਸੈਂਟਰ (ਵੀ.ਆਰ.ਟੀ.ਸੀ.) ਦੇ ਨੇਤਰਹੀਣ ਵਿਦਿਆਰਥੀਆਂ ਨੇ ਰਾਸ਼ਟਰੀ ਗੀਤ ਗਾਇਆ ਜਦਕਿ ਸਰਾਭਾ ਨਗਰ ਸਥਿਤ ਰੈੱਡ ਕਰਾਸ ਡੈਫ ਐਂਡ ਡੰਬ ਸਕੂਲ ਦੇ ਬੋਲਣ ਅਤੇ ਸੁਣਨ ਤੋਂ ਅਸਮਰੱਥ ਵਿਦਿਆਰਥੀਆਂ ਨੇ ਸੰਕੇਤਕ ਭਾਸ਼ਾ ਦੀ ਵਰਤੋਂ ਕਰਦਿਆਂ ਉਨ੍ਹਾਂ ਨਾਲ ਸ਼ਿਰਕਤ ਕੀਤੀ।

# ਆਜ਼ਾਦੀ ਦਿਹਾੜੇ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੁਤੰਤਰਤਾ ਸੰਗਰਾਮੀਆਂ, ਸੰਘਰਸ਼ੀ ਯੋਧਿਆਂ ਤੇ ਜੰਗੀ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਦਾ ਕੀਤਾ ਸਨਮਾਨ

**ਪਟਿਆਲਾ, 18 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਦੇਸ਼ ਦੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਦੇਸ਼ ਦੀ ਆਜ਼ਾਦੀ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੰਜਾਬ ਦੇ ਵਿੱਤ, ਯੋਜਨਾ, ਪ੍ਰੋਗਰਾਮ ਲਾਗੂਕਰਨ, ਕਰ ਤੇ ਆਬਕਾਰੀ ਅਤੇ ਆਰਥਿਕ ਤੇ ਅੰਕੜਾ ਸੰਗਠਨ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਨਮਾਨਤ ਕੀਤਾ। ਸਮਾਗਮ ਦੌਰਾਨ ਮੁੱਖ ਮਹਿਮਾਨ ਨੇ ਦੇਸ਼ ਦੀ ਰੱਖਿਆਂ ਲਈ ਸ਼ਹੀਦ ਹੋਣ ਵਾਲੇ ਸੈਨਿਕਾਂ ਦੇ ਪਰਿਵਾਰਾਂ ਅਤੇ ਸੰਘਰਸ਼ੀ ਯੋਧਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੀ ਸਨਮਾਨਤ ਕੀਤਾ। ਇਸ ਮੌਕੇ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਨ੍ਹਾਂ ਸੁਤੰਤਰਤਾ ਸੰਗਰਾਮੀਆਂ ਵੱਲੋਂ ਆਜ਼ਾਦੀ ਲਈ ਕੀਤੀਆਂ ਗਈਆਂ ਕੁਰਬਾਨੀਆਂ ਸਦਕਾ ਹੀ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ।

ਇਸ ਮੌਕੇ ਓਪਰੇਸ਼ਨ ਰਕਸ਼ਕ ਦੌਰਾਨ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ ਨੂੰ ਮੁੱਖ ਮਹਿਮਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। 2003 ਵਿੱਚ ਸ਼ਹੀਦ ਹੋਏ ਸਿਪਾਹੀ ਰਣਜੋਧ ਸਿੰਘ ਦੇ ਪਿਤਾ ਸ. ਰਣਧੀਰ ਸਿੰਘ ਨੂੰ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਨਮਾਨ ਚਿੰਨ੍ਹ ਭੇਟ ਕੀਤਾ। ਇਸੇ ਤਰ੍ਹਾਂ 2000 ਵਿੱਚ ਸ਼ਹੀਦ ਹੋਏ ਲਾਂਸ ਨਾਇਕ ਸਤਨਾਮ ਸਿੰਘ ਦੇ ਪਤਨੀ ਬਲਵਿੰਦਰ ਕੌਰ ਨੇ ਸਨਮਾਨ ਪ੍ਰਾਪਤ ਕੀਤਾ।



ਪੰਜਾਬ ਦੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਆਜ਼ਾਦੀ ਦੀ 78ਵੀਂ ਵਰ੍ਹੇਗੰਢ ਮੌਕੇ ਪਟਿਆਲਾ ਦੇ ਰਾਜਾ ਭਲਿੰਦਰ ਸਿੰਘ ਸਪੋਰਟਸ ਕੰਪਲੈਕਸ ਵਿਖੇ ਆਜ਼ਾਦੀ ਘੁਲਾਟੀਏ ਸ. ਮੋਹਕਮ ਸਿੰਘ ਅਤੇ ਸੁਤੰਤਰਤਾ ਸੰਗਰਾਮੀਆਂ ਦੇ ਉਤਰਾਧਿਕਾਰੀਆਂ ਦਾ ਸਨਮਾਨ ਕਰਦੇ ਹੋਏ।

1994 ਵਿੱਚ ਸ਼ਹੀਦ ਹੋਏ ਲਾਂਸ ਨਾਇਕ ਸਾਧੂ ਸਿੰਘ ਦੇ ਪਤਨੀ ਕਰਮਜੀਤ ਕੌਰ, 1999 ਵਿੱਚ ਸ਼ਹੀਦ ਹੋਏ ਲਾਂਸ ਨਾਇਕ ਸ਼ੀਸ਼ਾ ਸਿੰਘ ਦੇ ਪਤਨੀ ਬਲਬੀਰ ਕੌਰ ਅਤੇ ਸ਼ਹੀਦ ਨਾਇਕ ਮਲਕੀਤ ਸਿੰਘ ਦੇ ਪਤਨੀ ਕਰਮਜੀਤ ਕੌਰ ਨੂੰ ਆਜ਼ਾਦੀ ਦਿਹਾੜੇ ਮੌਕੇ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ।

78ਵੇਂ ਆਜ਼ਾਦੀ ਦਿਹਾੜੇ ਦੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਨਾਭਾ ਸੁਰਿੰਦਰਪਾਲ ਸ਼ਰਮਾ, ਜ਼ਿਲ੍ਹਾ ਮਾਲ ਅਫ਼ਸਰ ਗੁਰਲੀਨ ਕੌਰ, ਡਾ. ਅਮਨ ਵਾਲੀਆ, ਡਾ. ਦਮਨ ਵਾਲੀਆ, ਡਾ. ਰੌਜੀ ਸਿੰਗਲਾ, ਡਾ. ਦਿਵਜੋਤ ਸਿੰਘ, ਡਾ. ਜਸਪ੍ਰੀਤ ਕੌਰ, ਨਰਸਿੰਗ ਅਫ਼ਸਰ ਪਰਮਿੰਦਰ ਸਿੰਘ, ਡਾ. ਸੰਦੀਪ ਸਿੰਘ, ਡਾ. ਦੀਪ ਸਿੰਘ, ਜਸਪਾਲ ਕੌਰ, ਸੰਤੋਸ਼ ਰਾਣੀ, ਹਰਮਿਲਨ ਕੌਰ, ਗੁਰਨਾਜ ਕੌਰ, ਸਮੀਰ ਮੁਹੰਮਦ, ਸਨੇਹਪ੍ਰੀਤ ਕੌਰ, ਆਰਿਅਨ, ਮੋਹਣ ਸਿੰਘ, ਜਸਪ੍ਰੀਤ ਕੌਰ ਅਤੇ ਪੁਸ਼ਪਿੰਦਰ ਕੌਰ ਨੂੰ ਸਨਮਾਨਤ ਕੀਤਾ ਗਿਆ।

ਇਸੇ ਤਰ੍ਹਾਂ ਰੁਪਿੰਦਰਜੀਤ ਕੌਰ, ਤਰਲੋਚਨ ਸਿੰਘ, ਤੇਜਪਾਲ ਸਿੰਘ ਬੇਨੀਪਾਲ, ਗੁਰਭਾਗ ਸਿੰਘ, ਨਿਰਲੇਪ ਕੌਰ, ਹਰਿੰਦਰ ਸਿੰਘ ਗੋਂਗਨਾ, ਜਗਦੀਸ਼ ਸਿੰਘ, ਕੇਵਲ ਸਿੰਘ, ਲੈਫਟੀਨੈਂਟ ਨਿਧੀ ਰਾਣੀ ਗੁਪਤਾ, ਸਾਬਕਾ ਸੈਨਿਕ ਮੁਖਤਿਆਰ ਸਿੰਘ, ਡਾ. ਅਭਿਨੰਦਨ ਬੱਸੀ, ਏ.ਐਸ.ਆਈ ਧਰਮਪਾਲ, ਗੁਰਸੇਵਕ ਸਿੰਘ, ਮਿਸ ਨਿਧੀ, ਮਨਦੀਪ ਨੇਹਰਾ, ਗੁਰਦਰਸ਼ਨ ਚਮੋਲੀ, ਰੀਨਾ ਰਾਣੀ, ਅਮਨਦੀਪ ਸਿੰਘ, ਬਿਕਰਮਜੀਤ ਸਿੰਘ, ਪੁਨੀਤ ਗੁਪਤਾ, ਗੁਰਬਚਨ ਸਿੰਘ ਕੱਕੜ, ਸੰਦੀਪ ਸਿੰਘ, ਐਡਵੋਕੇਟ ਮਾਨਿਕ ਰਾਜ ਸਿੰਗਲਾ, ਰਾਜੇਸ਼ ਕੁਮਾਰ, ਆਸ਼ੂ ਮਲਿਕ, ਕੁਲਦੀਪ ਸਿੰਘ, ਨਵੀਨ ਗੁਪਤਾ, ਮਿਸ ਸਮਾਇਰਾ, ਬਲਵਿੰਦਰ ਸਿੰਘ ਤੇ ਬੀ.ਕੇ. ਸ਼ਾਨਤਾ ਨੇ ਸਨਮਾਨ ਪ੍ਰਾਪਤ ਕੀਤਾ।

ਇਸ ਦੌਰਾਨ ਸੰਸਥਾਵਾਂ ਮਿਸ਼ਨ ਸੇਵ ਲਾਈਫ ਵੈਲਫੇਅਰ ਸੋਸਾਇਟੀ, ਮਰੀਜ਼ ਮਿੱਤਰਾ ਵੈਲਫੇਅਰ ਆਰਗੇਨਾਈਜੇਸ਼ਨ, ਹਰਸ਼ ਬਲੱਡ ਡੋਨਰ ਸੋਸਾਇਟੀ, ਸਮਾਜ ਕਲਿਆਣ ਕਲੱਬ, ਰੋਟਰੀ ਕਲੱਬ, ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ, ਹਿਊਮਨ ਰਾਈਟਜ ਓਰਗਾਨਾਈਜੇਸ਼ਨ, ਪੀ.ਐਸ.ਆਰ.ਜੇ. ਵੈਲਫੇਅਰ ਸੋਸਾਇਟੀ, ਯੁਵਕ ਸੇਵਾਵਾਂ ਕਲੱਬ ਖਾਨਪੁਰ ਗੰਡਿਆ ਨੂੰ ਵੀ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਸੜਕ ਦੁਰਘਟਨਾ ਸਮੇਂ ਮਦਦ ਕਰਨ ਵਾਲਿਆਂ ਲਈ ਸ਼ੁਰੂ ਕੀਤੀ ਗਈ ਫਰਿਸ਼ਤਾ ਸਕੀਮ ਤਹਿਤ ਅਰਜੁਨ, ਗੁਰਸੇਵਕ, ਇਕਬਾਲ ਸਿੰਘ, ਵਿਨੋਦ ਕੁਮਾਰ, ਹੈਪੀ, ਲਵਪ੍ਰੀਤ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਜਗਤਾਰ ਸਿੰਘ ਜੱਗੀ, ਰਵੀ ਸਿੰਘ ਆਹਲੂਵਾਲੀਆ ਨੇ ਵੀ ਸਨਮਾਨ ਪ੍ਰਾਪਤ ਕੀਤਾ।

ਪੁਲਿਸ ਵਿਭਾਗ ਵਿੱਚ ਬਿਹਤਰੀਨ ਕੰਮ ਕਰਨ ਵਾਲੇ 20 ਪੁਲਿਸ ਮੁਲਾਜ਼ਮਾਂ ਨੂੰ ਵੀ ਸਨਮਾਨ ਪ੍ਰਾਪਤ ਕੀਤਾ ਜਿਸ ਵਿੱਚ ਇੰਸਪੈਕਟਰ ਝਰਮਲ ਸਿੰਘ, ਕਰਮਜੀਤ ਸਿੰਘ, ਸੰਦੀਪ ਸਿੰਘ, ਸ਼ੌਕਤ ਅਲੀ, ਅਮਰਜੀਤ ਸਿੰਘ, ਬਲਵੀਰ ਸਿੰਘ, ਨਵਨੀਤ ਸਿੰਘ, ਇੰਸਪੈਕਟਰ ਰਮਨਪ੍ਰੀਤ ਸਿੰਘ, ਨਿਰਮਲ ਸਿੰਘ, ਪਰਮਜੀਤ ਸਿੰਘ, ਸਿਵਰਾਜ ਸਿੰਘ, ਨਵਪ੍ਰੀਤ ਸਿੰਘ, ਰਵਿੰਦਰ ਸਿੰਘ, ਲਵਦੀਪ ਸਿੰਘ, ਵਿਨਰਪ੍ਰੀਤ ਸਿੰਘ, ਅਮਨਦੀਪ ਸਿੰਘ, ਸ਼ੇਰ ਸਿੰਘ, ਡਿੰਪਲ ਕੁਮਾਰ, ਨਿਰਮਲਜੀਤ ਸਿੰਘ ਤੇ ਹਰਕੀਰਤ ਸਿੰਘ ਸ਼ਾਮਲ ਸਨ। ਇਸ ਤੋਂ ਇਲਾਵਾ ਸੜਕ ਸੁਰੱਖਿਆ ਫੋਰਸ 'ਚ ਬਿਹਤਰੀਨ ਕੰਮ ਕਰਨ ਵਾਲੇ ਡੀ.ਐਸ.ਪੀ. ਕਰਨੈਲ ਸਿੰਘ, ਸਿਪਾਹੀ ਹਰਪ੍ਰੀਤ ਸਿੰਘ, ਅਮਨਦੀਪ ਕੌਰ, ਆਸ਼ੂ ਅਤੇ ਟਰੈਫਿਕ ਮਾਰਸ਼ਲ ਅੰਗਰੇਜ਼ ਸਿੰਘ ਨੂੰ ਵੀ ਸਨਮਾਨਤ ਕੀਤਾ ਗਿਆ।

ਜ਼ਿਲ੍ਹਾ ਪੱਧਰੀ ਸਮਾਗਮ ਦੀ ਸਮਾਪਤੀ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਪੰਜਾਬ ਦੇ ਵਿੱਤ ਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੂੰ ਇਕ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਏ.ਡੀ.ਪੀ.ਜੀ. ਸ਼ਿਵੇ ਕੁਮਾਰ ਵਰਮਾ, ਪਟਿਆਲਾ ਮੰਡਲ ਦੇ ਕਮਿਸ਼ਨਰ ਡੀ.ਐਸ. ਮਾਂਗਟ, ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ, ਐਸ.ਐਸ.ਪੀ. ਡਾ. ਨਾਨਕ ਸਿੰਘ, ਏ.ਡੀ.ਸੀ. ਮੈਡਮ ਕੰਚਨ, ਏ.ਡੀ.ਸੀ. ਡਾ. ਹਰਜਿੰਦਰ ਸਿੰਘ ਬੇਦੀ ਤੇ ਏ.ਡੀ.ਸੀ. ਨਵਰੀਤ ਕੌਰ ਸੇਖੋਂ ਵੀ ਮੌਜੂਦ ਸਨ।

# ਭਾਸ਼ਾ ਵਿਭਾਗ ਪੰਜਾਬ ਨੇ ਪ੍ਰਭਾਵਸ਼ਾਲੀ ਢੰਗ ਨਾਲ ਮਨਾਇਆ ਅਜ਼ਾਦੀ ਦਿਹਾੜਾ



**ਪਟਿਆਲਾ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਜ ਇੱਥੇ ਮੁੱਖ ਦਫ਼ਤਰ ਵਿਖੇ ਅਜ਼ਾਦੀ ਦਿਵਸ ਪ੍ਰਭਾਵਸ਼ਾਲੀ ਸਮਾਗਮ ਕਰਕੇ ਮਨਾਇਆ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਵੱਲੋਂ ਭਾਸ਼ਾ ਸਦਨ ਦੇ ਵਿਹੜੇ 'ਚ ਕੌਮੀ ਝੰਡਾ ਲਹਿਰਾਉਣ ਨਾਲ ਸਮਾਗਮ ਦੀ ਸ਼ੁਰੂਆਤ ਹੋਈ ਅਤੇ ਇਸ ਉਪਰੰਤ ਮੌਕੇ 'ਤੇ ਹਾਜ਼ਰ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਮਿਲਕੇ ਰਾਸ਼ਟਰ ਗਾਣ ਗਾਇਆ। ਫਿਰ ਵਿਭਾਗ ਦੇ ਸੈਮੀਨਾਰ ਹਾਲ 'ਚ ਹੋਏ ਸਮਾਗਮ ਦੇ ਦੂਸਰੇ ਪੜਾਅ ਨੂੰ ਵਿਭਾਗ ਦੇ ਕਰਮਚਾਰੀਆਂ ਨੇ ਵੱਖ-ਵੱਖ ਪੇਸ਼ਕਾਰੀਆਂ ਰਾਹੀਂ ਯਾਦਗਾਰੀ ਬਣਾ ਦਿੱਤਾ।

ਇਸ ਮੌਕੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਭਾਸ਼ਨ ਰਾਹੀਂ ਵਿਭਾਗ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਦੇਸ਼ ਦੇ ਅਜੋਕੇ ਹਾਲਾਤਾਂ ਦੇ ਸੰਦਰਭ 'ਚ ਕਿਹਾ ਕਿ ਸਾਨੂੰ ਅਜ਼ਾਦੀ ਕਿਵੇਂ ਮਿਲੀ, ਇਸ ਗੱਲ 'ਤੇ ਵਿਚਾਰ ਕਰਨ ਦੇ ਨਾਲੋਂ ਇੰਨਾਂ ਤੱਥਾਂ 'ਤੇ ਚਰਚਾ ਕਰਨੀ ਚਾਹੀਦੀ ਹੈ ਕਿ ਅਸੀਂ ਗੁਲਾਮ ਕਿਉਂ ਹੋਏ? ਸ. ਜ਼ਫ਼ਰ ਨੇ ਕਿਹਾ ਕਿ ਕਿਸੇ ਵੀ ਦੇਸ਼ ਦੇ ਗੁਲਾਮ ਹੋਣ 'ਚ ਉਸ ਮੁਲਕ ਦੇ ਲੋਕਾਂ ਦੀਆਂ ਗਲਤੀਆਂ, ਕਮਜ਼ੋਰੀਆਂ ਤੇ ਖੁਦਗਰਜ਼ੀਆਂ ਦਾ ਵੱਡਾ ਹੱਥ ਹੁੰਦਾ ਹੈ। ਇਸ ਕਰਕੇ ਹਰੇਲ ਮੁਲਕ ਦੇ ਵਾਸੀਆਂ ਦਾ ਫ਼ਰਜ਼ ਬਣਦਾ ਹੈ ਕਿ ਆਪਣੇ ਦੇਸ਼ ਦੀ ਅਜ਼ਾਦੀ ਨੂੰ ਕਾਇਮ ਰੱਖਣ ਲਈ ਆਪਣੀਆਂ ਜ਼ਿੰਮੇਵਾਰੀਆਂ ਨੂੰ ਬਾਖੂਬੀ ਨਿਭਾਉਣ।

ਸਮਾਗਮ ਦੌਰਾਨ ਵਿਭਾਗ ਦੇ ਖੋਜ ਅਫ਼ਸਰ ਡਾ. ਸੰਤੋਖ ਸਿੰਘ ਸੁੱਖੀ, ਡਾ. ਸੱਤਪਾਲ ਸਿੰਘ ਚਹਿਲ ਤੇ ਸੀਨੀਅਰ ਸਹਾਇਕ ਗੁਰਮੇਲ ਸਿੰਘ ਸਰਕਾਰੀਆ ਨੇ ਆਪਣੀਆਂ ਕਾਵਿਕ ਪੇਸ਼ਕਾਰੀਆਂ ਨਾਲ ਰੰਗ ਬੰਨਿਆ। ਡਾ. ਮਨਜਿੰਦਰ ਸਿੰਘ ਨੇ ਆਪਣੀ ਗਾਇਕੀ ਰਾਹੀਂ ਪੰਜਾਬ ਦੇ ਲੋਕ ਰੰਗ ਪੇਸ਼ ਕੀਤੇ। ਅਖੀਰ ਵਿੱਚ ਵਿਭਾਗ ਦੀਆਂ ਮਹਿਲਾ ਕਰਮਚਾਰੀਆਂ ਹਰਪ੍ਰੀਤ ਕੌਰ, ਅਵਨੀਤ ਕੌਰ, ਮਨਦੀਪ ਕੌਰ, ਏਕਤਾ, ਕੌਸ਼ਿਕ, ਨੇਹਾ ਖੁਰਾਣਾ, ਦਮਨ ਅਤੇ ਈਸ਼ਾ ਨੇ ਪੰਜਾਬ ਦੇ ਲੋਕ ਨਾਚ ਗਿੱਧੇ ਦੀ ਪੇਸ਼ਕਾਰੀ ਨਾਲ ਸਮਾਗਮ ਨੂੰ ਸਿਖਰ 'ਤੇ ਪਹੁੰਚਾ ਦਿੱਤਾ। ]

ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਵੱਲੋਂ ਕੀਤਾ ਗਿਆ। ਅਖੀਰ ਵਿੱਚ ਸਮਾਗਮ 'ਚ ਹਿੱਸਾ ਲੈਣ ਵਾਲੇ ਸਾਰੇ ਕਲਾਕਾਰਾਂ ਨੂੰ ਡਾਇਰੈਕਟਰ ਸਾਹਿਬ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਡਿਪਟੀ ਡਾਇਰੈਕਟਰ ਹਰਭਜਨ ਕੌਰ, ਚੰਦਨਦੀਪ ਕੌਰ ਤੇ ਸਤਨਾਮ ਸਿੰਘ, ਸਹਾਇਕ ਡਾਇਰੈਕਟਰ ਅਸ਼ਰਫ ਮਹਿਮੂਦ ਨੰਦਨ, ਆਲੋਕ ਚਾਵਲਾ, ਸੁਖਪ੍ਰੀਤ ਕੌਰ, ਜਸਪ੍ਰੀਤ ਕੌਰ, ਸੁਰਿੰਦਰ ਕੌਰ ਅਤੇ ਵੱਡੀ ਗਿਣਤੀ 'ਚ ਕਰਮਚਾਰੀ ਹਾਜ਼ਰ ਸਨ।

# ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਮਾਨਸਾ ਵਿਖੇ ਲਹਿਰਾਇਆ ਕੌਮੀ ਝੰਡਾ

**ਚੰਡੀਗੜ੍ਹ/ਮਾਨਸਾ, 15 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ, ਸੁਤੰਤਰਤਾ ਸੈਨਾਨੀਆਂ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਭਾਰਤ ਦੇ 78ਵੇਂ ਆਜ਼ਾਦੀ ਦਿਹਾੜੇ ਮੌਕੇ ਮਾਨਸਾ ਵਿਖੇ ਕੌਮੀ ਝੰਡਾ ਲਹਿਰਾਇਆ ਅਤੇ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਤੇ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਦਾ ਅਹਿਦ ਲਿਆ। ਨਹਿਰੂ ਮੈਮੋਰੀਅਲ ਸਰਕਾਰੀ ਕਾਲਜ, ਮਾਨਸਾ ਦੇ ਬਹੁਮੰਤਵੀ ਖੇਡ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਰੋਹ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਵੱਲੋਂ ਦੇਸ਼ ਦੇ ਆਜ਼ਾਦੀ ਸੰਗਰਾਮ ਦੌਰਾਨ ਦਿੱਤੀਆਂ ਗਈਆਂ ਅਥਾਹ ਕੁਰਬਾਨੀਆਂ ਸਾਡੇ ਸਾਰਿਆਂ ਲਈ ਹਮੇਸ਼ਾ ਮਾਣ ਅਤੇ ਪ੍ਰੇਰਨਾਸਰੋਤ ਬਣੀਆਂ ਰਹਿਣਗੀਆਂ। ਇਸ ਮੌਕੇ ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਵਿੱਚ ਸ਼ਾਮਲ ਟੁਕੜੀਆਂ ਤੋਂ ਸਲਾਮੀ ਲਈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਫੌਜੀਆਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਘੁਲਾਟੀਏ ਸਾਡਾ ਮਾਣ ਹਨ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਜ਼ਾਦੀ ਸੰਗਰਾਮੀਆਂ ਪ੍ਰਤੀ ਆਪਣੇ ਸਤਿਕਾਰ ਦੇ ਸਨਮੁਖ ਸੂਬੇ ਦੇ ਆਜ਼ਾਦੀ ਘੁਲਾਟੀਆਂ ਜਾਂ ਉਨ੍ਹਾਂ ਦੇ ਵਾਰਸਾਂ ਨੂੰ ਮਿਲਦੀ ਪੈਨਸ਼ਨ 9400 ਤੋਂ ਵਧਾ ਕੇ 11,000 ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ ਅਤੇ ਇਸ ਸਕੀਮ ਅਧੀਨ ਅਗਨੀਵੀਰਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਸੇ ਤਰ੍ਹਾਂ ਰਾਜ ਸਰਕਾਰ ਵੱਲੋਂ ਸੂਬੇ ਅਤੇ ਦੇਸ਼ ਦੀ ਸੁਰੱਖਿਆ ਲਈ ਜਾਨ ਵਾਰਨ ਵਾਲੇ ਪੁਲਿਸ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਹਿੱਤਾਂ ਦੀ ਦੇਖਭਾਲ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸਰੀਰਕ ਤੌਰ ਉਤੇ 76 ਫ਼ੀਸਦੀ ਤੋਂ 100 ਫ਼ੀਸਦੀ ਤੱਕ ਦਿਵਿਆਂਗ ਹੋਏ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਗ੍ਰਾਂਟ 20 ਲੱਖ ਰੁਪਏ ਤੋਂ ਵਧਾ ਕੇ 40 ਲੱਖ ਰੁਪਏ ਕੀਤੀ ਗਈ ਹੈ। ਇਸੇ ਤਰ੍ਹਾਂ 51 ਫ਼ੀਸਦੀ ਤੋਂ 75 ਫ਼ੀਸਦੀ ਤੱਕ ਦਿਵਿਆਂਗ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਗ੍ਰਾਂਟ 10 ਲੱਖ ਤੋਂ ਵਧਾ ਕੇ 20 ਲੱਖ ਰੁਪਏ ਅਤੇ 25 ਫ਼ੀਸਦੀ ਤੋਂ 50 ਫ਼ੀਸਦੀ ਤੱਕ ਦਿਵਿਆਂਗ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਗ੍ਰਾਂਟ 5 ਲੱਖ ਤੋਂ ਵਧਾ ਕੇ 10 ਲੱਖ ਰੁਪਏ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ 'ਦਿ ਈਸਟ ਪੰਜਾਬ ਵਾਰ ਐਵਾਰਡਜ਼ ਐਕਟ-1948' ਤਹਿਤ ਉਨ੍ਹਾਂ ਮਾਪਿਆਂ ਨੂੰ ਵਿੱਤੀ ਸਹਾਇਤਾ ਵਜੋਂ ਜੰਗੀ ਜਗੀਰ ਪ੍ਰਦਾਨ ਕਰ ਰਹੀ ਹੈ, ਜਿੰਨ੍ਹਾਂ ਦੇ ਇਕਲੌਤੇ ਜਾਂ ਦੋ ਤੋਂ ਤਿੰਨ ਬੱਚੇ ਦੂਜੇ ਵਿਸ਼ਵ ਯੁੱਧ, ਕੌਮੀ ਐਮਰਜੈਂਸੀ 1962 ਅਤੇ 1971 ਦੌਰਾਨ ਭਾਰਤੀ ਫ਼ੌਜ ਵਿਚ ਸੇਵਾ ਨਿਭਾਅ ਚੁੱਕੇ ਹਨ।

# ਪਾਵਰ ਟਰਾਂਸਮਿਸ਼ਨ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਪ੍ਰਾਪਤੀ, 151 ਕਰੋੜ ਰੁਪਏ ਦੇ ਵੱਡੇ ਅੱਪਗ੍ਰੇਡੇਸ਼ਨ ਕਾਰਜ ਕੀਤੇ ਮੁਕੰਮਲ: ਹਰਭਜਨ ਸਿੰਘ ਈ.ਟੀ.ਓ

**ਚੰਡੀਗੜ੍ਹ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਇਥੇ ਪੀ.ਐਸ.ਪੀ.ਸੀ.ਐਲ. ਵੱਲੋਂ ਪਾਵਰ ਟਰਾਂਸਮਿਸ਼ਨ ਨੈੱਟਵਰਕ ਵਿੱਚ ਜਨਵਰੀ 2024 ਤੋਂ ਹੁਣ ਤੱਕ ਵੱਡੇ ਅੱਪਗ੍ਰੇਡੇਸ਼ਨ ਕਾਰਜਾਂ ਨੂੰ ਸਫਲਤਾਪੂਰਵਕ ਪੂਰਾ ਕਰਨ ਦਾ ਐਲਾਨ ਕੀਤਾ, ਜਿਸਦੀ ਸੰਯੁਕਤ ਅਨੁਮਾਨਿਤ ਲਾਗਤ 151 ਕਰੋੜ ਰੁਪਏ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਭਰੋਸੇਮੰਦ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਵੱਲ ਇੱਕ ਮਹੱਤਵਪੂਰਨ ਕਦਮ ਹੈ।



ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਬਿਜਲੀ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਨੇ ਤਿੰਨ ਨਵੇਂ 66 ਕੇਵੀ ਗਰਿੱਡ ਸਬਸਟੇਸ਼ਨ ਚਾਲੂ ਕੀਤੇ ਹਨ, ਜਿਸ ਨਾਲ ਪਾਵਰ ਗਰਿੱਡ ਵਿੱਚ 80 ਐਮ.ਵੀ.ਏ. ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ 32 ਪਾਵਰ ਟ੍ਰਾਂਸਫਾਰਮਰਾਂ ਦੇ ਵਾਧੇ ਦੇ ਨਤੀਜੇ ਵਜੋਂ ਸਮਰੱਥਾ ਵਿੱਚ 277 ਐਮ.ਵੀ.ਏ ਦਾ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜ ਨਵੇਂ ਪਾਵਰ ਟਰਾਂਸਫਾਰਮਰ ਵੀ ਲਗਾਏ ਗਏ ਹਨ, ਜਿੰਨਾ ਸਦਕਾ 77.5 ਐਮਵੀਏ ਦੀ ਵਾਧੂ ਸਮਰੱਥਾ ਦਾ ਯੋਗਦਾਨ ਪਿਆ ਹੈ।

ਬਿਜਲੀ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਸੂਬੇ ਦੀਆਂ ਵੱਧ ਰਹੀਆਂ ਬਿਜਲੀ ਮੰਗਾਂ ਨੂੰ ਪੂਰਾ ਕਰਨ ਲਈ ਪੀ.ਐਸ.ਪੀ.ਸੀ.ਐਲ. ਦੀ ਸਰਗਰਮ ਪਹੁੰਚ ਨੂੰ ਦਰਸਾਉਂਦੇ ਹਨ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ ਐਲ ਵੱਲੋਂ ਮੌਜੂਦਾ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ ਅਪਣਾਈ ਗਈ ਰਣਨੀਤਕ ਪਹੁੰਚ ਬਿਜਲੀ ਸਪਲਾਈ ਨੂੰ ਬਿਹਤਰ ਬਣਾਉਣ ਅਤੇ ਪੰਜਾਬ ਦੇ ਲੋਕਾਂ ਦੇ ਜੀਵਨ ਦੀ ਸਮੁੱਚੀ ਗੁਣਵੱਤਾ ਨੂੰ ਵਧਾਉਣ ਪ੍ਰਤੀ ਇਸ ਦੇ ਸਮਰਪਣ ਦਾ ਪ੍ਰਮਾਣ ਹੈ।

ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ ਦਾ ਉਦੇਸ਼ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਤਕਨੀਕੀ ਤਰੱਕੀ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਟਿਕਾਊ ਬਿਜਲੀ ਸਪਲਾਈ ਨੂੰ ਯਕੀਨੀ ਬਣਾ ਕੇ ਸੂਬੇ ਦੀਆਂ ਵੱਧ ਰਹੀਆਂ ਊਰਜਾ ਮੰਗਾਂ ਨੂੰ ਪੂਰਾ ਕਰਨਾ ਹੈ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ.ਐਲ. ਖਪਤਕਾਰਾਂ ਨੂੰ ਭਰੋਸੇਯੋਗ ਅਤੇ ਕੁਸ਼ਲ ਬਿਜਲੀ ਸਪਲਾਈ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਦੀਆਂ ਇਹ ਪ੍ਰਾਪਤੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰਾਂ ਵੱਲੋਂ ਸੂਬੇ ਦੇ ਆਰਥਿਕ ਵਿਕਾਸ ਨੂੰ ਯਕੀਨੀ ਬਣਾਉਣ ਅਤੇ ਲੋਕਾਂ ਨੂੰ ਬੇਹਤਰ ਬਿਜਲੀ ਸਹੂਲਤ ਦੇਣ ਲਈ ਬਿਜਲੀ ਟਰਾਂਸਮਿਸ਼ਨ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਇਸ ਦੇ ਵਿਸਤਾਰ ਕਰਨ ਦੇ ਯਤਨਾਂ ਨੂੰ ਦਰਸਾਉਂਦੀਆਂ ਹਨ।

# ਮੁੱਖ ਮੰਤਰੀ ਵੱਲੋਂ 14 ਅਤਿ-ਆਧੁਨਿਕ ਜਨਤਕ ਪੇਂਡੂ ਲਾਇਬ੍ਰੇਰੀਆਂ ਲੋਕਾਂ ਨੂੰ ਸਮਰਪਿਤ

**ਈਸੜੂ (ਲੁਧਿਆਣਾ), 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਵਿੱਚ ਪੜ੍ਹਨ ਦੀ ਆਦਤ ਨੂੰ ਹੋਰ ਹੁਲਾਰਾ ਦੇਣ ਅਤੇ ਉਨ੍ਹਾਂ ਨੂੰ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਭਾਈਵਾਲ ਬਣਾਉਣ ਦੇ ਉਦੇਸ਼ ਨਾਲ ਅੱਜ ਇਥੇ 14 ਅਤਿ ਆਧੁਨਿਕ ਪੇਂਡੂ ਲਾਇਬ੍ਰੇਰੀਆਂ ਲੋਕਾਂ ਨੂੰ ਸਮਰਪਿਤ ਕੀਤੀਆਂ।

ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਪੇਂਡੂ ਲਾਇਬ੍ਰੇਰੀਆਂ ਸੂਬੇ ਦੇ ਵਿਕਾਸ ਅਤੇ ਖ਼ੁਸ਼ਹਾਲੀ ਦੇ ਧੁਰੇ ਵਜੋਂ ਕੰਮ ਕਰਨਗੀਆਂ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਵਿੱਚ ਪੜ੍ਹਨ ਦੀ ਆਦਤ ਵਿਕਸਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਨੌਜਵਾਨਾਂ ਦੇ ਸ਼ਕਤੀਕਰਨ ਅਤੇ ਉਨ੍ਹਾਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਬਰਾਬਰ ਦੇ ਭਾਈਵਾਲ ਬਣਾਉਣ ਵਿੱਚ ਅਹਿਮ ਸਾਬਤ ਹੋਵੇਗਾ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਹ ਲਾਇਬ੍ਰੇਰੀਆਂ ਨੌਜਵਾਨਾਂ ਦੀ ਕਿਸਮਤ ਬਦਲਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ, ਜੋ ਇੱਥੋਂ ਪੜ੍ਹ ਕੇ ਵੱਡੇ ਅਫ਼ਸਰ, ਵਿਗਿਆਨੀ, ਡਾਕਟਰ ਅਤੇ ਤਕਨੀਕੀ ਮਾਹਰ ਆਦਿ ਬਣਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਵਾਈ-ਫਾਈ, ਸੋਲਰ ਪਾਵਰ ਡਿਜੀਟਲ ਐਨਾਲਾਗ ਅਤੇ ਹੋਰ ਉੱਚ ਪੱਧਰੀ ਸਹੂਲਤਾਂ ਨਾਲ ਲੈਸ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਇਬ੍ਰੇਰੀਆਂ ਵਿੱਚ ਸਮਕਾਲੀ ਸਾਹਿਤ ਅਤੇ ਪਾਠਕ੍ਰਮ ਬਾਰੇ ਵਿਸ਼ਵ ਪੱਧਰੀ ਪੁਸਤਕਾਂ ਉਪਲਬਧ ਹੋਣਗੀਆਂ, ਜੋ ਸਿੱਖਣ ਲਈ ਅਨੁਕੂਲ ਤਜਰਬਾ ਪ੍ਰਦਾਨ ਕਰਨਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਗਿਆਨ ਅਤੇ ਸਾਹਿਤ ਦਾ ਸੱਚਾ ਭੰਡਾਰ ਹਨ ਅਤੇ ਇਹ ਸਾਡੇ ਸਾਰਿਆਂ ਲਈ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਇਨ੍ਹਾਂ ਅਤਿ-ਆਧੁਨਿਕ ਲਾਇਬ੍ਰੇਰੀਆਂ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਅਧਾਰਤ ਮਿਆਰੀ ਪੁਸਤਕਾਂ ਮੌਜੂਦ ਹਨ, ਜੋ ਪੁਸਤਕ ਪ੍ਰੇਮੀਆਂ ਨੂੰ ਆਕਰਸ਼ਿਤ ਕਰਨਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਲਾਇਬ੍ਰੇਰੀਆਂ ਦੇ ਸੰਗ੍ਰਹਿ ਵਿੱਚ ਕੁਝ ਦੁਰਲੱਭ ਅਤੇ ਕੀਮਤੀ ਪੁਸਤਕਾਂ ਸ਼ਾਮਲ ਹਨ, ਜੋ ਪੁਸਤਕ ਪ੍ਰੇਮੀਆਂ ਲਈ ਵੱਡੀ ਜਾਇਦਾਦ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਲਾਇਬ੍ਰੇਰੀਆਂ ਵਿਦਿਆਰਥੀਆਂ ਦੀ ਕਿਸਮਤ ਬਦਲਣ ਲਈ ਵਰਦਾਨ ਸਿੱਧ ਹੋਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਲਾਇਬ੍ਰੇਰੀਆਂ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਨੌਜਵਾਨ ਹਰ ਖੇਤਰ ਵਿੱਚ ਮੱਲਾਂ ਮਾਰਨ ਅਤੇ ਇਹ ਵੱਖ-ਵੱਖ ਖੇਤਰਾਂ ਵਿੱਚ ਸੂਬੇ ਦੇ ਹੁਨਰ ਤੇ ਕਾਬਲੀਅਤ ਨੂੰ ਸਾਬਤ ਕਰਨ ਲਈ ਹੀਰੇ ਪੈਦਾ ਕਰਨਗੀਆਂ।

# ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਗਾਮ ਦੌਰਾਨ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਚੜਾਇਆ ਕੌਮੀ ਝੰਡਾ



**ਫਤਹਿਗੜ੍ਹ ਸਾਹਿਬ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦੇਸ਼ ਦੀ ਆਜ਼ਾਦੀ ਦੇ 78ਵੇਂ ਆਜ਼ਾਦੀ ਦਿਵਸ ਮੌਕੇ ਖੇਡ ਸਟੇਡੀਅਮ ਸਰਹਿੰਦ ਵਿਖੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਕੌਮੀ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ। ਉਨ੍ਹਾਂ ਇਸ ਮੌਕੇ ਪੰਜਾਬ ਪੁਲਿਸ, ਪੰਜਾਬ ਮਹਿਲਾ ਪੁਲਿਸ, ਪੰਜਾਬ ਹੋਮ ਗਾਰਡਜ਼ ਦੇ ਜਵਾਨਾਂ ਤੇ ਐਨ.ਸੀ.ਸੀ. ਦੇ ਕੈਡਿਟਾਂ ਵੱਲੋਂ ਕੀਤੇ ਗਏ ਮਾਰਚ ਪਾਸਟ ਤੋਂ ਸਲਾਮੀ ਲਈ ਤੇ ਪਰੇਡ ਦਾ ਨਰੀਖਣ ਵੀ ਕੀਤਾ। ਇਸ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਆਮ ਆਦਮੀ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਜੀ.ਪੀ. ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਜੈ ਲਿਬੜਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।

ਜ਼ਿਲ੍ਹਾ ਵਾਸੀਆਂ ਦੇ ਨਾਮ ਦਿੱਤੇ ਸੰਦੇਸ਼ ਵਿੱਚ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅੱਜ ਦਾ ਦਿਨ ਸਾਡੇ ਸਾਰਿਆਂ ਲਈ ਇੱਕ ਸੁਭਾਗਾ ਦਿਨ ਹੈ ਕਿਉਂਕਿ ਅੱਜ ਦੇ ਦਿਨ ਸਾਡੇ ਮੁਲਕ ਨੂੰ ਲੰਮੀ ਗੁਲਾਮੀ ਤੋਂ ਬਾਅਦ ਆਜ਼ਾਦੀ ਮਿਲੀ ਸੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਲੜੇ ਗਏ ਸੰਘਰਸ਼ ਵਿੱਚ ਪੰਜਾਬੀਆਂ ਦਾ ਸਭ ਤੋਂ ਵੱਡਾ ਯੋਗਦਾਨ ਰਿਹਾ ਹੈ ਅਤੇ ਭਾਰਤ ਮਾਤਾ ਦੇ ਅਨੇਕਾਂ ਸੂਰਬੀਰ ਦੇਸ਼ ਭਗਤਾਂ ਦੀਆਂ ਸ਼ਹਾਦਤਾਂ ਦੀ ਬਦੌਲਤ ਹੀ ਸਾਨੂੰ ਆਜ਼ਾਦੀ ਨਸੀਬ ਹੋਈ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦਿਨ ਸਾਡਾ ਇਹ ਵੀ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਮਹਾਨ ਦੇਸ਼ ਭਗਤ ਸ਼ਹੀਦਾਂ ਦੀਆਂ ਸ਼ਹਾਦਤਾਂ ਨੂੰ ਨਤਮਸਤਕ ਹੋ ਕੇ ਉਨ੍ਹਾਂ ਦੇ ਪਾਏ ਪੂਰਨਿਆਂ ਤੇ ਚੱਲਣ ਦਾ ਪ੍ਰਣ ਕਰੀਏ। ਉਨ੍ਹਾਂ ਇਹ ਵੀ ਕਿਹਾ ਕਿ ਅੱਜ ਸਾਡੀ ਇਹ ਵੀ ਜਰੂਰਤ ਹੈ ਕਿ ਆਪਣੀ ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤਾਂ ਦੀਆਂ ਜੀਵਨੀਆਂ ਬਾਰੇ ਵੱਧ ਤੋਂ ਵੱਧ ਜਾਗਰੂਕ ਕਰੀਏ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਸਮਾਜਿਕ ਲਾਹਣਤਾਂ ਦਾ ਖਾਤਮਾ ਕਰਨ ਲਈ ਮੋਹਰੀ ਭੂਮਿਕਾ ਅਦਾ ਕਰ ਸਕੇ।

ਜ਼ਿਲ੍ਹੇ ਦੇ ਵਿਕਾਸ ਦੀ ਗੱਲ ਕਰਦਿਆਂ ਸ਼੍ਰੀਮਤੀ ਸ਼ੇਰਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸੂਬਾ ਸਰਕਾਰ ਵੱਲੋਂ ਸਿੱਖਿਆ ਤੇ ਸਿਹਤ ਦੇ ਖੇਤਰ ਨੂੰ ਤਰਜ਼ੀਹੀ ਖੇਤਰ ਮੰਨਦੇ ਹੋਏ ਕ੍ਰਾਂਤੀਕਾਰੀ ਫੈਸਲੇ ਕੀਤੇ ਗਏ ਹਨ। ਜਿਸ ਤਹਿਤ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਮੁਫਤ ਵਿੱਚ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਜ਼ਿਲ੍ਹੇ ਵਿੱਚ ਖੋਲ੍ਹੇ ਗਏ 20 ਆਮ ਆਦਮੀ ਕਲੀਨਿਕਾਂ ਤੋਂ ਹੁਣ ਤੱਕ 04 ਲੱਖ 58 ਹਜ਼ਾਰ 530 ਮਰੀਜਾਂ ਨੇ ਇਲਾਜ ਕਰਵਾਇਆ ਹੈ ਅਤੇ ਇਨ੍ਹਾਂ ਕਲੀਨਿਕਾਂ ਵਿੱਚ 63023 ਲੈਬ ਟੈਸਟ ਵੀ ਮੁਫਤ ਕੀਤੇ ਗਏ ਹਨ। ਉਨ੍ਹਾਂ ਹੋਰ ਦੱਸਿਆ ਕਿ ਫ਼ਤਹਿਗੜ੍ਹ ਸਾਹਿਬ ਦੇ ਸਿਵਲ ਹਸਪਤਾਲ ਵਿੱਚ 16 ਕਰੋੜ ਦੀ ਲਾਗਤ ਨਾਲ ਕ੍ਰਿਟੀਕਲ ਕੇਅਰ ਯੂਨਿਟ ਤੇ ਇੰਟਾਗ੍ਰੇਟਿਡ ਜਨ ਸਿਹਤ ਲੈਬ ਵੀ ਬਣਾਈ ਜਾ ਰਹੀ ਹੈ ਜਿਥੇ ਕਿ ਅਤਿ ਨਾਜ਼ੁਕ ਸਥਿਤੀ ਦੇ ਮਰੀਜਾਂ ਦਾ ਆਧੁਨਿਕ ਉਪਕਰਣਾਂ ਨਾਲ ਮੁਫਤ ਇਲਾਜ ਕੀਤਾ ਜਾਵੇਗਾ।

# ਉਤਰਾਂਚਲੀ ਕਲਚਰਲ ਐਂਡ ਵੈਲਫੇਅਰ ਸੋਸਾਇਟੀ ਨੇ ਪਟਿਆਲਾ ਵਿਖੇ ਆਜ਼ਾਦੀ ਦਿਹਾੜਾ ਬੜੇ ਪਰੇਮ ਭਾਵ ਅਤੇ ਉਤਸ਼ਾਹ ਨਾਲ ਮਨਾਇਆ

**ਪਟਿਆਲਾ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਉਤਰਾਂਚਲੀ ਕਲਚਰਲ ਐਂਡ ਵੈਲਫੇਅਰ ਸੋਸਾਇਟੀ (ਰਜਿ.) ਪਟਿਆਲਾ ਨੇ ਆਪਣੀਆਂ ਭਾਈਵਾਲ ਸੰਸਥਾਵਾਂ ਦੇ ਸਹਿਯੋਗ ਨਾਲ ਉੱਤਰਾਖੰਡ ਧਰਮਸ਼ਾਲਾ ਭਵਨ ਏਕਤਾ ਨਗਰ (ਬੀ) ਪਟਿਆਲਾ ਵਿਖੇ ਆਜ਼ਾਦੀ ਦਿਹਾੜਾ ਬੜੇ ਪਰੇਮ ਭਾਵ ਅਤੇ ਉਤਸ਼ਾਹ ਨਾਲ ਮਨਾਇਆ। ਸਮਾਗਮ ਦੀ ਪ੍ਰਧਾਨਗੀ ਉੱਤਰਾਖੰਡ ਸਭਾ ਪਟਿਆਲਾ ਪੰਜਾਬ ਦੇ ਪ੍ਰਧਾਨ ਸ਼੍ਰੀ ਜੋਤ ਸਿੰਘ ਭੰਡਾਰੀ ਅਤੇ ਉਤਰਾਂਚਲੀ ਕਲਚਰਲ ਐਂਡ ਵੈਲਫੇਅਰ ਸੋਸਾਇਟੀ (ਰਜਿ.) ਦੇ ਪ੍ਰਧਾਨ ਸ਼੍ਰੀ ਰਮੇਸ਼ ਭੰਡਾਰੀ ਨੇ ਸਾਂਝੇ ਤੌਰ 'ਤੇ ਨਿਭਾਈ। ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਸਮਾਰੋਹ ਦੇ ਮੁੱਖ ਮਹਿਮਾਨ ਐਡਵੋਕੇਟ ਸ਼੍ਰੀ ਰਾਹੁਲ ਸੈਣੀ ਜੀ ਨੇ ਤਿਰੰਗਾ ਝੰਡਾ ਲਹਿਰਾ ਕੇ ਨਿਭਾਈ।

ਇਸ ਮੌਕੇ ਰਾਸ਼ਟਰੀ ਗੀਤ ਤੋਂ ਬਾਅਦ ਮੁੱਖ ਮਹਿਮਾਨ ਵਲੋਂ ਹਾਜਿਰ ਜਨਤਾ, ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਪ੍ਰੇਰਿਆ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਤਾਂ ਹੀ ਮਿਲੇਗੀ ਜਦੋਂ ਹਰ ਕੋਈ ਸਹਿਦਾਂ ਦੇ ਸੁਪਨਿਆਂ ਦੇ ਭਾਰਤ ਦੀ ਉਸਾਰੀ ਲਈ ਸਹਿਯੋਗ ਕਰਣਗੇ, ਜੋ ਸੁਪਨੇ ਆਜ਼ਾਦੀ ਸੰਗਰਾਮ ਦੌਰਾਨ ਸ਼ਹੀਦਾਂ ਦੇ ਮਨਾਂ ਵਿੱਚ ਸੀ। ਇਸ ਮੌਕੇ ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਅਤੇ ਦੇਸ਼ ਦੀ ਸੁਰੱਖਿਆ ਲਈ ਸ਼ਹੀਦ ਹੋਣ ਵਾਲੇ ਸਹੀਦ ਸੈਨਿਕ ਜਵਾਨਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਵੀ ਦਿੱਤੀ ਗਈ।

ਸ਼੍ਰੀ ਜੋਤ ਸਿੰਘ ਭੰਡਾਰੀ, ਪ੍ਰਧਾਨ, ਉਤਰਾਖੰਡ ਸਭਾ ਪਟਿਆਲਾ ਨੇ ਪੰਜਾਬ ਸਰਕਾਰ ਤੋਂ ਪਹਿਲਾਂ ਦੀ ਸਰਕਾਰਾਂ ਵਾਂਗ, ਪਰਵਾਸੀ ਬੋਰਡ ਗਠਿਤ ਕਰਨ ਦੀ ਮੰਗ ਉਠਾਈ ਅਤੇ ਸਮੂਹ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ। ਉਤਰਾਂਚਲ ਕਲਚਰਲ ਐਂਡ ਵੈਲਫੇਅਰ ਸੋਸਾਇਟੀ (ਰਜਿ) ਪਟਿਆਲਾ ਦੇ ਪ੍ਰਧਾਨ, ਸ਼੍ਰੀ ਰਮੇਸ਼ ਭੰਡਾਰੀ ਨੇ ਅਜਾਦੀ ਦਿਵਸ 'ਤੇ ਰਾਜ ਦੇ ਸਾਰੇ ਲੋਕਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਭਵਿੱਖ ਵਿੱਚ ਸੰਸਥਾ ਦੇ ਹੋਣ ਵਾਲੇ ਕੰਮਾਂ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ, ਉੱਥੇ ਹੀ ਹਾਜ਼ਰ ਸਮੂਹ ਲੋਕਾਂ ਨੂੰ ਵੀ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ। ਅਤੇ ਸਮਾਰੋਹ ਵਿੱਚ ਪਹੁੰਚੇ ਸਾਰੇ ਲੋਕਾਂ ਦਾ ਧੰਨਵਾਦ ਵੀ ਕੀਤਾ ਗਿਆ। ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸ਼੍ਰੀ ਓਮਪ੍ਰਕਾਸ਼ ਸ਼ਰਮਾ ਜੀ ਨੇ ਸਮੂਹ ਜਨਤਾ ਨੂੰ ਅਪਣੇ ਵਿਚਾਰਾਂ ਨਾਲ ਵਧਾਈ ਦਿੱਤੀ। ਇਸ ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਹੋਰ ਨੁਮਾਇੰਦਿਆਂ ਵਜੋਂ ਮੁੱਖ ਤੌਰ 'ਤੇ ਸ਼੍ਰੀ ਸੁਰੇਸ਼ ਜੀ, ਸ਼੍ਰੀ ਸੁਰਜੀਤ ਸਿੰਘ ਕਠੈਤ ਜੀ, ਸ਼੍ਰੀਮਤੀ ਪਰਮ ਕੌਰ, ਸ਼੍ਰੀ ਦਵਿੰਦਰ ਸਿੰਘ ਰਾਣਾ ਆਦਿ ਵਿਸ਼ੇਸ਼ ਤੌਰ 'ਤੇ ਪਹੁੰਚੇ।

ਕੁਮਾਰੀ ਪ੍ਰੀਤੀ ਬਿਸ਼ਟ ਜੀ ਦੇ ਨਿਰਦੇਸ਼ਨ ਹੇਠ ਬਾਲ ਕਲਾਕਾਰਾਂ ਦੀ ਟੀਮ ਨੇ ਦੇਸ਼ ਭਗਤੀ ਦੇ ਗੀਤਾਂ ਦੀ ਖ਼ੂਬਸੂਰਤ ਪੇਸ਼ਕਸ਼ ਦੇ ਕੇ ਸਮੂਹ ਲੋਕਾਂ ਦਾ ਮਨ ਮੋਹ ਲਿਆ, ਅਤੇ ਹਾਜ਼ਰ ਲੋਕਾਂ ਵਲੋਂ ਬਾਲ ਕਲਾਕਾਰਾਂ ਦੀ ਪ੍ਰਸੰਸਾ ਕੀਤੀ ਗਈ।

# ਆਦਰਸ਼ ਸਕੂਲ ਹਰਦਾਸਾ ਦੀਆਂ ਖਿਡਾਰਣਾਂ ਨੇ ਜ਼ਿਲ੍ਹਾ ਫਿਰੋਜ਼ਪੁਰ ਲਈ ਗੋਲਡ ਮੈਡਲ ਜਿੱਤਿਆ

**ਜ਼ੀਰਾ ,18 ਅਗਸਤ/**
**-ਕੌਮੀ ਪੱਤ੍ਰਿਕਾ ਬਿਊਰੋ-**

11ਵੀਂ ਬੇਸਬਾਲ ਸਟੇਟ ਸਬ ਜੂਨੀਅਰ ਚੈਂਪੀਅਨਸ਼ਿਪ ਜੋ ਕਿ ਸਰਕਾਰੀ ਸੀਨੀ ਸਕੈਂ ਸਕੂਲ ਗਿੱਲ (ਲੁਧਿਆਣਾ) ਵਿਖੇ ਕਰਵਾਈ ਗਈ।

ਇਸ ਬਾਰੇ ਜਾਣਕਾਰੀ ਦਿੰਦਿਆਂ ਡੀ ਪੀ ਗੁਰਿੰਦਰ ਸਿੰਘ ਗਿੱਲ ਅਤੇ ਹਰਸਿਮਰਨ ਸਿੰਘ ਨੇ ਦੱਸਿਆ ਕਿ ਜਿਲ੍ਹਾ ਫਿਰੋਜ਼ਪੁਰ ਦੀਆਂ ਵੱਖ-ਵੱਖ ਸਕੂਲਾਂ ਦੀਆਂ ਕੁੜੀਆਂ ਦੀ ਟੀਮ ਨੇ ਸੈਮੀਫਾਈਨਲ ਵਿਚ ਸੰਗਰੂਰ ਅਤੇ ਫਾਈਨਲ ਮੈਚ ਵਿਚ ਲੁਧਿਆਣਾ ਨੂੰ ਹਰਾ ਕੇ ਫਿਰੋਜਪੁਰ ਜ਼ਿਲ੍ਹੇ ਲਈ ਸਾਲ ਦਾ ਪਹਿਲਾ ਗੋਲਡ ਮੈਡਲ ਜਿੱਤਿਆ। ਫਿਰੋਜ਼ਪੁਰ ਟੀਮ ਵਿਚ ਆਦਰਸ਼ ਸਕੂਲ ਹਰਦਾਸਾ ਦੀਆਂ 12 ਖਿਡਾਰਣਾਂ ਸੁਖਜਿੰਦਰ ਕੌਰ, ਰਜਨੀ, ਨਵਨੀਤ ਕੌਰ, ਸਿਮਰਨਪ੍ਰੀਤ ਕੌਰ, ਪ੍ਰਭਜੋਤ ਕੌਰ, ਸੋਨੀਆਂ, ਮਨਵੀਰ ਕੌਰ, ਨਰਗਿਸ, ਸ਼ਿਵਰਾਜ ਕੌਰ, ਅਮਨਜੋਤ ਕੌਰ, ਨਵਜੋਤ ਕੌਰ, ਲਗਨਪ੍ਰੀਤ ਕੌਰ, ਪਰਵੀਰ ਕੌਰ ਨੇ ਭਾਗ ਲਿਆ ਅਤੇ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆ ਪੰਜਾਬ ਭਰ ਅਤੇ ਆਪਣੇ ਇਲਾਕੇ ਵਿੱਚ ਆਪਣੇ ਆਦਰਸ਼ ਸਕੂਲ ਹਰਦਾਸਾ ਦਾ ਨਾਮ ਚਮਕਾਇਆ।

ਇਹਨਾਂ ਖਿਡਾਰਣਾਂ ਦਾ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਕਰਮਜੀਤ ਸਿੰਘ, ਇੰਚਾਰਜ ਮੈਡਮ ਰਵਿੰਦਰ ਕੌਰ ਕੰਗ, ਮੈਡਮ ਹਰਜੀਤ ਕੌਰ, ਮੈਡਮ ਹਰਪਿੰਦਰ ਕੌਰ, ਸੁਖਦੀਪ ਕੌਰ, ਕਰਮਜੀਤ ਕੌਰ ਬਰਾੜ, ਮੈਡਮ ਦੀਪਿਕਾ ਅਤੇ ਪਵਨ ਕੁਮਾਰ ਨੇ ਸਕੂਲ ਨਿੱਘਾ ਸਵਾਗਤ ਕੀਤਾ ਅਤੇ ਮੈਡਲ ਦੇਕੇ ਸਨਮਾਨਿਤ ਕੀਤਾ। ਸਕੂਲ ਸਟਾਫ਼ ਨੇ ਸਕੂਲ ਦੇ ਦੋਵੇਂ ਡੀ ਪੀ ਗੁਰਿੰਦਰ ਸਿੰਘ ਗਿੱਲ ਅਤੇ ਹਰਸਿਮਰਨ ਸਿੰਘ ਨੂੰ ਉਹਨਾਂ ਦੀ ਮਿਹਨਤ ਲਈ ਮੁਬਾਰਕਾਂ ਦਿੱਤੀਆਂ।

# ਨਹਿਰ 'ਚ ਪਾੜ ਕਾਰਨ ਸੈਂਕੜੇ ਏਕੜ ਫ਼ਸਲ ਡੁੱਬੀ

**ਸੁਨਾਮ ਊਧਮ ਸਿੰਘ ਵਾਲਾ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਸਵੇਰੇ ਪਿੰਡ ਖਡਿਆਲ ਅਤੇ ਚੱਠੇ ਨਨਹੇੜਾ ਵਿਚਕਾਰ ਨਹਿਰ ਟੁੱਟਣ ਕਾਰਨ ਸੈਂਕੜੇ ਏਕੜ ਫਸਲ ਪਾਣੀ ਦੀ ਮਾਰ ਹੇਠ ਆ ਗਈ ਹੈ। ਸਵੇਰੇ ਕਰੀਬ ਛੇ ਵਜੇ ਸੁਨਾਮ ਬਰਾਂਚ (ਨੀਲੋਵਾਲ ਨਹਿਰ) ਵਿਚ ਪਾੜ ਪੈ ਗਿਆ, ਜਿਸ ਕਾਰਨ ਖਡਿਆਲ ਅਤੇ ਚੱਠੇ ਨਨਹੇੜਾ ਦਿਆਂ ਪਿੰਡਾਂ ਦੀ ਜ਼ਮੀਨ ਪਾਣੀ ਦੀ ਮਾਰ ਹੇਠ ਆ ਗਈ। ਇਸ ਮੌਕੇ ਲੋਕਾਂ ਨੇ ਦੱਸਿਆ ਕਿ ਪਹਿਲਾਂ ਪਾੜ ਛੋਟਾ ਜਿਹਾ ਸੀ ਪਰ ਹੁਣ ਵੱਧ ਕੇ ਕਰੀਬ 20 ਫੁੱਟ ਤੱਕ ਹੋ ਗਿਆ ਹੈ, ਜਿਸ ਨੂੰ ਸਥਾਨਕ ਲੋਕ ਪੂਰਨ ਦੀ ਕੋਸ਼ਿਸ਼ ਕਰ ਰਹੇ। ਇਸ ਦੌਰਾਨ ਨਹਿਰੀ ਵਿਭਾਗ ਹਰਕਤ ਵਿਚ ਆ ਗਿਆ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਾੜ ਪੂਰਨ ਲਈ ਯਤਨਸ਼ੀਲ ਹੋ ਗਿਆ। ਨਹਿਰੀ ਵਿਭਾਗ ਦੇ ਐਸਡੀਓ ਗੁਰਜੀਤ ਸਿੰਘ ਦਿਆਲਪੁਰਾ ਨੇ ਦੱਸਿਆ ਕਿ ਮਿੱਟੀ ਦੇ ਗੱਟਿਆਂ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਾੜ ਪੂਰਨ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ, ਜੋ ਅੱਜ ਸ਼ਾਮ ਤੱਕ ਮੁਕੰਮਲ ਕਰ ਲਿਆ ਜਾਵੇਗਾ।

# ਮੁੱਖ ਮੰਤਰੀ ਨੇ ਜਲੰਧਰ ਵਿਖੇ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ

**➤ ਲੋਕਾਂ ਦੀਆਂ ਆਸਾਂ 'ਤੇ ਖ਼ਰਾ ਉੱਤਰਨ ਦੀ ਵਚਨਬੱਧਤਾ ਦੁਹਰਾਈ ➤ ਇਸ ਇਤਿਹਾਸਕ ਪਹਿਲਕਦਮੀ ਲਈ ਹਰ ਵਰਗ ਦੇ ਲੋਕਾਂ ਵੱਲੋਂ ਮੁੱਖ ਮੰਤਰੀ ਦੀ ਸ਼ਲਾਘਾ**

**ਜਲੰਧਰ, 18 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਸ਼ਹਿਰ ਵਿੱਚ ਆਪਣੇ ਨਿਵਾਸ ਸਥਾਨ ਵਿਖੇ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਇਨ੍ਹਾਂ ਸ਼ਿਕਾਇਤਾਂ ਦੇ ਹੱਲ ਲਈ ਢੁਕਵੇਂ ਨਿਰਦੇਸ਼ ਵੀ ਜਾਰੀ ਕੀਤੇ।

ਮੁੱਖ ਮੰਤਰੀ ਨੇ ਲੋਕਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਆਪਣੀ ਕਿਸਮ ਦੀ ਇਸ ਪਹਿਲ ਦਾ ਉਦੇਸ਼ ਲੋਕਾਂ ਨੂੰ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਹੁਣ ਸਰਕਾਰਾਂ ਚੰਡੀਗੜ੍ਹ ਤੋਂ ਨਹੀਂ ਚੱਲ ਰਹੀਆਂ ਸਗੋਂ ਸੂਬੇ ਭਰ ਦੇ ਸ਼ਹਿਰਾਂ ਤੇ ਕਸਬਿਆਂ ਤੋਂ ਚਲਾਈਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਅਧਿਕਾਰੀ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਪਿੰਡਾਂ ਦਾ ਦੌਰਾ ਕਰ ਰਹੇ ਹਨ ਜਦਕਿ ਪਹਿਲਾਂ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਨੇ ਪੈਂਦੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਜਲੰਧਰ ਵਿੱਚ ਆਪਣੀ ਰਿਹਾਇਸ਼ ਰੱਖੀ ਹੈ ਤਾਂ ਜੋ ਮਾਝਾ ਅਤੇ ਦੁਆਬਾ ਖੇਤਰ ਦੇ ਲੋਕ ਆਪਣੇ ਕੰਮ ਬਿਨਾਂ ਕਿਸੇ ਦਿੱਕਤ ਦੇ ਕਰਵਾ ਸਕਣ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਜਿਹੜੇ ਲੋਕ ਇੱਥੇ ਸ਼ਿਕਾਇਤਾਂ ਲੈ ਕੇ ਆ ਰਹੇ ਹਨ, ਉਨ੍ਹਾਂ ਦੇ ਸਾਰੇ ਕੰਮ ਸੁਚਾਰੂ ਢੰਗ ਨਾਲ ਹੋ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਕੀਮ ਤਸੱਲੀਬਖ਼ਸ਼ ਨਤੀਜੇ ਦੇ ਰਹੀ ਹੈ ਅਤੇ ਜਿੱਥੇ ਇੱਕ ਪਾਸੇ ਲੋਕਾਂ ਦੇ ਮਸਲੇ ਹੱਲ ਹੋ ਰਹੇ ਹਨ ਉਥੇ ਹੀ ਸਰਕਾਰ ਨੂੰ ਫੀਡਬੈਕ ਵੀ ਮਿਲ ਰਹੀ ਹੈ।

ਇਸ ਦੌਰਾਨ ਲੁਧਿਆਣਾ ਤੋਂ ਆਈ ਇੱਕ ਔਰਤ ਨੇ ਮੁੱਖ ਮੰਤਰੀ ਦੇ ਇਸ ਨਿਵੇਕਲੇ ਉਪਰਾਲੇ ਦੀ ਸ਼ਲਾਘਾ ਕੀਤੀ। ਉਸ ਨੇ ਕਿਹਾ ਕਿ ਉਸ ਦਾ ਮਾਮਲਾ ਸਾਲਾਂ ਤੋਂ ਲਟਕਿਆ ਹੋਇਆ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਵਿੱਚੋਂ ਕਿਸੇ ਨੇ ਵੀ ਉਸ ਦਾ ਕੰਮ ਕਰਵਾਉਣ ਦੀ ਖੇਚਲ ਨਹੀਂ ਕੀਤੀ। ਉਸਨੇ ਕਿਹਾ ਕਿ ਹੁਣ ਮੁੱਖ ਮੰਤਰੀ ਨੇ ਧੀਰਜ ਨਾਲ ਉਸਦੀ ਦੀ ਗੱਲ ਸੁਣੀ ਹੈ ਅਤੇ ਉਸਦਾ ਦਾ ਕੰਮ ਕਰਵਾਉਣ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਹਨ।



ਇਸ ਦੌਰਾਨ ਮੁੱਖ ਮੰਤਰੀ ਨੂੰ ਮਿਲਣ ਆਈ ਸੁਖਵਿੰਦਰ ਕੌਰ ਨੇ ਕਿਹਾ ਕਿ ਆਮ ਆਦਮੀ ਦੀਆਂ ਮੁਸ਼ਕਿਲਾਂ ਨੂੰ ਦੂਰ ਕਰਨ ਲਈ ਇਹ ਇੱਕ ਸ਼ਲਾਘਾਯੋਗ ਕਦਮ ਹੈ। ਉਸਨੇ ਕਿਹਾ ਕਿ ਮੁੱਖ ਮੰਤਰੀ ਨੇ ਉਨ੍ਹਾਂ ਦੇ ਕੰਮ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਨ ਲਈ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਇਹ ਪਹਿਲਕਦਮੀ ਬੇਮਿਸਾਲ ਹੈ ਕਿਉਂਕਿ ਹੋਰ ਕਿਸੇ ਵੀ ਆਗੂ ਨੇ ਇਸ ਬਾਰੇ ਸੋਚਿਆ ਤੱਕ ਨਹੀਂ।

ਪਿੰਡ ਕੋਟ ਕਲਾਂ ਤੋਂ ਆਈ ਇੱਕ ਹੋਰ ਔਰਤ ਜਸਵੀਰ ਕੌਰ ਨੇ ਦੱਸਿਆ ਕਿ ਉਸ ਦੇ ਪਤੀ ਦੀ ਕੁਝ ਸਾਲ ਪਹਿਲਾਂ ਮੌਤ ਹੋ ਗਈ ਸੀ ਅਤੇ ਉਦੋਂ ਤੋਂ ਹੀ ਉਸ ਨੂੰ ਸਹੁਰਿਆਂ ਵੱਲੋਂ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਨੂੰ ਮਿਲ ਚੁੱਕੀ ਹੈ, ਜਿਨ੍ਹਾਂ ਨੇ ਉਸਦੀ ਸਮੱਸਿਆ ਦੇ ਜਲਦੀ ਹੱਲ ਲਈ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਾ ਇਹ ਉਪਰਾਲਾ ਸੂਬੇ ਦੇ ਵਸਨੀਕਾਂ ਖਾਸ ਕਰਕੇ ਆਮ ਆਦਮੀ ਲਈ ਵਰਦਾਨ ਸਾਬਤ ਹੋ ਰਿਹਾ ਹੈ।

ਇਸ ਦੌਰਾਨ ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਨੌਜਵਾਨ ਜਗਦੀਸ਼ ਸਿੰਘ ਨੇ ਦੱਸਿਆ ਕਿ ਉਸ ਦੇ ਪਿਤਾ ਇੱਕ ਸਿਪਾਹੀ ਸਨ ਜੋ ਸਰਵਿਸ ਦੌਰਾਨ ਇੱਕ ਦੁਰਘਟਨਾ ਕਾਰਨ ਅਪਾਹਜ ਹੋ ਗਏ ਸਨ। ਉਸ ਨੇ ਦੱਸਿਆ ਕਿ ਉਸ ਦੇ ਪਿਤਾ ਨੂੰ ਜ਼ਬਰਦਸਤੀ ਰਿਟਾਇਰ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਉਹ ਤਰਸ ਦੇ ਆਧਾਰ 'ਤੇ ਨੌਕਰੀ ਦੀ ਮੰਗ ਕਰ ਰਿਹਾ ਹੈ। ਉਸ ਨੇ ਕਿਹਾ ਕਿ ਮੁੱਖ ਮੰਤਰੀ ਨੇ ਉਸ ਦੀ ਸਾਰੀ ਗੱਲ ਨੂੰ ਹਮਦਰਦੀ ਨਾਲ ਸੁਣਿਆ ਅਤੇ ਉਸ ਦਾ ਮਾਮਲਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ ਹੈ। ਉਸ ਨੇ ਦੱਸਿਆ ਕਿ ਇਹ ਇੱਕ ਵਧੀਆ ਉਪਰਾਲਾ ਹੈ ਜਿਸ ਨਾਲ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਗੁਰਦਾਸਪੁਰ ਦੇ ਇੱਕ ਹੋਰ ਵਿਅਕਤੀ ਨੇ ਵੀ ਮੁੱਖ ਮੰਤਰੀ ਦੀ ਇਸ ਵਿਲੱਖਣ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਸ ਨੇ ਕਿਹਾ ਕਿ ਅਜਿਹੇ ਕੈਂਪ ਸੂਬੇ ਦੇ ਸਾਰੇ ਸ਼ਹਿਰਾਂ ਵਿੱਚ ਲਗਾਏ ਜਾਣੇ ਚਾਹੀਦੇ ਹਨ ਤਾਂ ਜੋ ਆਮ ਲੋਕ ਇਸ ਦਾ ਵੱਧ ਤੋਂ ਵੱਧ ਲਾਹਾ ਲੈ ਸਕਣ।

ਰਈਆ ਦੇ ਇੱਕ ਵਿਅਕਤੀ ਨੇ ਆਪਣੇ ਸ਼ਹਿਰ ਵਿੱਚ ਪੀ.ਐਸ.ਪੀ.ਸੀ.ਐਲ. ਸਬੰਧੀ ਮੁੱਦੇ ਨੂੰ ਉਠਾਇਆ ਅਤੇ ਮੁੱਖ ਮੰਤਰੀ ਨੂੰ ਉਸਦੀ ਸਮੱਸਿਆ ਦੇ ਤੁਰੰਤ ਹੱਲ ਲਈ ਕਦਮ ਚੁੱਕਣ ਦੀ ਅਪੀਲ ਕੀਤੀ। ਗੁਰਦਾਸਪੁਰ ਤੋਂ ਅਸ਼ਵਨੀ ਕੁਮਾਰ ਨੇ ਵੀ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣ ਵਾਸਤੇ ਇਸ ਇਤਿਹਾਸਕ ਪਹਿਲਕਦਮੀ ਲਈ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ। ਜਲੰਧਰ ਤੋਂ ਵਿਜੇ ਕੁਮਾਰ ਨੇ ਵੀ ਮੁੱਖ ਮੰਤਰੀ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਚੁੱਕੇ ਇਸ ਵਿਸ਼ੇਸ਼ ਕਦਮ ਦੀ ਸ਼ਲਾਘਾ ਕੀਤੀ।

ਅਮਨਪ੍ਰੀਤ ਕੌਰ ਨਿੱਝਰ ਨੇ ਦੱਸਿਆ ਕਿ ਉਸ ਦੇ ਚਾਚਾ ਨੇ 2016 ਵਿੱਚ ਟਿਊਬਵੈੱਲ ਕੁਨੈਕਸ਼ਨ ਲਈ ਅਪਲਾਈ ਕੀਤਾ ਸੀ ਪਰ ਥਾਂ-ਥਾਂ 'ਤੇ ਗੇੜੇ ਕੱਢਣ ਦੇ ਬਾਵਜੂਦ ਵੀ ਇਸ ਦਾ ਹੱਲ ਨਹੀਂ ਹੋਇਆ। ਉਸ ਨੇ ਕਿਹਾ ਕਿ ਉਹ ਮੁੱਖ ਮੰਤਰੀ ਨੂੰ ਮਿਲੇ ਹਨ, ਜਿਨ੍ਹਾਂ ਨੇ ਇਹ ਕੰਮ ਪਹਿਲ ਦੇ ਆਧਾਰ 'ਤੇ ਕਰਨ ਦੇ ਹੁਕਮ ਦਿੱਤੇ ਹਨ।

# ਬੱਚਿਆਂ ਲਈ ਅੰਮ੍ਰਿਤ ਹੈ ਮਾਂ ਦਾ ਦੁੱਧ



ਮਾਂ ਦਾ ਦੁੱਧ ਨਵ-ਜਨਮੇ ਬੱਚਿਆਂ ਲਈ ਸਭ ਤੋਂ ਉੱਤਮ ਤੇ ਸੰਪੂਰਨ ਅਹਾਰ ਹੋਣ ਦੇ ਨਾਲ-ਨਾਲ ਅੰਮ੍ਰਿਤ ਸਮਾਨ ਹੁੰਦਾ ਹੈ। ਇਸ ਗੱਲ ਨੂੰ ਚੰਗੀ ਤਰ੍ਹਾਂ ਜਾਣਦਿਆਂ ਹੋਇਆਂ ਵੀ ਅਜੋਕੇ ਯੁੱਗ ਵਿੱਚ ਅਨੇਕਾਂ ਔਰਤਾਂ ਆਧੁਨਿਕ ਬਣਨ ਤੇ ਸੋਹਣਾ ਦਿਖਣ ਦੇ ਚੱਕਰ ਵਿੱਚ ਆਪਣੇ ਨਵ-ਜਨਮੇ ਬੱਚਿਆਂ ਨੂੰ ਆਪਣਾ ਦੁੱਧ ਪਿਲਾਉਣ ਦੀ ਬਜਾਏ ਫ਼ੀਡਰ ਨਾਲ ਦੁੱਧ ਪਿਆ ਕੇ ਨਾ ਸਿਰਫ਼ ਉਨ੍ਹਾਂ ਦੇ ਜੀਵਨ ਤੇ ਸਿਹਤ ਨਾਲ ਖਿਲਵਾੜ ਕਰਦੀਆਂ ਹਨ, ਸਗੋਂ ਮਮਤਾ ਦਾ ਵੀ ਅਪਮਾਨ ਕਰ ਰਹੀਆਂ ਹਨ। ਬੱਚਿਆਂ ਨੂੰ ਜਨਮ ਦੇਣ ਤੋਂ ਬਿਨਾਂ ਜਿਸ ਤਰ੍ਹਾਂ ਔਰਤ ਅਧੂਰੀ ਹੈ, ਉਸੇ ਤਰ੍ਹਾਂ ਸੰਤਾਨ ਨੂੰ ਆਪਣਾ ਦੁੱਧ ਪਿਲਾਉਣ ਤੋਂ ਬਿਨਾਂ ਮਾਂ ਵੀ ਅਧੂਰੀ ਹੁੰਦੀ ਹੈ। ਫ਼ੀਡਰ ਵਲ ਵੱਧਦਾ ਰੁਝਾਨ ਤੇ ਆਪਣਾ ਦੁੱਧ ਪਿਲਾਉਣ ਦੀ ਪ੍ਰਵਿਰਤੀ ਵਿੱਚ ਲਗਾਤਾਰ ਗਿਰਾਵਟ ਚਿੰਤਾ ਦਾ ਵਿਸ਼ਾ ਹੈ। ਬ੍ਰੈਸਟ ਫ਼ੀਡਿੰਗ ਕਰਵਾਉਣ ਸੰਬੰਧੀ ਔਰਤਾਂ ਵਿੱਚ ਜਾਗਰੂਕਤਾ ਲਿਆਉਣ ਲਈ ਹਰ ਸਾਲ 1 ਤੋਂ 7 ਅਗਸਤ ਤੱਕ ਪੂਰੇ ਵਿਸ਼ਵ ਵਿੱਚ ਬ੍ਰੈਸਟ ਫ਼ੀਡਿੰਗ ਹਫ਼ਤਾ ਮਨਾਇਆ ਜਾਂਦਾ ਹੈ ਤਾਂ ਜੋ ਔਰਤਾਂ ਨੂੰ ਦੱਸਿਆ ਜਾਵੇ ਕਿ ਮਾਂ ਦਾ ਦੁੱਧ ਬੱਚਿਆਂ ਨੂੰ ਕੁਪੋਸ਼ਣ ਤੇ ਡਾਇਰੀਆ ਜਿਹੀਆਂ ਗੰਭੀਰ ਬੀਮਾਰੀਆਂ ਤੋਂ ਬਚਾਉਂਦਾ ਹੈ। ਨਾਲ ਹੀ ਇਸ ਨਾਲ ਬਾਲ ਮੌਤ ਦਰ ਵਿੱਚ ਕਮੀ ਆਉਂਦੀ ਹੈ। ਬ੍ਰੈਸਟ ਫ਼ੀਡਿੰਗ ਸੰਬੰਧੀ ਮਾਹਿਰ ਡਾਕਟਰਾਂ ਦਾ ਕੀ ਕਹਿਣਾ ਹੈ, ਆਓ ਜਾਣੀਏ-

ਡਾ. ਰਿਤੂ ਜੇ. ਨੰਦਾ ਗਾਇਨੀ ਐਂਡ ਫ਼ਰਟੀਲਿਟੀ ਸੈਂਟਰ ਦੀ ਪ੍ਰਮੁੱਖ ਇਸਤਰੀ ਰੋਗ ਤੇ ਬਾਂਝਪਨ ਦੇ ਇਲਾਜ ਦੀ ਮਾਹਿਰ ਡਾ. ਰਿਤੂ ਨੰਦਾ ਦਾ ਕਹਿਣਾ ਹੈ ਕਿ ਜਣੇਪੇ ਤੋਂ ਤੁਰੰਤ ਬਾਅਦ ਜੋ ਔਰਤਾਂ ਬੱਚਿਆਂ ਨੂੰ ਆਪਣਾ ਦੁੱਧ ਪਿਲਾਉਣਾ ਸ਼ੁਰੂ ਕਰ ਦਿੰਦੀਆਂ ਹਨ, ਉਨ੍ਹਾਂ ਨੂੰ ਬੱਚੇਦਾਨੀ ਤੇ ਬ੍ਰੈਸਟ ਕੈਂਸਰ ਹੋਣ ਦਾ ਖਤਰਾ ਬਹੁਤ ਘੱਟ ਜਾਂਦਾ ਹੈ। ਜਣੇਪੇ ਤੋਂ ਬਾਅਦ 2-3 ਦਿਨ ਤੱਕ ਔਰਤਾਂ ਦੀਆਂ ਛਾਤੀਆਂ ਵਿੱਚੋਂ ਨਿਕਲਣ ਵਾਲਾ ਗਾੜ੍ਹਾ ਪੀਲਾ ਦੁੱਧ (ਕੋਲੋਸਟ੍ਰਮ) ਨਵ-ਜਨਮੇ ਬੱਚਿਆਂ ਲਈ ਬਹੁਤ ਹੀ ਲਾਭਦਾਇੱਕ ਹੁੰਦਾ ਹੈ।

ਕਪੂਰ ਬੋਨ ਐਂਡ ਚਿਲਡਰਨ ਹਸਪਤਾਲ ਦੀ ਬਾਲ ਰੋਗ ਮਾਹਿਰ ਡਾ. ਪੂਜਾ ਕਪੂਰ ਦਾ ਕਹਿਣਾ ਹੈ ਕਿ ਜਨਮ ਤੋਂ 6 ਮਹੀਨਿਆਂ ਤੱਕ ਬੱਚਿਆਂ ਲਈ ਮਾਂ ਦਾ ਦੁੱਧ ਹੀ ਕਾਫ਼ੀ ਹੁੰਦਾ ਹੈ, ਇਸ ਲਈ ਉਸ ਵਕਫ਼ੇ ਤੱਕ ਬੱਚਿਆਂ ਨੂੰ ਮਾਂ ਦਾ ਦੁੱਧ ਪਿਲਾਉਣਾ ਚਾਹੀਦਾ ਹੈ। ਉਨ੍ਹਾਂ ਨੇ ਦੱਸਿਆ ਕਿ ਮਾਂ ਦੇ ਦੁੱਧ ਵਿੱਚ ਪ੍ਰੋਟੀਨ ਦੇ ਐਂਟੀਬਾਇਓਟਿਕ ਹੁੰਦੇ ਹਨ, ਜੋ ਬੱਚਿਆਂ ਨੂੰ ਇਨਫ਼ੈਕਸ਼ਨ ਨਾਲ ਲੜਨ ਵਿੱਚ ਸਮਰੱਥ ਬਣਾਉਂਦੇ ਹਨ ਤੇ ਉਸ ਦੇ ਸਰੀਰ ਵਿੱਚ ਪਾਣੀ ਦੀ ਕਮੀ ਨਹੀਂ ਹੋਣ ਦਿੰਦੇ।

ਬਰੀਨਾ ਸਕਿਨ ਕੇਅਰ ਦੀ ਪ੍ਰਮੁੱਖ ਸਕਿਨ ਸਪੈਸ਼ਲਿਸਟ ਡਾ. ਬਰੀਨਾ ਦਾ ਕਹਿਣਾ ਹੈ ਕਿ ਬੱਚਿਆਂ ਨੂੰ ਦੁੱਧ ਪਿਲਾਉਣ ਨਾਲ ਔਰਤਾਂ ਦੀ ਫ਼ਗਰ ਵਿੱਚ ਕੋਈ ਫ਼ਰਕ ਨਹੀਂ ਪੈਂਦਾ, ਇਸ ਲਈ ਬੱਚਿਆਂ ਨੂੰ ਆਪਣਾ ਦੁੱਧ ਜ਼ਰੂਰ ਪਿਲਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬ੍ਰੈਸਟ ਫ਼ੀਡਿੰਗ ਕਰਵਾਉਂਦੇ ਸਮੇਂ ਕੁਝ ਗੱਲਾਂ ਦਾ ਜ਼ਰੂਰ ਧਿਆਨ ਰੱਖਣਾ ਚਾਹੀਦਾ ਹੈ। ਬ੍ਰੈਸਟ ਫ਼ੀਡਿੰਗ ਕਰਵਾਉਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਛਾਤੀਆਂ ਨੂੰ ਚੰਗੀ ਤਰ੍ਹਾਂ ਸਾਫ਼ ਕਰ ਲਓ ਤਾਂ ਜੋ ਇਨਫ਼ੈਕਸ਼ਨ ਹੋਣ ਦਾ ਖਤਰਾ ਨਾ ਰਹੇ।

ਆਪਣਾ ਦੁੱਧ ਪਿਲਾਉਂਦੇ ਸਮੇਂ ਇਨ੍ਹਾਂ ਗੱਲਾਂ ਦਾ ਰੱਖੋ ਧਿਆਨ

1. ਬੱਚਿਆਂ ਨੂੰ ਦੁੱਧ ਹਮੇਸ਼ਾ ਬੈਠ ਕੇ ਪਿਲਾਉਣਾ ਚਾਹੀਦਾ ਹੈ।
2. ਬੱਚਿਆਂ ਨੂੰ ਆਪਣਾ ਦੁੱਧ ਹਮੇਸ਼ਾ ਇੱਕਾਂਤ ਵਿੱਚ ਬੈਠ ਕੇ ਪਿਲਾਉਣਾ ਚਾਹੀਦਾ ਹੈ।
3. ਦੁੱਧ ਪਿਲਾਉਂਦੇ ਸਮੇਂ ਮਨ ਵਿੱਚ ਧਾਰਮਿਕ ਤੇ ਚੰਗੇ ਖਿਆਲ ਲਿਆਉਣੇ ਚਾਹੀਦੇ ਹਨ।
4. ਬ੍ਰੈਸਟ ਫ਼ੀਡਿੰਗ ਵਾਰੀ-ਵਾਰ ਦੋਵਾਂ ਛਾਤੀਆਂ ਤੋਂ ਕਰਵਾਉਣੀ ਚਾਹੀਦੀ ਹੈ। 5. ਦੁੱਧ ਪਿਲਾਉਂਦੇ ਸਮੇਂ ਬੱਚੇ ਦਾ ਨੱਕ ਛਾਤੀ ਦੇ ਨਾਲ ਨਹੀਂ ਲੱਗਣਾ ਚਾਹੀਦਾ।
6. ਦੁੱਧ ਪਿਲਾਉਣ ਤੋਂ ਬਾਅਦ ਬੱਚੇ ਨੂੰ ਛਾਤੀ ਨਾਲ ਲਾ ਕੇ ਡਕਾਰ ਜ਼ਰੂਰ ਮਰਵਾਓ।
7. ਦੁੱਧ ਪਿਲਾਉਣ ਤੋਂ ਬਾਅਦ ਛਾਤੀਆਂ ਨੂੰ ਚੰਗੀ ਤਰ੍ਹਾਂ ਸਾਫ਼ ਕਰੋ।

# ਫਤਵਿਆਂ ਨਾਲੋਂ ਮੰਚੀ ਮਾਹੌਲ ਬਿਹਤਰ ਹੱਲ

ਬਲਦੇਵ ਸੜਕਨਾਮਾ ਦੇ ਨਾਵਲ ਸੂਰਜ ਦੀ ਅੱਖ ਦੇ ਨਾਇਕ ਮਹਾਰਾਜਾ ਰਣਜੀਤ ਸਿੰਘ ਗਲਪੀ ਪੇਸ਼ਕਾਰੀ ਸਬੰਧੀ ਉੱਠਿਆ ਵਿਵਾਦ ਸੋਸ਼ਲ ਮੀਡੀਆ ਤੋਂ ਲੈ ਕੇ ਅਖ਼ਬਾਰਾਂ ਵਿੱਚ ਜਿਸ ਤਰ੍ਹਾਂ ਉਛਾਲਿਆ ਜਾ ਰਿਹਾ ਹੈ, ਉਹ ਕੋਈ ਸਿਹਤਮੰਦ ਤਰੀਕਾ ਨਹੀਂ ਹੈ। ਨਾਵਲਕਾਰ ਕੋਈ ਅੱਲੜ੍ਹ ਨਵਾਂ-ਨਵਾਂ, ਗੁੰਮਨਾਮ, ਸ਼ੋਹਰਤ ਦਾ ਭੁੱਖਾ ਨਹੀਂ ਹੈ, ਉਹ ਭਾਰਤੀ ਸਾਹਿਤ ਅਕਾਦਮੀ ਦਾ ਸਨਮਾਨਿਆ ਸਾਹਿਤਕਾਰ ਅਤੇ ਲੇਖਕਾਂ ਦੀ ਸ਼੍ਰੋਮਣੀ ਜਥੇਬੰਦੀ-ਕੇਂਦਰੀ ਪੰਜਾਬੀ ਲੇਖਕ ਸਭਾ ਦਾ ਪ੍ਰਧਾਨ ਰਿਹਾ ਹੈ। ਅਜਿਹੇ ਲੇਖਕ ਤੋਂ ਗ਼ੈਰ-ਜ਼ਿੰਮੇਵਾਰਾਨਾ ਰਵੱਈਏ ਦੀ ਤਵੱਕੋ ਵੀ ਨਹੀਂ ਕੀਤੀ ਜਾ ਸਕਦੀ। ਉਹ ਕੋਈ ਕੱਟੜ ਕਾਮਰੇਡ ਵੀ ਨਹੀਂ ਹੈ। ਇਹ ਓਹੀ ਲੇਖਕ ਹੈ, ਜਿਸ ਨੇ 'ਸੂਰਜ ਦੀ ਅੱਖ' ਤੋਂ ਪਹਿਲਾਂ ਸਿੱਖ-ਇਤਿਹਾਸ ਦੇ ਨਾਇਕਾਂ ਬਾਰੇ ਦੋ ਨਾਵਲ 'ਪੰਜਵਾਂ ਸਾਹਿਬਜ਼ਾਦਾ' ਤੇ 'ਮਹਾਂਬਲੀ ਸੂਰਾ' ਲਿਖੇ ਸਨ। ਉਦੋਂ ਕੋਈ ਕਿੰਤੂ-ਪ੍ਰੰਤੂ ਨਹੀਂ ਸੀ ਹੋਇਆ। ਭਾਈ ਜੈਤਾ ਤੇ ਬੰਦਾ ਬਹਾਦਰ ਵਰਗੇ ਲੋਕ-ਨਾਇਕਾਂ ਬਾਰੇ ਕੋਈ ਵਿਵਾਦ ਨਹੀਂ ਉੱਠਿਆ, ਪਰ ਇੱਕ ਮਹਾਰਾਜੇ ਬਾਰੇ ਹੀ ਕਿਉਂ ਵਾਅ-ਵਾਵੇਲਾ ਖੜ੍ਹਾ ਹੋਇਆ ਹੈ।

ਸ਼ੱਕ ਕਰਨਾ, ਕਿੰਤੂ-ਪ੍ਰੰਤੂ ਕਰਨਾ, ਵਾਦ-ਵਿਵਾਦ ਹੋਣਾ, ਅਸਹਿਮਤੀ ਹੋਣੀ, ਸਪਸ਼ੱਟੀਕਰਨ ਮੰਗਣਾ ਤੇ ਜਵਾਬਦੇਹ ਹੋਣਾ ਕਿਸੇ ਸਮਾਜ ਵਿੱਚ ਜਮੂਹਰੀ ਅਮਲ ਜਾਰੀ ਰਹਿਣਾ ਚਾਹੀਦਾ ਹੈ। ਜੇਕਰ ਇਸ ਅਮਲ ਦੀ ਹੋਂਦ ਹੋਵੇਗੀ ਤਾਂ ਹੀ ਦਲੀਲ, ਜੀਵਤ ਰਹੇਗੀ। ਦਲੀਲ ਜਾਂ




ਤਰਕ ਤੋਂ ਬਾਅਦ ਹੀ ਤਲਵਾਰ ਵਰਤਣੀ ਚਾਹੀਦੀ ਹੈ। ਇਤਿਹਾਸ ਵਿੱਚ ਬਹੁਤ ਸਾਰੀਆਂ ਲੜਾਈਆਂ ਤਰਕ ਦੇ ਹਥਿਆਰ ਨਾਲ ਹੀ ਜਿੱਤੀਆਂ ਮਿਲਦੀਆਂ ਹਨ। ਗੁਰੂ ਨਾਨਕ ਜੀ ਜੇਕਰ ਤਰਕ ਦਾ ਪੱਲਾ ਛੱਡ ਜਾਂਦੇ ਤਾਂ ਨਾ ਹੀ ਕੁਰੂਕਸ਼ੇਤਰ ਵਿੱਚ ਪੰਡਿਤਾਂ ਨੂੰ ਹਰਾ ਸਕਦੇ ਤੇ ਨਾ ਹੀ ਦੁਨੀ ਚੰਦ ਨੂੰ ਝੁਕਾ ਸਕਦੇ। ਸਿੱਧ-ਗੋਸ਼ਠਾਂ ਤਰਕ ਦੇ ਬਲਬੂਤੇ ਹੀ ਸੰਭਵ ਹੋਈਆਂ। ਗੁਰੂ ਗੋਬਿੰਦ ਸਿੰਘ ਜੀ ਦੇ 'ਜ਼ਫਰਨਾਮਾ' ਅੰਦਰਲੇ ਤਰਕ ਨੇ ਹੀ ਔਰਗਜ਼ੇਬ ਨੂੰ ਮਾਨਸਿਕ ਤੇ ਆਤਮਿਕ ਤੌਰ 'ਤੇ ਕਮਜ਼ੋਰ ਕੀਤਾ ਸੀ। "ਜਬ ਲਗੁ ਦੁਨੀਆ ਰਹੀਐ ਨਾਨਕ ਕਿਛੁ ਸੁਣੀਐ ਕਿਛੁ ਕਹੀਐ" ਦੇ ਤਰਕ-ਸਿਧਾਂਤ ਅਨੁਸਾਰ ਹੀ ਸਿੱਖੀ ਦਾ ਮੁੱਢ ਬੱਝਿਆ ਸੀ।

ਆਪਣੇ ਧਾਰਮਿਕ ਸਿਧਾਂਤਾਂ ਉੱਤੇ ਪਹਿਰਾ ਦੇਣਾ ਕਿਸੇ ਕੌਮ ਦਾ ਮੁੱਢਲਾ ਅਧਿਕਾਰ ਹੈ, ਪਰ ਉਸ ਕੌਮ ਦੀਆਂ ਇਤਿਹਾਸਕ ਘਟਨਾਵਾਂ/ਨਾਇਕਾਂ ਦੀ ਸਮੇਂ-ਸਮੇਂ ਪੁਣ-ਛਾਣ ਕਰਨ ਦੀ ਇਤਿਹਾਸਕਾਰਾਂ/ਚਿੰਤਕਾਂ/ਲੇਖਕਾਂ ਨੂੰ ਖੁੱਲ੍ਹ ਵੀ ਹੋਣੀ ਚਾਹੀਦੀ ਹੈ। ਪੁਣ-ਛਾਣ ਦੀ ਪ੍ਰਕਿਰਿਆ ਉਨ੍ਹਾਂ ਨੂੰ ਯੁੱਗੋ-ਯੁੱਗ ਜੀਵਤ ਰੱਖਦੀ ਹੈ। ਅੱਜ-ਕੱਲ੍ਹ ਜਿਸ ਧਿਰ ਵੱਲੋਂ 'ਭੁਗਤ ਸੰਵਾਰਨ' ਦੇ ਫਤਵੇ ਜਾਰੀ ਕੀਤੇ ਜਾ ਰਹੇ ਹਨ, ਉਸ ਕੋਲ ਇਤਿਹਾਸਕ, ਧਾਰਮਿਕ ਤੇ ਵਿਚਾਰਧਾਰਕ ਤੌਰ 'ਤੇ ਤਰਕ-ਵਿਤਰਕ ਅਤੇ ਕਹਿਣ-ਸੁਣਨ ਦੀ ਅਮੀਰ ਵਿਰਾਸਤ ਹੈ। ਜੇਕਰ ਇਸ ਵਿਰਾਸਤ ਦੇ ਬਾਵਜੂਦ ਕਿਸੇ ਨੂੰ ਬਿਨਾਂ-ਸੁਣੇ ਸੋਧਣ ਦੀਆਂ ਧਮਕੀਆਂ ਦਿੱਤੀਆਂ ਜਾਣ, ਇਹ ਆਪਣੇ ਇਤਿਹਾਸ ਵਿੱਚ ਹੋਈਆਂ ਗ਼ਲਤੀਆਂ ਦਾ ਪੁਨਰ-ਮੁਲਾਂਕਣ ਕਰਨ ਦੀ ਵਿਧੀ ਨਹੀਂ ਹੈ। ਕੋਈ ਲੇਖਕ/ ਇਤਿਹਾਸਕਾਰ ਕਿਸੇ ਇਤਿਹਾਸ-ਖੰਡ ਨੂੰ ਆਪਣੀ ਖੋਜ-ਦ੍ਰਿਸ਼ਟੀ ਤੋਂ ਪੁਨਰ-ਸਿਰਜਿਤ ਕਰਦਾ ਹੈ ਤੇ ਕਿਸੇ ਧਿਰ ਨੂੰ ਉਸ ਦੀ ਦ੍ਰਿਸ਼ਟੀ ਉੱਪਰ ਕਿੰਤੂ-ਪ੍ਰੰਤੂ ਹੋ ਸਕਦਾ ਹੈ, ਪਰ ਇਸ ਕਿੰਤੂ-ਪ੍ਰੰਤੂ ਨੂੰ ਸਪੱਸ਼ਟ ਕਰਨ ਲਈ ਹੋਰ ਵੀ ਮੰਚ ਹੋ ਸਕਦੇ ਹਨ। ਲੇਖਕ ਧਿਰਾਂ ਨਾਵਲਕਾਰ ਵੱਲੋਂ ਕੀਤੀਆਂ 'ਇਤਿਹਾਸਕ ਉਕਾਈਆਂ' ਸਬੰਧੀ ਕੋਈ ਸੰਵਾਦ ਰਚਾਉਣ ਹਿਤ ਗੋਸ਼ਟੀਆਂ/ ਸੈਮੀਨਾਰ ਦੇ ਮੰਚ ਨੂੰ ਮੁਹੱਈਆ ਕਰਨ ਲਈ ਤਿਆਰ ਹਨ। ਸੋਸ਼ਲ ਮੀਡੀਆ ਦੇ ਸਕਰੀਨੀ ਪਰਦੇ ਤੋਂ ਬਾਹਰ ਆ ਕੇ ਸ਼ਾਖਸਾਤ ਤਰਕ-ਵਿਤਰਕ ਹੋਣਾ ਚਾਹੀਦਾ ਹੈ। ਨਾਵਲਕਾਰ ਵੀ ਹਾਜ਼ਰ ਹੋਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਮੰਚ ਤੋਂ ਇਸ ਵਿਵਾਦਤ ਨਾਵਲ ਦੀ ਛਾਣਬੀਨ ਕਰਨ ਲਈ ਤਿੰਨ ਮੈਂਬਰੀ ਕਮੇਟੀ ਗਠਿਤ ਕੀਤੀ ਹੈ। ਸੁਭਾਵਿਕ ਹੀ ਇਹ ਕਮੇਟੀ ਵਿਦਵਾਨ ਸ਼ਖ਼ਸਾਂ ਦੀ ਹੀ ਹੋਵੇਗੀ। ਸ਼੍ਰੋਮਣੀ ਕਮੇਟੀ ਦੇ ਇਸ ਫ਼ੈਸਲੇ ਦਾ ਵੀ ਸਵਾਗਤ ਕਰਨਾ ਬਣਦਾ ਹੈ। ਕਿਸੇ ਮਸਲੇ ਲਈ ਕਹਿਣ-ਸੁਣਨ ਦਾ ਮੰਚੀ-ਮਾਹੌਲ ਸਿਰਜਿਆ ਜਾਣਾ, ਫਤਵੇ ਜਾਰੀ ਕਰਨ ਨਾਲੋਂ ਜ਼ਿਆਦਾ ਬਿਹਤਰ ਵਿਧੀ ਹੈ।

## ਬੱਚੇ ਦੇ ਦੰਦ ਕੱਢਣ ਵੇਲੇ ਹੋਣ ਵਾਲੀਆਂ ਪ੍ਰੇਸ਼ਾਨੀਆਂ ਤੇ ਉਪਾਅ

ਜਦੋਂ ਛੋਟੇ ਬੱਚੇ ਦੇ ਦੰਦ ਨਿਕਲਣ ਵਾਲੇ ਹੁੰਦੇ ਹਨ ਤਾਂ ਉਸ ਨੂੰ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਤੋਂ ਲੰਘਣਾ ਪੈਂਦਾ ਹੈ। ਬੱਚੇ ਨੂੰ ਬੁਖਾਰ, ਕਮਜ਼ੋਰੀ, ਦਸਤ, ਪੇਟ ਵਿੱਚ ਦਰਦ, ਕਬਜ਼, ਮਸੂੜਿਆਂ ਵਿੱਚ ਖਾਰਸ਼, ਸੋਜ਼ ਆਦਿ ਦੀ ਪ੍ਰੇਸ਼ਾਨੀ ਹੋ ਜਾਂਦੀ ਹੈ। ਅਜਿਹੇ ਵਿੱਚ ਬੱਚਾ ਕਾਫ਼ੀ ਦੁੱਖੀ ਅਤੇ ਚਿੜਚਿੜਾ ਹੋ ਜਾਂਦਾ ਹੈ। ਮਾਂ ਨੂੰ ਵੀ ਸਮੱਝ ਨਹੀਂ ਆਉਂਦਾ ਕਿ ਉਹ ਕੀ ਕਰੇ। ਬੱਚੇ ਦੀ ਇਸ ਪ੍ਰੇਸ਼ਾਨੀ ਨੂੰ ਕਿਵੇਂ ਬੱਚੇ ਦੀ ਇਸ ਸਮੱਸਿਆ ਨੂੰ ਦੂਰ ਕਰੇ। ਜਦੋਂ ਬੱਚੇ ਦੇ ਦੰਦ ਨਿਕਲਣ ਵਾਲੇ ਹੁੰਦੇ ਹਨ ਤਾਂ ਕਈ ਲੱਛਣ ਦਿਖਣੇ ਸ਼ੁਰੂ ਹੋ ਜਾਂਦੇ ਹਨ। ਅਜਿਹੇ ਵਿੱਚ ਮਾਂ ਨੂੰ ਉਨ੍ਹਾਂ ਲੱਛਣਾਂ ਨੂੰ ਪਹਿਚਾਨ ਕੇ ਉਸ ਦਾ ਇਲਾਜ ਕਰਨਾ ਚਾਹੀਦਾ ਹੈ।



ਲੱਛਣ

- ਸਿਰ ਗਰਮ ਰਹਿਣ ਲੱਗਦਾ ਹੈ
- ਮਸੂੜਿਆਂ ਵਿੱਚ ਖਾਰਸ਼
- ਅੱਖਾਂ ਦੁੱਖਣ ਲੱਗਦੀਆਂ ਹਨ।
- ਵਾਰ-ਵਾਰ ਦਸਤ
- ਪੇਟ ਵਿੱਚ ਦਰਦ ਅਤੇ ਕਬਜ਼

ਘਰੇਲੂ ਇਲਾਜ਼

1. ਸ਼ਹਿਦ

ਦੰਦ ਕੱਢਦੇ ਸਮੇਂ ਬੱਚੇ ਨੂੰ ਸ਼ਹਿਦ ਚਟਾਓ। ਇਸ ਨਾਲ ਦੰਦ ਸੋਹਣੇ ਨਿਕਲਦੇ ਹਨ ਅਤੇ ਦੰਦ ਦਰਦ ਵੀ ਦੂਰ ਹੋ ਜਾਂਦਾ ਹੈ।

2. ਤੁਲਸੀ

ਤੁਲਸੀ ਦੇ ਪੱਤਿਆਂ ਦਾ ਰਸ ਸ਼ਹਿਦ ਵਿੱਚ ਮਿਲਾ ਕੇ ਬੱਚਿਆਂ ਦੇ ਮਸੂੜਿਆਂ 'ਤੇ ਲਗਾਓ ਅਤੇ ਚਟਾਓ। ਇਸ ਨਾਲ ਦਰਦ ਦੂਰ ਹੁੰਦਾ ਹੈ।

3. ਅੰਗੂਰ

ਦਰਦ ਘੱਟ ਕਰਨ ਲਈ ਅੰਗੂਰ ਦਾ ਰਸ ਪਿਲਾਓ। ਇਸ ਨਾਲ ਦਰਦ ਘੱਟ ਹੋਵੇਗਾ ਅਤੇ ਦੰਦ ਵੀ ਮਜ਼ਬੂਤ ਹੁੰਦੇ ਹਨ। ਬੱਚੇ ਦੇ ਦੰਦ ਕੱਢਣ ਦੇ ਸਮੇਂ ਵਿੱਚ ਜੇ ਉਸ ਨੂੰ ਅੰਗੂਰ ਦੇ ਰਸ ਵਿੱਚ ਸ਼ਹਿਦ ਮਿਲਾ ਕੇ ਉਸ ਨੂੰ ਪਿਲਾਇਆ ਜਾਵੇ ਤਾਂ ਇਸ ਨਾਲ ਦੰਦ ਜਲਦੀ ਨਿਕਲ ਜਾਂਦੇ ਹਨ।

4. ਸੌਂਫ਼ ਦਾ ਪਾਣੀ

ਦੋ ਚਮੱਚ ਸੌਂਫ਼ ਨੂੰ ਪਾਣੀ ਵਿੱਚ ਉਬਾਲ ਲਓ ਅਤੇ ਇਸ ਨੂੰ ਛਾਣ ਕੇ ਬੱਚੇ ਨੂੰ ਦਿਨ ਵਿੱਚ 4-5 ਵਾਰ ਪਿਲਾਓ।

5. ਅਨਾਰ ਦਾ ਰਸ

ਬੱਚਿਆਂ ਨੂੰ ਦੰਦ ਕੱਢਦੇ ਸਮੇਂ ਉਲਟੀ ਹੋ ਰਹੀ ਹੈ ਤਾਂ ਉਸ ਨੂੰ ਇੱਕ ਚਮੱਚ ਅਨਾਰ ਦਾ ਰਸ ਦਿਨ ਵਿੱਚ 2-3 ਵਾਰ ਪਿਲਾਓ ਇਸ ਨਾਲ ਬੱਚੇ ਨੂੰ ਉਲਟੀ ਹੋਣੀ ਬੰਦ ਹੋ ਜਾਵੇਗੀ।

# ਕਈ ਰੋਗਾਂ ਦੀ ਦਵਾ ਹੈ ਅਮਰੂਦ

ਅਮਰੂਦ ਫ਼ਲ ਦੀ ਜ਼ਿਆਦਾ ਵਰਤੋਂ ਅੱਜ-ਕੱਲ ਸ਼ੂਗਰ ਪੀੜਤ ਕਰ ਰਹੇ ਹਨ। ਇਸ ਦੇ ਹੋਰ ਵੀ ਬਹੁਤ ਸਾਰੇ ਫ਼ਾਇਦੇ ਹਨ। ਜ਼ਿਆਦਾ ਪਿਆਸ ਲੱਗਣ 'ਤੇ ਅਮਰੂਦ ਦੇ ਛੋਟੇ-ਛੋਟੇ ਟੁਕੜੇ ਕਰਕੇ ਉਸ ਨੂੰ ਪਾਣੀ ਵਿੱਚ ਪਾ ਦਿਓ। ਕੁਝ ਸਮੇਂ ਬਾਅਦ ਇਹ ਪਾਣੀ ਪੀਣ ਨਾਲ ਸ਼ੂਗਰ ਜਾਂ ਜ਼ਿਆਦਾ ਪਿਸ਼ਾਬ ਆਉਣ ਦੀ ਬਿਮਾਰੀ ਕਾਰਨ ਜ਼ਿਆਦਾ ਪਿਆਸ ਲਗਣ ਦੀ ਆਦਤ ਹਟ ਜਾਵੇਗੀ।



ਪੇਟ ਵਿੱਚ ਦਰਦ ਹੋਵੇ ਤਾਂ ਲੂਣ ਨਾਲ ਪੱਕੇ ਅਮਰੂਦ ਖਾਓ, ਜਲਦੀ ਦਰਦ ਤੋਂ ਨਿਜਾਤ ਮਿਲੇਗੀ। ਅਮਰੂਦ ਦੇ ਨਰਮ ਪੱਤਿਆਂ ਨੂੰ ਪੀਹ ਕੇ ਪਾਣੀ ਵਿੱਚ ਮਿਲਾ ਕੇ ਲੈਣ ਨਾਲ ਵੀ ਆਰਾਮ ਮਿਲਦਾ ਹੈ। ਅਮਰੂਦ ਦੇ ਪੱਤਿਆਂ ਨੂੰ ਚੰਗੀ ਤਰਾਂ ਪੀਸ ਕੇ ਕਾਲੇ ਲੂਣ ਨਾਲ ਚੱਟੋ, ਪੇਟ ਦਰਦ ਠੀਕ ਹੋਵੇਗਾ। ਪੇਟ ਵਿੱਚ ਅਫ਼ਾਰਾ ਹੋਣ 'ਤੇ ਅਮਰੂਦ ਬਹੁਤ ਵਧੀਆ ਦਵਾਈ ਹੋ ਸਕਦਾ ਹੈ। ਇਨਾਂ ਰੋਗਾਂ ਵਾਲੇ ਵਿਅਕਤੀ ਨੂੰ ਖਾਣਾ ਖਾਣ ਤੋਂ ਬਾਅਦ ਅਮਰੂਦ ਜ਼ਰੂਰ ਖਾਣਾ ਚਾਹੀਦਾ ਹੈ। ਇਹ ਧਿਆਨ ਰੱਖੋ ਕਿ ਜਿਨਾਂ ਨੂੰ ਕਬਜ਼ ਨਾ ਹੋਵੇ, ਉਹ ਅਮਰੂਦ ਖਾਣਾ ਖਾਣ ਤੋਂ ਪਹਿਲਾਂ ਖਾ ਲੈਣ। ਸਵੇਰੇ ਖਾਲੀ ਪੇਟ ਲਗਾਤਾਰ ਅਮਰੂਦ ਖਾਣ ਵਾਲੇ ਵਿਅਕਤੀਆਂ ਨੂੰ ਬਵਾਸੀਰ ਤੋਂ ਛੁਟਕਾਰਾ ਮਿਲ ਜਾਵੇਗਾ। ਅਮਰੂਦ ਪੱਕੇ ਅਤੇ ਮਿੱਠੇ ਹੋਣੇ ਚਾਹੀਦੇ ਹਨ ਤਾਂ ਹੀ ਪੂਰਾ ਲਾਭ ਮਿਲੇਗਾ।

ਸੁੱਕੀ ਖੰਘ ਤੋਂ ਪੀੜਤ ਵਿਅਕਤੀਆਂ ਨੂੰ ਵੀ ਅਮਰੂਦ ਦੀ ਵਰਤੋਂ ਨਾਲ ਫ਼ਾਇਦਾ ਹੁੰਦਾ ਹੈ। ਗਰਮ ਰੇਤ ਵਿੱਚ ਅਮਰੂਦ ਭੁੰਨ ਕੇ ਖਾਣ ਨਾਲ ਸੁੱਕੀ ਖੰਘ, ਕਫ਼ ਵਾਲੀ ਅਤੇ ਕਾਲੀ ਖੰਘ ਤੋਂ ਵੀ ਆਰਾਮ ਮਿਲਦਾ ਹੈ। ਦਿਨ 'ਚ ਤਿੰਨ ਵਾਰ ਭੁੰਨੇ ਹੋਏ ਅਮਰੂਦ ਦੀ ਵਰਤੋਂ ਨਾਲ ਕੁਝ ਹੀ ਦਿਨਾਂ ਵਿੱਚ ਖੰਘ ਦੂਰ ਹੋ ਜਾਵੇਗੀ।

ਦੰਦਾਂ ਦੇ ਦਰਦ ਵਿੱਚ ਵੀ ਅਮਰੂਦ ਅਸਰ ਦਿਖਾਉਂਦਾ ਹੈ। ਅਮਰੂਦ ਦੀਆਂ ਨਰਮ ਪੱਤੀਆਂ ਚੱਬਣ ਨਾਲ ਦੰਦਾਂ ਦੀ ਪੀੜ ਦੂਰ ਹੋ ਜਾਂਦੀ ਹੈ। ਅਮਰੂਦ ਦੇ ਪੱਤਿਆਂ ਨੂੰ ਪਾਣੀ ਵਿੱਚ ਚੰਗੀ ਤਰਾਂ ਉਬਾਲ ਲਵੋ ਤੇ ਉਸ ਵਿੱਚ ਫ਼ਟਕੜੀ ਘੋਲ ਕੇ ਕੁਰਲੀ ਕਰੋ, ਦੰਦਾਂ ਦੀ ਦਰਦ ਗਾਇਬ ਹੋ ਜਾਵੇਗੀ। ਅੱਧੇ ਸਿਰ ਦੀ ਪੀੜ, ਜਿਸ ਨੂੰ ਹੁੰਦੀ ਹੈ, ਉਹ ਹੀ ਜਾਣਦਾ ਕਿ ਇਹ ਕਿੰਨੀ ਤਕਲੀਫ਼ ਦਿੰਦੀ ਹੈ। ਇਸ ਦੇ ਇਲਾਜ ਵਿੱਚ ਵੀ ਅਮਰੂਦ ਫ਼ਾਇਦੇਮੰਦ ਹੈ। ਅੱਧੇ ਸਿਰ ਦੀ ਪੀੜ ਵਾਸਤੇ ਕੱਚੇ ਅਮਰੂਦ ਨੂੰ ਸਵੇਰੇ ਚੰਗੀ ਤਰਾਂ ਰਗੜ ਕੇ ਉਸ ਦਾ ਲੇਪ ਬਣਾ ਲਵੋ ਕੇ ਮੱਥੇ 'ਤੇ ਲਗਾਓ। ਸੂਰਜ ਚੜ੍ਹਨ ਤੋਂ ਬਾਅਦ ਸਵੇਰੇ ਇਹ ਪ੍ਰਯੋਗ ਕਰਨਾ ਚਾਹੀਦਾ ਹੈ। ਜਿਹੜੀ ਜਗਾਂ ਦਰਦ ਹੁੰਦਾ ਹੋਵੇ, ਉਸ ਜਗਾਂ 'ਤੇ ਚੰਗੀ ਤਰਾਂ ਲੇਪ ਕਰੋ। ਇਸ ਨਾਲ ਸਿਰ ਦਰਦ ਸ਼ੁਰੂ ਨਹੀਂ ਹੋਵੇਗਾ। ਜੇਕਰ ਸ਼ੁਰੂ ਹੋ ਵੀ ਗਿਆ ਹੈ ਤਾਂ ਉਹ ਸ਼ਾਂਤ ਹੋ ਜਾਵੇਗਾ। ਇਸ ਤਰਾਂ ਦਿਨ ਵਿੱਚ 3-4 ਵਾਰ ਕਰੋ। ਜ਼ੁਕਾਮ ਵਿੱਚ ਵੀ ਅਮਰੂਦ ਬਹੁਤ ਉਪਯੋਗੀ ਹੈ। ਰੁਕੇ ਹੋਏ ਜ਼ੁਕਾਮ ਵਾਸਤੇ ਅਮਰੂਦ ਦੇ ਬੀਜ ਕੱਢ ਕੇ ਖਾਓ। ਬਿਨਾਂ ਬੀਜਾਂ ਤੋਂ ਅਮਰੂਦ ਖਾਣ ਤੋਂ ਬਾਅਦ ਨੱਕ ਬੰਦ ਕਰਕੇ ਇੱਕ ਗਲਾਸ ਪਾਣੀ ਪੀ ਲਵੋ। ਦੋ-ਤਿੰਨ ਦਿਨ ਬਾਅਦ ਜੰਮਿਆਂ ਹੋਇਆ ਰੇਸ਼ਾਂ ਬਾਹਰ ਆਉਣਾ ਸ਼ੁਰੂ ਹੋ ਜਾਵੇ ਤਾਂ ਉਸ ਨੂੰ ਰੋਕਣ ਲਈ 50-100 ਗਰਾਮ ਗੁੜ ਖਾ ਲਵੋ। ਇਸ ਤਰਾਂ ਸਿਰਫ਼ ਤਿੰਨ ਦਿਨਾਂ ਵਿੱਚ ਹੀ ਲਗਾਤਾਰ ਅਮਰੂਦ ਖਾਂਦੇ ਰਹਿਣ ਨਾਲ ਪੁਰਾਣੀ ਸਰਦੀ ਅਤੇ ਜ਼ੁਕਾਮ ਦੂਰ ਹੋ ਜਾਵੇਗਾ। ਮਲੇਰੀਆ ਬੁਖਾਰ ਵਿੱਚ ਵੀ ਅਮਰੂਦ ਚਮਤਕਾਰੀ ਅਸਰ ਵਿਖਾਉਂਦਾ ਹੈ। ਲਗਾਤਾਰ ਵਰਤਣ ਨਾਲ ਵਾਰੀ ਦਾ ਬੁਖਾਰ ਵੀ ਉਤਰ ਜਾਂਦਾ ਹੈ। ਅਮਰੂਦ ਅਤੇ ਸੇਬ ਦਾ ਰਸ ਬੁਖਾਰ ਦੂਰ ਕਰਦਾ ਹੈ। ਅਮਰੂਦ ਦਾ ਮੁਰੱਬਾ ਖਾਣ ਨਾਲ ਕਬਜ਼ ਦੀ ਸ਼ਿਕਾਇਤ ਦੂਰ ਹੋ ਜਾਂਦੀ ਹੈ। ਅਮਰੂਦ ਖਾ ਕੇ ਉਪਰੋਂ ਗਰਮ ਦੁੱਧ ਪੀਣ ਨਾਲ ਵੀ ਕਬਜ਼ ਵਿੱਚ ਫ਼ਾਇਦਾ ਹੁੰਦਾ ਹੈ। ਅਮਰੂਦ ਦੀਆਂ ਕਰੂੰਬਲਾਂ ਦੇ 10 ਗਰਾਮ ਰਸ ਵਿੱਚ ਥੋੜਾਂ ਜਿਹਾ ਮਿੱਠਾ ਮਿਲਾ ਕੇ ਪੀਣ ਨਾਲ ਕੇਵਲ 7 ਦਿਨਾਂ ਵਿੱਚ ਹੀ ਪੁਰਾਣੀ ਤੋਂ ਪੁਰਾਣੀ ਕਬਜ਼ ਦੂਰ ਹੋ ਜਾਵੇਗੀ। ਅਮਰੂਦ ਦੇ ਪੱਤਿਆਂ ਦੀ ਪੋਟਲੀ ਬਣਾ ਕੇ ਰਾਤ ਨੂੰ ਸੌਣ ਵੇਲੇ ਅੱਖਾਂ 'ਤੇ ਬੰਨੰਣ ਨਾਲ ਅੱਖਾਂ ਦਾ ਦਰਦ, ਅੱਖਾਂ ਦੀ ਲਾਲਗੀ ਅਤੇ ਸੋਜ਼ ਦੂਰ ਹੋ ਜਾਣਗੇ। ਨਾਸ਼ਤੇ ਦੇ ਸਮੇਂ ਕਾਲੀ ਮਿਰਚ, ਕਾਲਾ ਲੂਣ ਅਤੇ ਅਦਰਕ ਇੱਕੱਠੇ ਖਾਣ ਨਾਲ ਬਦਹਜ਼ਮੀ, ਗੈਸ, ਅਫ਼ਾਰਾ ਦੂਰ ਹੋ ਜਾਵੇਗਾ। ਖ਼ੂਨ ਦੀ ਖਰਾਬੀ ਕਾਰਨ ਹੋਣ ਵਾਲੇ ਫ਼ੋੜੇ-ਫ਼ਿਨਸੀਆਂ ਤੋਂ ਅਮਰੂਦ ਬਚਾਅ ਕਰਦਾ ਹੈ। 4 ਹਫ਼ਤਿਆਂ ਤੱਕ ਦੁਪਹਿਰ ਵੇਲੇ 250 ਗਰਾਮ ਅਮਰੂਦ ਲਗਾਤਾਰ ਖਾਓ। ਇਸ ਨਾਲ ਖ਼ੂਨ ਸਾਫ਼ ਹੋਵੇਗਾ, ਫ਼ੋੜੇ-ਫ਼ਿਨਸੀਆਂ ਅਤੇ ਖਾਰਸ਼ ਤੋਂ ਛੁਟਕਾਰਾ ਮਿਲ ਜਾਵੇਗਾ। ਅਮਰੂਦ ਦੀਆਂ ਕਰੂੰਬਲਾਂ ਉਬਾਲ ਕੇ ਪੀਣ ਨਾਲ ਪੁਰਾਣੇ ਦਸਤਾਂ ਦੀ ਬਿਮਾਰੀ ਦੂਰ ਹੋ ਜਾਂਦੀ ਹੈ।

## ਗਰਭ ਅਵਸਥਾ 'ਚ ਇਹ ਬੀਮਾਰੀਆਂ ਪਾਉਂਦੀਆਂ ਨੇ ਬੱਚੇ 'ਤੇ ਮਾੜਾ ਪ੍ਰਭਾਵ

ਗਰਭ ਅਵਸਥਾ ਦੇ ਦੌਰਾਨ ਔਰਤਾਂ ਨੂੰ ਆਪਣੀ ਸਿਹਤ ਦਾ ਖਾਸ ਖਿਆਲ ਰੱਖਣਾ ਪੈਂਦਾ ਹੈ। ਇਸ ਦੌਰਾਨ ਉਸ ਨੂੰ ਹਰ ਸਮੇਂ ਖ਼ੁਸ਼ ਰਹਿਣਾ ਪੈਂਦਾ ਹੈ ਅਤੇ ਚੰਗੀ ਡਾਇਟ ਲੈਣ ਦੀ ਸਲਾਹ ਦਿੱਤੀ ਜਾਂਦੀ ਹੈ ਤਾਂ ਕਿ ਉਸ ਦੇ ਗਰਭ ਵਿੱਚ ਪਲ ਰਹੇ ਬੱਚੇ 'ਤੇ ਚੰਗਾ ਅਸਰ ਪਵੇ। ਅਕਸਰ ਗਰਭ ਅਵਸਥਾ ਦੌਰਾਨ ਔਰਤਾਂ ਨੂੰ ਡਾਇਬੀਟੀਜ਼, ਮੋਟਾਪਾ ਅਤੇ ਥਾਈਰਾਈਡ ਵਰਗੀਆਂ ਬੀਮਾਰੀਆਂ ਹੋਣ ਦਾ ਖਤਰਾ ਰਹਿੰਦਾ ਹੈ, ਜਿਸ ਨਾ ਹੋਣ ਵਾਲੇ ਬੱਚੇ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਅਜਿਹੇ ਵਿੱਚ ਇਸ ਅਵਸਥਾ ਵਿੱਚ ਹਰ ਔਰਤ ਨੂੰ ਆਪਣੇ ਖਾਣ-ਪੀਣ ਅਤੇ ਸਿਹਤ ਦਾ ਕਾਫ਼ੀ ਧਿਆਨ ਰੱਖਣਾ ਚਾਹੀਦਾ ਹੈ ਤਾਂ ਕਿ ਕੋਈ ਬੀਮਾਰੀ ਨਾ ਘੇਰ ਲਵੇ। ਆਓ ਜਾਣਦੇ ਹਾਂ ਗਰਭ ਅਵਸਥਾ ਵਿੱਚ ਹੋਣ ਵਾਲੀਆਂ ਬੀਮਾਰੀਆਂ ਦੀ ਵਜ੍ਹਾ ਨਾਲ ਬੱਚੇ 'ਤੇ ਕੀ ਅਸਰ ਹੁੰਦਾ ਹੈ। ਜਿਨ੍ਹਾਂ ਲੋਕਾਂ ਦੇ ਪਰਿਵਾਰ ਵਿੱਚ ਕਿਸੇ ਨੂੰ ਡਾਇਬੀਟੀਜ਼ ਹੁੰਦੀ ਹੈ ਉਨ੍ਹਾਂ ਵਿੱਚ ਗਰਭ ਅਵਸਥਾ ਦੌਰਾਨ ਇਸ ਦਾ ਖਤਰਾ ਕਾਫ਼ੀ ਵਧ ਜਾਂਦਾ ਹੈ। ਡਾਇਬੀਟੀਜ਼ ਹੋਣ 'ਤੇ ਗਰਭ ਵਿੱਚ ਪਲ ਰਹੇ ਬੱਚੇ ਨੂੰ ਸਾਹ ਲੈਣ ਵਿੱਚ ਦਿੱਕਤ ਆਉਂਦੀ ਹੈ ਅਤੇ ਉਨ੍ਹਾਂ ਨੂੰ ਜਨਮ ਦੇ ਬਾਅਦ ਮੋਟਾਪਾ ਅਤੇ ਦਿਲ ਨਾਲ ਜੁੜੀਆਂ ਕਈ ਤਰ੍ਹਾਂ ਦੀਆਂ ਬੀਮਾਰੀਆਂ ਹੋਣ ਦਾ ਖਤਰਾ ਰਹਿੰਦਾ ਹੈ। ਗਰਭ ਅਵਸਥਾ ਦੌਰਾਨ ਆਇਰਨ ਦੀ ਕਮੀ ਹੋ ਜਾਣ ਨਾਲ ਔਰਤਾਂ ਦੇ ਸਰੀਰ ਵਿੱਚ ਖ਼ੂਨ ਦੀ ਕਮੀ ਹੋ ਜਾਂਦੀ ਹੈ, ਜਿਸ ਨਾਲ ਅਨੀਮੀਆਂ ਦੀ ਸਮੱਸਿਆ ਹੋ ਜਾਂਦੀ ਹੈ।

# ਬਟਵਾਰੇ ਦੇ ਜ਼ਖ਼ਮ 72 ਸਾਲ ਬਾਅਦ ਵੀ ਅੱਲ੍ਹੇ

ਹਰੀਸ਼ ਖਰੇ

**ਫਿਰ ਵੀ ਇੱਕ ਵੱਡਾ ਦੁਖਾਂਤ ਹੋਣਾ ਤੈਅ ਹੀ ਸੀ। ਜਿੰਨੀ ਵੱਡੀ ਗਿਣਤੀ ਹਿੰਦੂ ਤੇ ਸਿੱਖਾਂ ਨੂੰ ਉੱਜੜ ਕੇ ਭਾਰਤ ਵੱਲ ਅਤੇ ਭਾਰਤ ਵਿੱਚੋਂ ਮੁਸਲਮਾਨਾਂ ਨੂੰ ਘਰ ਦਰ ਛੱਡ ਕੇ ਪਾਕਿਸਤਾਨ ਜਾਣ ਲਈ ਮਜਬੂਰ ਹੋਣਾ ਪਿਆ, ਉਹ ਸੱਚਮੁੱਚ ਸੁੰਨ ਕਰ ਦੇਣ ਵਾਲਾ ਵਰਤਾਰਾ ਸੀ। ਅਗਸਤ 1947 ਤੋਂ ਫੌਰੀ ਮਗਰੋਂ, ਜਿਸ ਭਿਆਨਕ ਦੁਖਾਂਤ ਤੇ ਉਜਾੜੇ ਨੇ ਸੰਸਾਰ ਦੇ ਇਸ ਖਿੱਤੇ ਨੂੰ ਵੱਲ ਲਿਆ ਸੀ, ਉਸ ਨੂੰ ਕੇਵਲ ਅੰਕੜਿਆਂ ਰਾਹੀਂ ਕਦੇ ਨਹੀਂ ਬਿਆਨਿਆ ਜਾ ਸਕਦਾ। ਇੱਕ ਹਮਦਰਦ ਅਮਰੀਕੀ ਪੱਤਰਕਾਰ ਅਤੇ ਇੱਕ ਚਸ਼ਮਦੀਦ ਨੇ ਬਟਵਾਰੇ ਤੋਂ ਬਾਅਦ ਦੇ ਦਿਨਾਂ ਨੂੰ "ਆਧੁਨਿਕ ਇਤਿਹਾਸ ਦੀਆਂ ਵਡੇਰੀਆਂ ਗੜਬੜੀਆਂ ਵਿੱਚੋਂ ਇੱਕ ਗਰਦਾਨਿਆ"। ਦੋ ਨਵੇਂ ਰਾਸ਼ਟਰਾਂ ਨੂੰ ਘੇਰਨ ਵਾਲੀ ਇਸ ਤ੍ਰਾਸਦੀ ਦੀ ਫਿਤਰਤ ਬਿਆਨਣ ਦੀ ਕੋਸ਼ਿਸ਼ ਕਰਦਿਆਂ ਫਿਲਿਪ ਟੈਲਬਟ (ਐਨ ਅਮਰੀਕਨ ਵਿਟਨੈੱਸ ਟੂ ਇੰਡੀਆ'ਜ਼ ਪਾਰਟੀਸ਼ਨ) ਨੇ 12 ਦਸੰਬਰ 1947 ਨੂੰ ਕਿਹਾ ਕਿ "ਜੋ ਵਾਪਰਿਆ ਉਸ ਨੂੰ ਧਿਆਨ ਵਿੱਚ ਰੱਖਦਿਆਂ ਕਿਹਾ ਜਾ ਸਕਦਾ ਹੈ ਕਿ ਧਾਰਮਿਕ/ਫ਼ਿਰਕੂ ਸ਼ੁਦਾਅ ਕਾਰਨ ਉੱਤਰੀ ਪੱਛਮੀ ਸੂਬਿਆਂ ਦੇ ਇੱਕ ਕਰੋੜ ਬਸ਼ਿੰਦਿਆਂ ਨੂੰ ਆਪਣੀਆਂ ਜੜ੍ਹਾਂ ਨਾਲੋਂ ਟੁੱਟਣਾ ਪਿਆ। ਇੱਕ ਅਪੁਸ਼ਟ ਅੰਕੜੇ ਮੁਤਾਬਿਕ ਦੋ ਤੋਂ ਪੰਜ ਲੱਖ ਲੋਕਾਂ (ਦੂਜੀ ਵਿਸ਼ਵ ਜੰਗ ਵਿੱਚ ਮਾਰੇ ਗਏ 2,75,000 ਅਮਰੀਕੀਆਂ ਦੇ ਮੁਕਾਬਲੇ) ਨੂੰ ਤਲਵਾਰਾਂ ਤੇ ਮਸ਼ੀਨ ਗੰਨਾਂ ਨਾਲ ਕੋਹ ਕੋਹ ਕੇ ਮਾਰਿਆ ਗਿਆ ਜਾਂ ਜਿਉਂਦੇ ਸਾੜ ਦਿੱਤਾ ਗਿਆ।**




ਵਿਰਲੀਆਂ ਘਟਨਾਵਾਂ ਨੂੰ ਛੱਡ ਕੇ, ਸੰਸਾਰ ਨੂੰ ਹਾਲੇ ਤਕ ਅਮਨ-ਅਮਾਨ ਤੇ ਦੋਸਤੀ ਭਰੇ ਅੰਦਾਜ਼ ਵਿੱਚ ਕਿਸੇ ਮੁਲਕ ਦੀ ਵੰਡ ਕਰਨ ਦਾ ਵੱਲ ਨਹੀਂ ਆਇਆ। 1947 ਵਿੱਚ ਭਾਰਤ ਦੀ ਵੰਡ ਕਰਕੇ ਇੱਕ ਨਵਾਂ ਮੁਲਕ ਪਾਕਿਸਤਾਨ ਹੋਂਦ ਵਿੱਚ ਲਿਆਉਣ ਦੇ ਵਰਤਾਰੇ ਵਿੱਚ ਅੰਤਾਂ ਦੀ ਹਿੰਸਾ, ਉਜਾੜਾ ਤੇ ਤਬਾਹੀ ਹੋਈ।

ਇਹ ਮੰਨਣਯੋਗ ਹੈ ਕਿ ਬਰਤਾਨੀਆ ਦਾ ਭਾਰਤ ਨੂੰ ਆਜ਼ਾਦੀ ਦੇਣ ਦਾ ਫੈਸਲਾ ਸਿਧਾਂਤਕ ਤੌਰ 'ਤੇ ਸਿੱਧਾ ਜਿਹਾ ਇਸ ਤੱਥ 'ਤੇ ਆਧਾਰਿਤ ਸੀ ਕਿ ਚਾਰ ਸਾਲ ਚੱਲੀ ਦੂਜੀ ਸੰਸਾਰ ਜੰਗ ਨੇ ਉਨ੍ਹਾਂ ਸ਼ਾਸਕਾਂ ਨੂੰ ਭਾਰਤ ਵਰਗੀਆਂ ਬਸਤੀਆਂ 'ਤੇ ਹੋਰ ਰਾਜ ਕਰਨ ਤੋਂ ਥਕਾ-ਅਕਾ ਦਿੱਤਾ ਸੀ। ਪਰ ਅਸਲੀਅਤ ਇਹ ਵੀ ਸੀ, ਇੰਡੀਅਨ ਨੈਸ਼ਨਲ ਕਾਂਗਰਸ ਨੇ ਬਰਤਾਨਵੀ ਹਾਕਮਾਂ ਦੀ ਭਾਰਤ ਉੱਤੇ ਆਪਣਾ ਕਬਜ਼ਾ ਜਮਾਈ ਰੱਖਣ ਦੀ ਇੱਛਾ ਨੂੰ ਨੈਤਿਕ ਤੌਰ 'ਤੇ ਪਰਖ ਦੀ ਸਾਣ 'ਤੇ ਚਾੜ੍ਹ ਲਿਆ ਸੀ। ਕਾਂਗਰਸ ਨੇ ਮਹਾਤਮਾ ਗਾਂਧੀ ਦੀ ਅਗਵਾਈ ਵਿੱਚ ਆਜ਼ਾਦੀ ਲਈ ਲਾਮਿਸਾਲ ਸ਼ਾਂਤੀਪੂਰਵਕ ਸੰਘਰਸ਼ ਵਿੱਢ ਰੱਖਿਆ ਸੀ। ਬਰਤਾਨਵੀ ਮੱਧ ਵਰਗ ਕੋਲ ਮਹਾਤਮਾ ਗਾਂਧੀ ਦੀ ਸੰਤ ਸਰੂਪ ਅਗਵਾਈ ਦੇ ਬਰਾਬਰ ਕੋਈ ਤੋੜ ਨਹੀਂ ਸੀ। ਦੇਰ-ਸਵੇਰ ਲਾਲ ਕਿਲੇ ਤੋਂ 'ਯੂਨੀਅਨ ਜੈਕ' (ਬਰਤਾਨਵੀ ਝੰਡਾ) ਤਾਂ ਲਾਹੁਣਾ ਹੀ ਪੈਣਾ ਸੀ।

ਜਦੋਂ ਤਕ ਬਰਤਾਨਵੀ ਹਾਕਮ ਇਸ ਸਿੱਟੇ 'ਤੇ ਵੀ ਪੁੱਜੇ ਕਿ ਉਹ ਭਾਰਤ 'ਤੇ ਹੋਰ ਹਕੂਮਤ ਨਹੀਂ ਕਰ ਸਕਦੇ, ਉਨ੍ਹਾਂ ਨੇ ਭਾਰਤੀ ਲੀਡਰਸ਼ਿਪ ਵਿੱਚ ਸ਼ਰਾਰਤ ਦੀ ਤੀਲੀ ਲਾ ਦਿੱਤੀ ਸੀ।

ਬਸਤੀਵਾਦ ਸ਼ਾਸਕਾਂ ਨੇ ਸ਼ੁਦਾਅ ਦੀ ਹੱਦ ਤਕ ਭਾਰਤੀ ਸਮਾਜ ਵਿਚਲੇ ਧਾਰਮਿਕ ਵਿਗਾੜਾਂ ਨੂੰ ਵਧਾਉਣ ਦਾ ਕੰਮ ਕੀਤਾ, ਫਿਰਕੂ ਏਜੰਡਿਆਂ ਦੇ ਬੀਜ ਬੀਜ ਕੇ ਇਨ੍ਹਾਂ ਨੂੰ ਸ਼ਹਿ ਦਿੱਤੀ ਕਿ ਅੰਤ ਨੂੰ ਇਹ ਭੜਕਾਹਟ ਵੱਖਰੇ ਪਾਕਿਸਤਾਨ ਦੀ ਮੰਗ ਦਾ ਰੂਪ ਅਖ਼ਤਿਆਰ ਕਰ ਗਈ।

ਮੁਹੰਮਦ ਅਲੀ ਜਿਨਾਹ ਦੀ ਅਗਵਾਈ 'ਚ ਮੁਸਲਿਮ ਲੀਗ ਪਹਿਲਾਂ ਹੀ ਆਪਣੀਆਂ ਮੰਗਾਂ ਦੀ ਪੂਰਤੀ ਲਈ ਹਿੰਸਾ ਦੀ ਵਰਤੋਂ ਨੂੰ ਉਚਿਤ ਮੰਨ ਚੁੱਕੀ ਸੀ। ਲੀਗ ਦਾ 'ਡਾਇਰੈਕਟ ਐਕਸ਼ਨ' ਦਾ ਸੱਦਾ ਭੀੜ ਨੂੰ ਭੜਕਾ ਕੇ ਅਰਾਜਕਤਾ ਤੇ ਬੇਚੈਨੀ ਪੈਦਾ ਕਰਨ ਦਾ ਸੱਦਾ ਸੀ। ਇੱਕ ਵਾਰ ਕਿਸੇ ਭਾਈਚਾਰੇ ਨੂੰ ਹਿੰਸਾ ਦਾ ਸੁਆਦ ਪੈ ਜਾਵੇ। ਫਿਰ ਤਾਂ ਇਸ ਦੇ ਆਗੂ ਇਸ ਨੂੰ ਰੋਕਣ ਅਤੇ ਸੜਕਾਂ 'ਤੇ ਇਕੱਠਾਂ ਨੂੰ ਕਾਬੂ 'ਚ ਰੱਖਣ ਦੇ ਸਮਰੱਥ ਨਹੀਂ ਰਹਿੰਦੇ। ਜਦੋਂ 15 ਅਗਸਤ 1947 ਦਾ ਦਿਨ ਆਇਆ, ਤਾਂ ਮੁਸਲਿਮ ਲੀਗ ਦੇ ਇਹ ਦਾਅ-ਪੇਚ ਪਹਿਲੋਂ ਹੀ ਪੂਰੇ ਮੁਲਕ 'ਚ, ਇੱਥੋਂ ਤਕ ਕਿ ਪੂਰਬੀ ਪਾਕਿਸਤਾਨ ਤੇ ਪੱਛਮੀ ਪਾਕਿਸਤਾਨ ਵਜੋਂ ਜਾਣੇ ਜਾਂਦੇ ਖੇਤਰਾਂ ਵਿੱਚ ਵੀ ਅਸਰ ਦਿਖਾ ਰਹੇ ਸਨ। ਦੂਜੇ ਪਾਸੇ ਭਾਰਤ ਵਿੱਚ ਕਾਂਗਰਸੀ ਆਗੂ ਭੀੜਾਂ ਨੂੰ ਮਸਾਂ ਠੱਲ੍ਹ ਹੀ ਸਕੇ, ਹਿੰਸਾ ਨੂੰ ਪੂਰੀ ਤਰ੍ਹਾਂ ਰੋਕਣ ਪੱਖੋਂ ਉਹ ਵੀ ਨਾਕਾਮਯਾਬ ਰਹੇ।

ਫਿਰ ਵੀ ਇੱਕ ਵੱਡਾ ਦੁਖਾਂਤ ਹੋਣਾ ਤੈਅ ਹੀ ਸੀ। ਜਿੰਨੀ ਵੱਡੀ ਗਿਣਤੀ ਹਿੰਦੂ ਤੇ ਸਿੱਖਾਂ ਨੂੰ ਉੱਜੜ ਕੇ ਭਾਰਤ ਵੱਲ ਅਤੇ ਭਾਰਤ ਵਿੱਚੋਂ ਮੁਸਲਮਾਨਾਂ ਨੂੰ ਘਰ ਦਰ ਛੱਡ ਕੇ ਪਾਕਿਸਤਾਨ ਜਾਣ ਲਈ ਮਜਬੂਰ ਹੋਣਾ ਪਿਆ, ਉਹ ਸੱਚਮੁੱਚ ਸੁੰਨ ਕਰ ਦੇਣ ਵਾਲਾ ਵਰਤਾਰਾ ਸੀ। ਅਗਸਤ 1947 ਤੋਂ ਫੌਰੀ ਮਗਰੋਂ, ਜਿਸ ਭਿਆਨਕ ਦੁਖਾਂਤ ਤੇ ਉਜਾੜੇ ਨੇ ਸੰਸਾਰ ਦੇ ਇਸ ਖਿੱਤੇ ਨੂੰ ਵੱਲ ਲਿਆ ਸੀ, ਉਸ ਨੂੰ ਕੇਵਲ ਅੰਕੜਿਆਂ ਰਾਹੀਂ ਕਦੇ ਨਹੀਂ ਬਿਆਨਿਆ ਜਾ ਸਕਦਾ।

ਇੱਕ ਹਮਦਰਦ ਅਮਰੀਕੀ ਪੱਤਰਕਾਰ ਅਤੇ ਇੱਕ ਚਸ਼ਮਦੀਦ ਨੇ ਬਟਵਾਰੇ ਤੋਂ ਬਾਅਦ ਦੇ ਦਿਨਾਂ ਨੂੰ "ਆਧੁਨਿਕ ਇਤਿਹਾਸ ਦੀਆਂ ਵਡੇਰੀਆਂ ਗੜਬੜੀਆਂ ਵਿੱਚੋਂ ਇੱਕ ਗਰਦਾਨਿਆ"। ਦੋ ਨਵੇਂ ਰਾਸ਼ਟਰਾਂ ਨੂੰ ਘੇਰਨ ਵਾਲੀ ਇਸ ਤ੍ਰਾਸਦੀ ਦੀ ਫਿਤਰਤ ਬਿਆਨਣ ਦੀ ਕੋਸ਼ਿਸ਼ ਕਰਦਿਆਂ ਫਿਲਿਪ ਟੈਲਬਟ (ਐਨ ਅਮਰੀਕਨ ਵਿਟਨੈੱਸ ਟੂ ਇੰਡੀਆ'ਜ਼ ਪਾਰਟੀਸ਼ਨ) ਨੇ 12 ਦਸੰਬਰ 1947 ਨੂੰ ਕਿਹਾ ਕਿ "ਜੋ ਵਾਪਰਿਆ ਉਸ ਨੂੰ ਧਿਆਨ ਵਿੱਚ ਰੱਖਦਿਆਂ ਕਿਹਾ ਜਾ ਸਕਦਾ ਹੈ ਕਿ ਧਾਰਮਿਕ/ਫ਼ਿਰਕੂ ਸ਼ੁਦਾਅ ਕਾਰਨ ਉੱਤਰੀ ਪੱਛਮੀ ਸੂਬਿਆਂ ਦੇ ਇੱਕ ਕਰੋੜ ਬਸ਼ਿੰਦਿਆਂ ਨੂੰ ਆਪਣੀਆਂ ਜੜ੍ਹਾਂ ਨਾਲੋਂ ਟੁੱਟਣਾ ਪਿਆ। ਇੱਕ ਅਪੁਸ਼ਟ ਅੰਕੜੇ ਮੁਤਾਬਿਕ ਦੋ ਤੋਂ ਪੰਜ ਲੱਖ ਲੋਕਾਂ (ਦੂਜੀ ਵਿਸ਼ਵ ਜੰਗ ਵਿੱਚ ਮਾਰੇ ਗਏ 2,75,000 ਅਮਰੀਕੀਆਂ ਦੇ ਮੁਕਾਬਲੇ) ਨੂੰ ਤਲਵਾਰਾਂ ਤੇ ਮਸ਼ੀਨ ਗੰਨਾਂ ਨਾਲ ਕੋਹ ਕੋਹ ਕੇ ਮਾਰਿਆ ਗਿਆ ਜਾਂ ਜਿਉਂਦੇ ਸਾੜ ਦਿੱਤਾ ਗਿਆ। ਟੁਕੜੇ ਟੁਕੜੇ ਹੋਏ ਪੰਜਾਬ ਦਾ ਪ੍ਰਸ਼ਾਸਨ ਫੌਰਨ ਜਿੱਲ੍ਹਣ ਵਿੱਚ ਫਸ ਗਿਆ ਅਤੇ ਸ਼ਾਇਦ ਭਾਰਤ ਤੇ ਪਾਕਿਸਤਾਨ ਦੀਆਂ ਨੌਸਿਖੀਆ ਸਰਕਾਰਾਂ ਵੀ ਇਸ ਖ਼ਤਰੇ ਦਾ ਸ਼ਿਕਾਰ ਹੋ ਗਈਆਂ ਜਾਪੀਆਂ।"

ਪੂਰਬ ਵਿੱਚ ਜਨੂੰਨ ਝੱਲ ਇੰਨਾ ਹਿੰਸਕ, ਇੰਨਾ ਸ਼ਦੀਦ ਤੇ ਇੰਨਾ ਖ਼ੂਨੀ ਨਹੀਂ ਸੀ, ਜਿੰਨਾ ਪੱਛਮ ਵਿੱਚ। ਹਿੰਦੂਆਂ, ਮੁਸਲਮਾਨਾਂ ਤੇ ਸਿੱਖਾਂ ਨੇ ਆਪਣੇ ਪੁਰਾਣੇ ਗੁਆਂਢੀਆਂ ਦੇ ਨਾਲ ਨਾਲ ਬਿਲਕੁਲ ਓਪਰਿਆਂ ਨੂੰ ਹਿੰਸਾ ਤੇ ਕਤਲ ਦਾ ਸ਼ਿਕਾਰ ਬਣਾ ਕੇ ਇਸ ਹਿੰਸਾ ਨੂੰ ਹਵਾ ਦੇਣ ਵਿੱਚ ਕੋਈ ਕਸਰ ਨਹੀਂ ਛੱਡੀ। ਇਸ ਕਤਲੇਆਮ ਅਤੇ ਝੱਲ ਨੇ ਮਨੁੱਖਤਾ ਤੇ ਸੱਭਿਅਕ ਸਮਾਜ ਦੀ ਨੈਤਿਕਤਾ ਦੇ ਹਰੇਕ ਪਹਿਲੂ ਨੂੰ ਦਰਕਿਨਾਰ ਕਰ ਦਿੱਤਾ। ਇਸ ਸਦਮੇ ਤੇ ਤ੍ਰਾਸਦੀ ਨੇ ਲਗਪਗ ਹਰੇਕ ਘਰ ਅਤੇ ਹਰੇਕ ਜ਼ਿੰਦਗੀ ਉੱਤੇ ਅਸਰ ਪਾਇਆ। ਇਸ ਮਹਾਂਦੀਪੀ ਗੱਠਜੋੜ ਤੋਂ ਕੋਈ ਵੀ ਅਛੂਤਾ ਅਤੇ ਭਾਵੁਕ ਤੌਰ 'ਤੇ ਬੇਲਿਹਾਜ਼ ਨਹੀਂ ਰਿਹਾ।

ਕੁਝ ਮਹੀਨਿਆਂ ਮਗਰੋਂ ਭੀੜ ਤਾਂ ਘਰਾਂ ਵਿੱਚ ਦੜੀ ਗਈ ਅਤੇ ਖ਼ੂਨ ਦੇ ਧੱਬੇ ਵੀ ਗਲੀਆਂ ਵਿੱਚ ਧੋਤੇ ਗਏ, ਪਰ ਬਟਵਾਰੇ ਤੋਂ ਬਾਅਦ ਹੋਈ ਇਸ ਹਿੰਸਾ ਦਾ ਸੱਲ੍ਹ ਦੋਵਾਂ ਪਾਸਿਆਂ ਦੀ ਇੱਕ ਸਮੁੱਚੀ ਪੀੜ੍ਹੀ ਦੀ ਆਤਮਾ 'ਤੇ ਲੱਗ ਗਿਆ। ਦੋਵਾਂ ਦੇਸ਼ਾਂ ਵਿਚਾਲੇ ਦੁਸ਼ਮਣੀ ਤੇ ਸ਼ੱਕ ਦੀ ਆਦਤ ਤੇ ਸਿਆਸੀ ਆਗੂਆਂ ਤੇ ਉਨ੍ਹਾਂ ਦੇ ਸੰਕੀਰਣ ਹਿੱਤਾਂ ਕਾਰਨ ਭਾਰਤ ਤੇ ਪਾਕਿਸਤਾਨ ਅਮਨਪੂਰਬਕ ਸਹਿਹੋਂਦ ਤੋਂ ਲਗਾਤਾਰ ਇਨਕਾਰੀ ਹਨ।

ਦੇਸ਼ ਵੰਡ ਦੇ ਅੱਲ੍ਹੇ ਜ਼ਖ਼ਮਾਂ ਨੇ ਦੋਵਾਂ ਮੁਲਕਾਂ ਦੀ ਅੰਦਰੂਨੀ ਸਿਆਸੀ ਸਫ਼ਬੰਦੀ ਨੂੰ ਪ੍ਰਭਾਵਿਤ ਕੀਤਾ। ਜਿਨਾਹ ਦੇ ਜਾਣ ਤੋਂ ਬਾਅਦ ਪਾਕਿਸਤਾਨ ਨੇ ਉਨ੍ਹਾਂ ਦੇ ਇਕਜੁੱਟ ਸਮਾਜ ਤੇ ਰਾਸ਼ਟਰ ਦੇ ਵਿਚਾਰਾਂ ਨੂੰ ਕਾਹਲੀ ਨਾਲ ਤੱਜ ਦਿੱਤਾ। ਭਾਰਤ ਵਿੱਚ ਮਹਾਤਮਾ ਗਾਂਧੀ ਦੀ ਹੱਤਿਆ ਹੋ ਗਈ। ਇਸ ਹੱਤਿਆ ਦੀ ਸਾਜ਼ਿਸ਼ ਉਨ੍ਹਾਂ ਲੋਕਾਂ ਨੇ ਘੜੀ ਜੋ ਹਿੰਦੋਸਤਾਨ ਨੂੰ ਹਿੰਦੂ ਸਮਾਜ ਬਣਾਉਣ ਦੇ ਇਛੁੱਕ ਸਨ ਅਤੇ ਇਸ ਬੁੱਢੇ ਆਦਮੀ (ਮਹਾਤਮਾ ਗਾਂਧੀ) ਨੂੰ ਇਸ ਰਾਹ ਵਿੱਚ ਅੜਿੱਕਾ ਸਮਝਦੇ ਸਨ। ਖ਼ਾਸ ਗੱਲ ਇਹ ਰਹੀ ਕਿ ਇਸ ਕਤਲ ਕੇਸ ਦਾ ਗਰਦੋ ਗੁਬਾਰ ਸ਼ਾਂਤ ਹੋਣ ਮਗਰੋਂ ਭਾਰਤ ਨੇ ਕਿਵੇਂ ਆਪਣੀਆਂ ਸਾਰੀਆਂ ਘੱਟਗਿਣਤੀਆਂ ਨੂੰ ਬਰਾਬਰ ਸੁਰੱਖਿਆ ਤੇ ਬਰਾਬਰ ਨਾਗਰਿਕਤਾ ਦਿੱਤੀ।

ਹਿੰਦੋਸਤਾਨ ਵਿੱਚ ਕਈਆਂ ਦੀ ਇਹ ਦਲੀਲ ਹੋਵੇਗੀ ਕਿ ਬਟਵਾਰੇ ਦਾ ਅਧੂਰਾ ਏਜੰਡਾ ਹਾਲੇ ਵੀ ਪੂਰਾ ਨਹੀਂ ਹੋਇਆ। ਸੱਤਰ ਸਾਲਾਂ ਮਗਰੋਂ ਵੀ ਸ਼ਾਇਦ ਸਾਨੂੰ ਖ਼ੁਦ ਨੂੰ ਹੀ ਹਰਾਉਣ ਵਾਲੇ ਇੱਕ ਹੋਰ ਰਾਹ 'ਤੇ ਪੈਰ ਧਰਨ ਤੋਂ ਪਹਿਲਾਂ ਅਰਾਜਕਤਾ ਤੇ ਤ੍ਰਾਸਦੀਆਂ ਦੇ ਉਨ੍ਹਾਂ ਦਿਨਾਂ ਨੂੰ ਚੇਤੇ ਕਰਨਾ ਚਾਹੀਦਾ ਹੈ ਜਦੋਂ ਇਨਸਾਨੀਅਤ ਹਰ ਪਾਸੇ ਤਾਰ ਤਾਰ ਹੋਈ।

# ਡਾ. ਸਰਬਜੀਤ ਸਿੰਘ ਛੀਨਾ ਵੱਲੋਂ ਡਾ. ਐਸ.ਪੀ. ਸਿੰਘ ਓਬਰਾਏ ਤੇ ਲਿਖੀ ਪੁਸਤਕ 'ਸੇਵੀਅਰ ਸਿੰਘ' ਹੋਈ ਰਿਲੀਜ਼

**ਸ੍ਰੀ ਅਨੰਦਪੁਰ ਸਾਹਿਬ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ (ਰਜਿ.) ਅਧੀਨ ਸੰਨੀ ਓਬਰਾਏ ਵਿਵੇਕ ਸਦਨ : ਐਡਵਾਂਸ ਇੰਸਟੀਚਿਊਟ ਆਫ਼ ਸੋਸ਼ਲ ਸਾਇੰਸਜ਼ ਸ੍ਰੀ ਅਨੰਦਪੁਰ ਸਾਹਿਬ ਵਿੱਚ ਡਾ. ਸਰਬਜੀਤ ਸਿੰਘ ਛੀਨਾ ਵੱਲੋਂ ਰਚਿਤ ਪੁਸਤਕ 'ਸੇਵੀਅਰ ਸਿੰਘ' ਰਿਲੀਜ਼ ਕੀਤੀ ਗਈ। ਇਸ ਦੌਰਾਨ ਸਮਾਰੋਹ ਵਿੱਚ ਇਸ ਕਿਤਾਬ ਬਾਰੇ ਵੱਖ-ਵੱਖ ਬੁਲਾਰਿਆਂ ਵੱਲੋਂ ਵਿਚਾਰ ਗੋਸ਼ਟੀ ਕੀਤੀ ਗਈ।



ਇਸ ਸਮਾਰੋਹ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ (ਰਜਿ.) ਦੇ ਮੈਨੇਜਿੰਗ ਟਰੱਸਟੀ ਡਾ. ਐਸ.ਪੀ. ਸਿੰਘ ਓਬਰਾਏ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮਾਰੋਹ ਦੀ ਪ੍ਰਧਾਨਗੀ ਡਾ. ਕਰਮਜੀਤ ਸਿੰਘ, ਵਾਈਸ ਚਾਂਸਲਰ (ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ) ਵੱਲੋਂ ਕੀਤੀ ਗਈ। ਇਸ ਮੌਕੇ ਸੁਖਦੀਪ ਸਿੰਘ ਸਿੱਧੂ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ ਅਤੇ ਡਾ. ਸਰਬਜਿੰਦਰ ਸਿੰਘ ਵੱਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਗਏ। ਕਿਤਾਬ ਰਿਲੀਜ਼ ਕਰਨ ਮੌਕੇ ਕਿਤਾਬ ਦੇ ਲੇਖਕ ਡਾ. ਸਰਬਜੀਤ ਸਿੰਘ ਛੀਨਾ ਨੇ ਕਿਹਾ ਕਿ ਅਸੀਂ ਇਹ ਕਿਤਾਬ ਅੰਗ੍ਰੇਜ਼ੀ ਵਿੱਚ ਵੀ ਪਬਲਿਸ਼ ਕੀਤੀ ਹੈ ਤਾਂ ਕਿ ਤਕਰੀਬਨ 200 ਦੇਸ਼ਾਂ ਦੇ ਲੋਕ ਇਸ ਨੂੰ ਪੜ੍ਹ ਸਕਣ ਅਤੇ ਡਾ. ਐਸ.ਪੀ. ਸਿੰਘ ਓਬਰਾਏ ਦੀ ਸ਼ਖਸੀਅਤ ਬਾਰੇ ਜਾਣ ਸਕਣ। ਉਨ੍ਹਾਂ ਨੂੰ ਇਹ ਪਤਾ ਲੱਗੇ ਕਿ ਇੱਕ ਇਹੋ ਜਿਹਾ ਪੰਜਾਬੀ ਵੀ ਹੈ ਜਿਸਨੇ ਦੁਨੀਆਂ ਵਿੱਚ ਸਮਾਜ ਸੇਵਾ ਦੇ ਖੇਤਰ ਵਿੱਚ ਹੈਰਾਨੀਜਨਕ ਕੰਮ ਕੀਤੇ ਹਨ। ਮੈਂ ਮਹਿਸੂਸ ਕਰਦਾ ਹਾਂ ਕਿ ਇਹ ਕਿਤਾਬ ਹਰ ਜਗ੍ਹਾ ਪਹੁੰਚੇ। ਇਸ ਕਿਤਾਬ ਨੇ ਸੱਚ ਦਾ ਆਧਾਰ ਬਣਨਾ ਹੈ। ਇਸ ਕਿਤਾਬ ਨੇ ਲੋਕਾਂ ਨੂੰ ਪ੍ਰੇਰਣਾ ਦੇਣੀ ਹੈ।

ਇਸ ਮੌਕੇ ਡਾ. ਮਨਮੋਹਨ ਨੇ ਡਾ. ਸਰਬਜਿੰਦਰ ਸਿੰਘ ਛੀਨਾ ਦੀ ਤਾਰੀਫ਼ ਕਰਦਿਆਂ ਦੱਸਿਆ ਕਿ ਮੈਂ ਇਹ ਕਿਤਾਬ ਪੜ੍ਹੀ ਹੈ, ਇਸ ਕਿਤਾਬ ਦੀ ਸ਼ਬਦਾਵਲੀ ਬਹੁਤ ਪਿਆਰੀ ਹੈ। ਇਸ ਕਿਤਾਬ ਨੂੰ ਪੜ੍ਹ ਕੇ ਬਹੁਤ ਸਾਰੇ ਲੋਕਾਂ ਨੂੰ ਪ੍ਰੇਰਣਾ ਮਿਲੇਗੀ। ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਕਿਤਾਬ ਨੂੰ ਹੋਰਨਾਂ ਭਾਸ਼ਾਵਾਂ ਵਿੱਚ ਵੀ ਅਨੁਵਾਦ ਕੀਤਾ ਜਾਵੇਗਾ।

ਇਸ ਮੌਕੇ ਡਾ. ਸਰਬਜਿੰਦਰ ਸਿੰਘ ਨੇ ਕਿਹਾ ਕਿ ਇਸ ਕਿਤਾਬ ਵਿੱਚ ਡਾ. ਸਰਬਜੀਤ ਸਿੰਘ ਛੀਨਾ ਨੇ ਡਾ. ਐਸ8ਪੀ. ਸਿੰਘ ਓਬਰਾਏ ਦੀ ਜੀਵਨੀ ਬਾਰੇ ਜੋ ਡੈਟਾਬੇਸ ਹੈ, ਉਹ ਬਾਕਮਾਲ ਢੰਗ ਨਾਲ ਪੇਸ਼ ਕੀਤਾ ਹੈ। ਡਾ. ਓਬਰਾਏ ਦੇ ਜੀਵਨ ਦੀ ਉਹ ਘਟਨਾ ਜਦੋਂ ਉਨ੍ਹਾਂ ਨੇ 17 ਕੈਦੀਆਂ ਨੂੰ ਫਾਂਸੀ ਦੀ ਸਜ਼ਾ ਤੋਂ ਛੁਡਾਉਣ ਤੋਂ ਬਾਅਦ ਆਪਣੇ ਜੀਵਨ ਨੂੰ ਸਮਾਜਸੇਵੀ ਖੇਤਰਾਂ ਵਿੱਚ ਲਿਆਂਦਾ, ਉਸਨੂੰ ਇਸ ਕਿਤਾਬ ਵਿੱਚ ਬਹੁਤ ਵਧੀਆ ਢੰਗ ਨਾਲ ਪੇਸ਼ ਕੀਤਾ ਗਿਆ ਹੈ।

ਇਸ ਮੌਕੇ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਡਾ. ਸਰਬਜੀਤ ਸਿੰਘ ਛੀਨਾ ਨੇ ਜਿਹੜੀ 'ਸੇਵੀਅਰ ਸਿੰਘ' ਕਿਤਾਬ ਲਿਖੀ ਹੈ ਉਸਦੇ 30 ਅਧਿਆਇ ਹਨ। ਇਸ ਵਿੱਚ ਲੇਖਕ ਦੀ ਖੂਬਸੂਰਤੀ ਇਹ ਹੈ ਕਿ ਜਦੋਂ ਅਸੀਂ ਇਸ ਕਿਤਾਬ ਨੂੰ ਪੜ੍ਹਦੇ ਹਾਂ ਤਾਂ ਸਾਨੂੰ ਪੜ੍ਹਦਿਆਂ ਹੋਇਆਂ ਅਜਿਹਾ ਜਾਪਦਾ ਹੈ ਕਿ ਜਿਵੇਂ ਇਹ ਘਟਨਾਵਾਂ ਸਾਡੇ ਸਾਹਮਣੇ ਹੀ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੈਂ ਡਾ. ਐਸ.ਪੀ. ਸਿੰਘ ਓਬਰਾਏ ਦੇ ਜੀਵਨ ਬਾਰੇ ਤਿੰਨ ਕਿਤਾਬਾਂ ਪੜ੍ਹ ਚੁੱਕਾ ਹਾਂ ਪਰ ਜਿਹੜੀ ਇਹ ਕਿਤਾਬ ਹੈ ਇਸ ਪੜ੍ਹਦਿਆਂ ਸਾਨੂੰ ਇਸ ਦਾ ਵੀਜ਼ਿਊਲ ਵੀ ਸਾਫ਼ ਨਜ਼ਰ ਆਉਂਦਾ ਹੈ। ਡਾ. ਛੀਨਾ ਨੇ ਬਹੁਤ ਖੂਬਸੂਰਤੀ ਨਾਲ ਡਾ. ਓਬਰਾਏ ਦੀ ਸ਼ਖਸੀਅਤ ਨੂੰ ਇਸ ਕਿਤਾਬ ਵਿੱਚ ਉਭਾਰਿਆ ਹੈ। ਇਸ ਮੌਕੇ ਰਿਟਾ. ਜੱਜ ਪੰਜਾਬ ਤੇ ਹਰਿਆਣਾ ਐਮ.ਐਮ. ਐਸ. ਬੇਦੀ, ਵਿਵੇਕ ਸਦਨ ਦੇ ਮੁਖੀ ਡਾ. ਭੁਪਿੰਦਰ ਕੌਰ ਅਤੇ ਸਰਦਾਰ ਜੱਸਾ ਸਿੰਘ ਸੰਧੂ, ਸੁਰਿੰਦਰ ਸਿੰਘ, ਡਾ. ਆਰ ਐਸ ਅਟਵਾਲ ,ਸੁਖਜਿੰਦਰ ਸਿੰਘ ਹੇਰ, ਸੁਖਦੀਪ ਸਿੰਘ, ਹੋਰ ਸ਼ਹਿਰ ਦੀਆਂ ਵੱਖ-ਵੱਖ ਸ਼ਖਸੀਅਤਾਂ ਹਾਜ਼ਰ ਸਨ।

# ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਹੁੰ ਚੁੱਕ ਸਮਾਗਮ ਕਰਵਾਇਆ




ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਉਂਦੇ ਹੋਏ ਇੰਸਪੈਕਟਰ ਝਰਮਲ ਸਿੰਘ, ਇੰਸਪੈਕਟਰ ਰਾਮਕੇਸ਼, ਪਰਮਿੰਦਰ ਭਲਵਾਨ, ਅਤੇ ਡੀ ਐਸ ਐਸ ਓ ਦਫ਼ਤਰ ਦੇ ਮੁਲਾਜ਼ਮ ਅਤੇ ਹੋਰ ਮੈਂਬਰ।

**ਪਟਿਆਲਾ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ਼ ਇੰਡੀਆ,ਪਾਵਰ ਹਾਊਸ ਯੂਥ ਕਲੱਬ ਅਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਰੋਡ ਅਫ਼ਸਰ ਸੜਕ ਸੁਰੱਖਿਆ ਫੋਰਸ ਪਟਿਆਲਾ ਦੇ ਸਹਿਯੋਗ ਨਾਲ ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਵਿਖੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਜਸਬੀਰ ਕੌਰ ਦੀ ਸਰਪ੍ਰਸਤੀ ਅਤੇ ਪ੍ਰਿੰਸੀਪਲ ਹਰਦੀਪ ਕੁਮਾਰ ਟੋਹੜਾ ਅਤੇ ਵਾਇਸ ਪ੍ਰਿੰਸੀਪਲ ਬਲਵਿੰਦਰ ਸਿੰਘ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਅਤੇ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿਚ ਮੁੱਖ ਮਹਿਮਾਨ ਇੰਸਪੈਕਟਰ ਝਰਮਲ ਸਿੰਘ ਜ਼ਿਲ੍ਹਾ ਇੰਚਾਰਜ ਸਾਂਝ ਕੇਂਦਰ ਪਟਿਆਲਾ ਅਤੇ ਇੰਸਪੈਕਟਰ ਰਾਮਕੇਸ਼ ਰੋਜ਼ ਅਫ਼ਸਰ ਸੜਕ ਸੁਰੱਖਿਆ ਫੋਰਸ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹੀਦ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦਾ ਉਦਘਾਟਨ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਐਨ ਸੀ ਸੀ ਅਫ਼ਸਰ ਸਰਕਾਰੀ ਆਈ ਟੀ ਆਈ ਲੜਕਿਆਂ ਨੇ ਕੀਤੀ ਵਿਸ਼ੇਸ਼ ਤੌਰ ਤੇ ਏ ਐਸ ਆਈ ਹੀਰਾ ਸਿੰਘ ਐਡੀਸ਼ਨਲ ਰੋਜ਼ ਇੰਚਾਰਜ ਸੜਕ ਸੁਰੱਖਿਆ ਫੋਰਸ ਪਟਿਆਲਾ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਿਭਾਗ ਤੋਂ ਇੰਦਰਪ੍ਰੀਤ ਸਿੰਘ, ਬਲਜਿੰਦਰ ਸਿੰਘ ਅਤੇ ਗੁਰਦਰਪ੍ਰਤਾਪ ਸਿੰਘ ਪ੍ਰਧਾਨ ਯੂਥ ਸੇਵਾਵਾਂ ਕਲੱਬ ਦੀਪ ਨਗਰ, ਜਪਨੀਤ ਸਿੰਘ, ਵਰਿੰਦਰ ਸਿੰਘ, ਲੱਕੀ ਹਰਦਾਸਪੁਰ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਇੰਸਪੈਕਟਰ ਝਰਮਲ ਸਿੰਘ, ਇੰਸਪੈਕਟਰ ਰਾਮਕੇਸ਼ ਨੇ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖਾ ਰਹੇ ਹਨ ਛੋਟੇ ਛੋਟੇ ਬੱਚੇ ਵੀ ਨਸ਼ਿਆਂ ਦੇ ਆਦੀ ਹੋ ਚੁੱਕੇ ਹਨ ਜੋ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ ਉਹਨਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਨੂੰ ਛੱਡ ਕੇ ਸਮਾਜ ਸੇਵਾ ਦੇ ਖੇਤਰ ਵਿਚ ਅੱਗੇ ਆ ਕੇ ਸੇਵਾ ਕਰਨੀ ਚਾਹੀਦੀ ਹੈ ਅਤੇ ਖੇਡਾਂ ਵੱਲ ਰੁਚੀ ਲੈਣੀ ਚਾਹੀਦੀ ਹੈ, ਉਹਨਾਂ ਕਿਹਾ ਕਿ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਾਈ ਲੜਨੀ ਪਵੇਗੀ ਤਾਂ ਹੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਬਚਾ ਸਕਾਂਗੇ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਾਈ ਗਈ।

# ਭਾਜਪਾ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਨੇ 78ਵੇਂ ਆਜ਼ਾਦੀ ਦਿਵਸ ਮੌਕੇ ਕੱਢੀ ਤਿਰੰਗਾ ਯਾਤਰਾ



**ਪਟਿਆਲਾ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਮੰਗਲਵਾਰ ਨੂੰ 78ਵੇਂ ਆਜ਼ਾਦੀ ਦਿਹਾੜੇ ਮੌਕੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਤੇ ਸਾਬਕਾ ਮੇਅਰ ਸੰਜੀਵ ਸ਼ਰਮਾ ਬਿੱਟੂ ਨੇ ਸ਼ਹਿਰ ਵਾਸੀਆਂ ਨਾਲ ਮਿਲ ਕੇ ਝੰਡਾ ਯਾਤਰਾ ਰਾਹੀਂ ਲੋਕਾਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ। ਇਸ ਦੌਰਾਨ ਉਨ੍ਹਾਂ ਆਜ਼ਾਦੀ ਦੇ ਅੰਮ੍ਰਿਤ ਮਹੋਤਸਵ ਨੂੰ ਮਨਾਉਂਦੇ ਹੋਏ ਸ਼ਹਿਰ ਵਾਸੀਆਂ ਨੂੰ ਦੇਸ਼ ਦੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਵੱਲੋਂ ਦੇਸ਼ ਪ੍ਰਤੀ ਦਿੱਤੇ ਗਏ ਮੌਲਿਕ ਫਰਜ਼ਾਂ ਦੀ ਸਹੀ ਢੰਗ ਨਾਲ ਪਾਲਣਾ ਕਰਨ ਦੇ ਨਾਲ-ਨਾਲ ਆਪਣੇ ਮੌਲਿਕ ਅਧਿਕਾਰਾਂ ਦਾ ਆਨੰਦ ਲੈਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਨੂੰ ਵਿਕਸਤ ਭਾਰਤ ਬਣਾਉਣ ਦੀ ਨੀਂਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤੀਜੀ ਵਾਰ ਪ੍ਰਧਾਨ ਮੰਤਰੀ ਬਣ ਕੇ ਰੱਖੀ ਹੈ। ਵਿਕਸਤ ਭਾਰਤ ਲਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਵੱਲੋਂ 78ਵੇਂ ਸੁਤੰਤਰਤਾ ਦਿਵਸ 'ਤੇ ਤਕਨਾਲੋਜੀ, ਸਿੱਖਿਆ ਅਤੇ ਸਿਹਤ ਦਾ ਟੀਚਾ ਮਿੱਥਿਆ ਗਿਆ ਹੈ।

ਰਾਜਪੁਰਾ ਕਲੋਨੀ ਨੇੜੇ ਸਥਿਤ ਸਰਕਾਰੀ ਗਰਲਜ਼ ਸਕੂਲ ਤੋਂ ਸ਼ਾਮ 6 ਵਜੇ ਫਲੈਗ ਮਾਰਚ ਸ਼ੁਰੂ ਕੀਤਾ ਗਿਆ। ਸ਼ਹਿਰ ਵਾਸੀਆਂ ਦੇ ਨਾਲ-ਨਾਲ ਭਾਰਤੀ ਜਨਤਾ ਪਾਰਟੀ ਦੇ ਵੱਡੀ ਗਿਣਤੀ ਵਿੱਚ ਵਰਕਰ ਇਸ ਯਾਤਰਾ ਦਾ ਹਿੱਸਾ ਬਣੇ। ਫਲੈਗ ਮਾਰਚ ਦੌਰਾਨ ਔਰਤਾਂ ਨੇ ਭਾਰੀ ਉਤਸ਼ਾਹ ਦਿਖਾਇਆ। ਬਾਜ਼ਾਰਾਂ ਵਿੱਚੋਂ ਗੁਜ਼ਰਦੇ ਇਸ ਫਲੈਗ ਮਾਰਚ ਦੌਰਾਨ ਦੁਕਾਨਦਾਰਾਂ ਨੇ ਮਾਰਚ ਵਿੱਚ ਸ਼ਾਮਲ ਲੋਕਾਂ ਨੂੰ ਪਾਣੀ ਅਤੇ ਹੋਰ ਸਾਮਾਨ ਮੁਹੱਈਆ ਕਰਵਾਇਆ। ਫਲੈਗ ਮਾਰਚ ਗੁਰਬਖਸ਼ ਕਲੋਨੀ, ਗੁਰੂਨਾਨਕ ਨਗਰ, ਬਿਸ਼ਨ ਨਗਰ, ਨਿਊ ਬਿਸ਼ਨ ਨਗਰ, ਜੁਝਾਰ ਨਗਰ ਤੋਂ ਹੁੰਦਾ ਹੋਇਆ ਬੰਧਾ ਰੋਡ 'ਤੇ ਸਮਾਪਤ ਹੋਇਆ। 78ਵੇਂ ਆਜ਼ਾਦੀ ਦਿਹਾੜੇ ਮੌਕੇ ਕੱਢੀ ਗਈ ਝੰਡਾ ਯਾਤਰਾ ਦੌਰਾਨ ਭਾਜਪਾ ਆਗੂ ਤੇ ਸਾਬਕਾ ਮੇਅਰ ਸੰਜੀਵ ਸ਼ਰਮਾ ਬਿੱਟੂ ਨੇ ਆਪਣੇ ਸੰਬੋਧਨ ਦੌਰਾਨ ਸ਼ਹਿਰ ਵਾਸੀਆਂ ਦੇ ਨਾਲ-ਨਾਲ ਸਫ਼ਾਈ ਸੇਵਕਾਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੱਤੀ ਅਤੇ ਸ਼ਹਿਰ ਨੂੰ ਸਫ਼ਾਈ ਪੱਖੋਂ ਚੰਗਾ ਰੈਂਕ ਦਵਾਉਂਣ ਲਈ ਪ੍ਰੇਰਿਤ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਨੇ ਦੇਸ਼ ਨੂੰ ਆਜ਼ਾਦੀ ਦਿਵਾਉਣ ਵਾਲੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ, ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ, ਚੰਦਰ ਸ਼ੇਖਰ ਆਜ਼ਾਦ, ਸੁਭਾਸ਼ ਚੰਦਰ ਬੋਸ, ਮਹਾਰਾਣਾ ਪ੍ਰਤਾਪ, ਮਦਨ ਲਾਲ ਢੀਂਗਰਾ, ਸ਼ਹੀਦ ਊਧਮ ਸਿੰਘ ਸੁਨਾਮ, ਕਰਤਾਰ ਸਿੰਘ ਸਰਾਭਾ ਵਰਗੇ ਅਨੇਕਾਂ ਸ਼ਹੀਦਾਂ ਨੂੰ ਯਾਦ ਕੀਤਾ। ਭਾਜਪਾ ਆਗੂ ਨੇ ਕਿਹਾ ਕਿ ਦੇਸ਼ ਦੇ ਇਨ੍ਹਾਂ ਮਹਾਨ ਸਪੂਤਾਂ ਨੇ ਆਪਣੀਆਂ ਜਾਨਾਂ ਕੁਰਬਾਨ ਕਰਕੇ ਸਾਨੂੰ ਆਜ਼ਾਦੀ ਦਿਵਾਈ।

# ਡਿਪਟੀ ਕਮਿਸ਼ਨਰ ਨੇ ਜਲ ਸ਼ਕਤੀ ਅਭਿਆਨ-ਕੈਚ ਦਾ ਰੇਨ ਮੁਹਿੰਮ ਤਹਿਤ ਪ੍ਰਾਜੈਕਟਾਂ ਦਾ ਲਿਆ ਜਾਇਜ਼ਾ

**ਮਲੇਰਕੋਟਲਾ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੁਆਰਾ ਚਲਾਈ ਗਈ ਜਲ ਸ਼ਕਤੀ ਅਭਿਆਨ-ਕੈਚ ਦਾ ਰੇਨ ਮੁਹਿੰਮ ਤਹਿਤ'ਨਾਰੀ ਸ਼ਕਤੀ, ਜਲ ਕਤੀ' ਅਧੀਨ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲੈਣ ਲਈ ਸੱਦੀ ਅਹਿਮ ਮੀਟਿੰਗ ਦੀ ਪ੍ਰਧਾਨਗੀ ਕਰਦਿਆ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਕਿਹਾ ਕਿ ਜ਼ਿਲੇ ਵਿੱਚ ਪਾਣੀ ਦੀ ਬਿਹਤਰ ਸਾਂਭ ਸੰਭਾਲ ਕਰਦੇ ਹੋਏ ਅਤੇ ਇਸ ਦੀ ਸੰਯਮ ਨਾਲ ਵਰਤੋਂ ਦੇ ਨਿਯਮ ਨੂੰ ਉਤਸਾਹਿਤ ਕੀਤਾ ਜਾਵੇ। ਉਨ੍ਹਾਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ 'ਨਾਰੀ ਸ਼ਕਤੀ, ਜਲ ਸ਼ਕਤੀ' ਮੁਹਿੰਮ ਤਹਿਤ ਹਰੇਕ ਵਿਭਾਗ ਦਾ ਸਹਿਯੋਗ ਲੋੜੀਂਦਾ ਹੈ ਤਾਂ ਜੋ ਆਉਣ ਵਾਲੀਆਂ ਪੀੜੀਆਂ ਲਈ ਪਾਣੀ ਨੂੰ ਸੁਰੱਖਿਅਤ ਕੀਤਾ ਜਾ ਸਕੇ।

ਜਲ ਸ਼ਕਤੀ ਅਭਿਆਨ ਕੈਚ ਦਾ ਰੇਨ ਮੁਹਿੰਮ ਸਬੰਧੀ ਡਿਪਟੀ ਕਮਿਸ਼ਨਰ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਬਰਸਾਤਾਂ ਦੇ ਪਾਣੀ ਦੀ ਸੰਭਾਲ, ਪਰੰਪਰਾਗਤ ਪਾਣੀ ਸਰੋਤਾਂ ਦੀ ਪੁਨਰ ਸੁਰਜੀਤ, ਪਾਣੀ ਦੇ ਤਲਾਬਾਂ, ਛੱਪੜਾਂ ਦੀ ਮੁਰੰਮਤ, ਅਤੇ ਨਵੇਂ ਪੌਦੇ ਲਗਾਉਣੇ ਇਸ ਪ੍ਰੋਜੈਕਟ ਦੇ ਮੁੱਖ ਅਧਾਰ ਹਨ। ਉਨ੍ਹਾਂ ਜ਼ਿਲ੍ਹੇ ਦੀਆਂ ਔਰਤਾਂ ਨੂੰ ਸੱਦਾ ਦਿੰਦਿਆ ਕਿਹਾ ਕਿ ਧਰਤੀ ਹੇਠਲੇ ਪਾਣੀ ਦਾ ਪ੍ਰਬੰਧਨ, ਮੀਂਹ ਦੇ ਪਾਣੀ ਨੂੰ ਸੰਭਾਲਣ, ਜਲ ਸ਼ਕਤੀ ਕੇਂਦਰਾਂ ਦੀ ਸਥਾਪਨਾ ਅਤੇ ਬੂਟੇ ਲਾਉਣ ਆਦਿ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਅੱਗੇ ਆਉਣ ਤਾਂ ਜੋ ਕੁਦਰਤੀ ਸੋਮਿਆਂ ਨੂੰ ਭਵਿੱਖ ਲਈ ਸੁਰੱਖਿਅਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪਾਣੀ ਦੀ ਇੱਕ-ਇੱਕ ਬੂੰਦ ਦੀ ਸੰਭਾਲ ਕਰਨਾ ਸਾਡਾ ਸਭ ਦਾ ਫ਼ਰਜ਼ ਬਣਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੁਦਰਤੀ ਸਰੋਤਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਜ਼ਿਲ੍ਹੇ ਦੀਆਂ ਔਰਤਾਂ ਨੂੰ ਪ੍ਰੇਰਿਤ ਕੀਤਾ ਜਾਵੇ।

ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਬਰਸਾਤੀ ਪਾਣੀ ਦੀ ਸੰਭਾਲ ਲਈ ਸਰਕਾਰੀ ਅਤੇ ਗ਼ੈਰ-ਸਰਕਾਰੀ ਸੰਸਥਾਵਾਂ ਦੀਆਂ ਇਮਾਰਤਾਂ 'ਚ ਪਾਣੀ ਦੀ ਸੰਭਾਲ ਕਰਕੇ ਇਸ ਨੂੰ ਸਟੋਰ ਕਰਨ ਦੇ ਉਪਰਾਲੇ ਕੀਤੇ ਜਾਣ ਤਾਂ ਜੋ ਪਾਣੀ ਨੂੰ ਦੁਬਾਰਾ ਵਰਤੋਂ ਵਿੱਚ ਲਿਆਂਦਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਬਰਸਾਤੀ ਪਾਣੀ ਦੀ ਸਾਂਭ ਸੰਭਾਲ ਸਬੰਧੀ ਹੋਰ ਯੋਜਨਾਵਾਂ ਬਣਾਉਣ ਅਤੇ ਆਮ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੈਚ ਦਾ ਰੇਨ ਮੁਹਿੰਮ ਤਹਿਤ ਬਰਸਾਤੀ ਪਾਣੀ ਦੀ ਸਾਂਭ ਸੰਭਾਲ ਕਰਨ ਅਤੇ ਇਸ ਦੀ ਮੁੜ ਵਰਤੋਂ ਕਰਨ ਲਈ ਕਿਹਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀਮਤੀ ਮਨਦੀਪ ਕੌਰ,ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀਮਤੀ ਰਿੰਪੀ ਗਰਗ, ਡੀ.ਡੀ.ਐਫ ਆਸਿਫ਼ ਖਾਨ, ਐਸ.ਡੀ.ਓ ਇੰਜ.ਹਰਮਨ, ਇੰਜ.ਪ੍ਰਿੰਸ ਮੋਦੀ ਤੋ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਮੌਜੂਦ ਸਨ।

# ਦੇਸ਼ ਦੀਆਂ ਵੱਖ-ਵੱਖ ਜੇਲਾਂ ਵਿੱਚ ਬੰਦ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਵੀ ਸਰਕਾਰਾਂ ਰਿਹਾਅ ਕਰਨ : ਪ੍ਰੋਫੈਸਰ ਬਡੂੰਗਰ

**ਪਟਿਆਲਾ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਸ਼ੰਗੀਨ ਦੋਸ਼ਾਂ ਦੇ ਤਹਿਤ ਜੇਲ ਵਿੱਚ ਸਜ਼ਾ ਕੱਟ ਰਹੇ ਡੇਰਾ ਸਿਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਦਿੱਤੀ ਜਾ ਰਹੀ ਵਾਰ-ਵਾਰ ਪੈਰੋਲ ਤੇ ਫ਼ਰਲੋ ਉੱਤੇ ਆਪਣਾ ਪ੍ਰਤੀਕਰਮ ਜਾਹਰ ਕਰਦਿਆਂ ਕਿਹਾ ਕਿ ਇੱਕੋ ਦੇਸ਼ ਵਿੱਚ ਦੋ ਕਾਨੂੰਨ ਕਿਵੇਂ ਹੋ ਸਕਦੇ ਹਨ। ਉਹਨਾਂ ਕਿਹਾ ਕਿ ਇੱਕ ਪਾਸੇ ਡੇਰਾ ਸਰਸਾ ਦੇ ਮੁਖੀ ਨੂੰ ਵਾਰ ਵਾਰ ਪੈਰੋਲ ਤੇ ਫਰਲੋ ਦਿੱਤੀ ਜਾ ਰਹੀ ਹੈ ਤੇ ਦੂਜੇ ਪਾਸੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਪੈਰੋਲ ਜਾਂ ਆਪਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਤੱਕ ਨਹੀਂ ਕੀਤਾ ਜਾ ਰਿਹਾ। ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਕੌਮ ਵੱਲੋਂ ਵਾਰ-ਵਾਰ ਇਹ ਮੰਗ ਕੀਤੀ ਜਾ ਰਹੀ ਹੈ ਕਿ ਬੰਦੀ ਸਿੰਘ ਜਿਨਾਂ ਵੱਲੋਂ ਆਪਣੀ ਸਜ਼ਾ ਪੂਰੀ ਕੀਤੇ ਜਾਣ ਦੇ ਬਾਵਜੂਦ ਵੀ ਜੇਲਾਂ ਵਿੱਚ ਬੰਦ ਹੋਇਆਂ ਨੂੰ ਲੰਮਾ ਸਮਾਂ ਹੋ ਗਿਆ ਹੈ, ਉਨਾਂ ਨੂੰ ਰਿਹਾਅ ਕੀਤਾ ਜਾਵੇ ਤੇ ਅਜਿਹਾ ਕਰਕੇ ਸਰਕਾਰਾਂ ਅਤੇ ਅਦਾਲਤਾਂ ਵੱਲੋਂ ਮਨੁੱਖੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਹਰਿਆਣਾ ਤੇ ਰੋਹਤਕ ਦੀ ਸੁਨਾਰੀਆ ਜੇਲ ਵਿੱਚ ਸੰਗੀਨ ਦੋਸ਼ਾਂ ਤਹਿਤ ਸਜ਼ਾ ਕੱਟ ਰਹੇ ਡੇਰਾ ਸਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ 2017 ਤੋਂ ਲੈ ਕੇ ਹੁਣ ਤੱਕ ਘੱਟੋ ਘੱਟ 10 ਵਾਰ ਪੈਰੋਲ ਤੇ ਫਰਲੋ ਉੱਤੇ ਜੇਲ ਤੋਂ ਬਾਹਰ ਆ ਚੁੱਕਾ ਹੈ, ਜੋ ਹੁਣ 21 ਦਿਨਾਂ ਦੀ ਹੋਰ ਪੈਰੋਲ ਤੇ ਸੁਨਾਰੀਆ ਜੇਲ ਤੋਂ ਯੂਪੀ ਦੇ ਬਾਗਪਤ ਸਥਿਤ ਬਰਨਾਮਾ ਆਸ਼ਰਮ ਵਿੱਚ ਰਹੇਗਾ। ਉਹਨਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਗੁਰਮੀਤ ਰਾਮ ਰਹੀਮ ਸਿੰਘ ਨੂੰ ਚੋਣਾਂ ਦੇ ਨੇੜੇ ਹੀ ਫ਼ਰਲੋ ਜਾਂ ਪੈਰੋਲ ਕਿਉਂ ਦਿੱਤੀ ਜਾਂਦੀ ਹੈ, ਕਿਉਂਕਿ ਹਰਿਆਣਾ ਵਿੱਚ ਵਿਧਾਨ ਸਭਾ ਦੇ ਚੋਣਾਂ ਤੇ ਪੰਜਾਬ ਵਿੱਚ ਜਿਮਨੀ ਚੋਣਾਂ ਅਤੇ ਪੰਚਾਇਤੀ ਚੋਣਾਂ ਨੇੜੇ ਹਨ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਸੰਗੀਨ ਦੋਸ਼ਾਂ ਵਿੱਚ ਘਿਰੇ ਗੁਰਮੀਤ ਰਾਮ ਰਹੀਮ ਸਿੰਘ ਨੂੰ ਵਾਰ ਵਾਰ ਪੈਰੋਲ ਜਾਂ ਫਰਲੋ ਦੇਣ ਦੇ ਖਿਲਾਫ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਨਯੋਗ ਹਾਈਕੋਰਟ ਪਟੀਸ਼ਨ ਵੀ ਦਾਇਰ ਕੀਤੀ ਗਈ ਸੀ, ਜਿਸ ਨੂੰ ਮਾਨਯੋਗ ਹਾਈਕੋਰਟ ਵੱਲੋਂ ਰੱਦ ਕਰ ਦਿੱਤਾ ਗਿਆ ਸੀ ਤੇ ਕਿਹਾ ਗਿਆ ਸੀ ਕਿ ਸੂਬਾ ਸਰਕਾਰਾਂ ਆਪਣੇ ਪੱਧਰ ਤੇ ਅਜਿਹੇ ਫੈਸਲੇ ਲੈਣ ਦੇ ਜਿਆਦਾ ਸਮਰੱਥ ਹਨ।

# ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਰੋਸ ਮੁਜ਼ਾਹਰਾ ਕਰਕੇ ਜ਼ਿਲ੍ਹਾ ਸਿੱਖਿਆ ਅਫਸਰ ਰਾਹੀਂ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਨੂੰ ਭੇਜੇ ਗਏ ਮੰਗ ਪੱਤਰ



**ਜਲੰਧਰ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਤੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ ਦੀ ਅਗਵਾਈ ਹੇਠ ਅੱਜ ਜ਼ਿਲਾ ਸਿੱਖਿਆ ਅਫਸਰ ਪ੍ਰਾਇਮਰੀ ਜਲੰਧਰ ਦੇ ਦਫਤਰ ਵਿਖੇ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਇਕੱਠੇ ਹੋ ਕੇ ਜ਼ਿਲਾ ਸਿੱਖਿਆ ਅਫਸਰ ਜਲੰਧਰ ਦੇ ਰਾਹੀਂ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਭੇਜੇ। ਅੱਜ ਦਾ ਇਹ ਰੋਸ ਮੁਜਾਹਰਾ ਜ਼ਿਲ੍ਹਾ ਸਿੱਖਿਆ ਅਫਸਰ ਦੇ ਦਫ਼ਤਰ ਵਿਖੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਕੀਤਾ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਕਰਨੈਲ ਫਿਲੌਰ ਸਕੱਤਰ ਸੁਖਵਿੰਦਰ ਸਿੰਘ ਮੱਕੜ, ਕੈਸ਼ੀਅਰ ਹਰਮਨਜੋਤ ਸਿੰਘ ਵਾਲੀਆ, ਪ੍ਰੈਸ ਸਕੱਤਰ ਵੇਦ ਰਾਜ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ ਜੁਆਇੰਟ ਸਕੱਤਰ ਗੁਰਮੇਲ ਸਿੰਘ ਕੁਲਰੀਆਂ, ਪਸੱਸਫ ਦੇ ਸੂਬਾਈ ਆਗੂ ਤੀਰਥ ਸਿੰਘ ਬਾਸੀ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕੁਲਦੀਪ ਵਾਲੀਆ ਤੇ ਹੋਰ ਆਗੂਆਂ ਨੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਅਧਿਆਪਕਾਂ ਦੀਆਂ ਮੰਗਾਂ ਤੇ ਪੰਜਾਬ ਸਰਕਾਰ ਤੇ ਵਿਭਾਗੀ ਅਫਸਰਸ਼ਾਹੀ ਕੰਮ ਕਰਨ ਤੋਂ ਟਾਲਾ ਵੱਟ ਰਹੀ ਹੈ। ਇਸ ਸਮੇਂ ਕਰਨੈਲ ਫਿਲੌਰ ਨੇ ਕਿਹਾ ਕਿ ਅਗਰ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਤਾਂ ਸਤੰਬਰ ਦੇ ਪਹਿਲੇ ਹਫਤੇ ਮੁਹਾਲੀ ਵਿੱਚ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਸਮੇਂ ਆਗੂਆਂ ਨੇ ਮੰਗਾਂ ਬਾਰੇ ਕਿਹਾ ਕਿ ਅਧਿਆਪਕਾਂ ਦੀਆਂ ਮੰਗਾਂ ਈਟੀਟੀ ਤੋਂ ਮਾਸਟਰ ਕੇਡਰ, ਮਾਸਟਰ ਕਾਡਰ ਤੋਂ ਲੈਕਚਰਾਰ, ਲੈਕਚਰਾਰ ਤੋਂ ਪ੍ਰਿੰਸੀਪਲ, ਮਾਸਟਰ ਕੇਡਰ ਤੋਂ ਹੈਡ ਮਾਸਟਰ,ਈਟੀਟੀ ਤੋਂ ਐਚਟੀ,ਐਚਟੀ ਤੋਂ ਸੀਐਚਟੀ,ਸੀਐਚਟੀ ਤੋਂ ਬੀਪੀਓ ਤੇ ਬੀਪੀਓ ਤੋਂ ਪ੍ਰਿੰਸੀਪਲ ਦੀਆਂ ਪ੍ਰਮੋਸ਼ਨਾਂ ਕਰਵਾਉਣ ਸਬੰਧੀ, ਪੇਂਡੂ ਭੱਤਾ, ਡੀਏ ਸਮੇਤ ਬੰਦ ਕੀਤੇ ਭੱਤਿਆਂ ਦੀ ਬਹਾਲੀ ਦੇ ਲਈ , ਕੰਪਿਊਟਰ ਅਧਿਆਪਕਾਂ ਨੂੰ ਵਿਭਾਗ ਵਿੱਚ ਸ਼ਾਮਿਲ ਕਰਾਉਣ ਦੇ ਲਈ, ਪੀਐਫਐਮਐਸ ਤੋਂ ਚੁੱਕੀਆਂ ਸਾਰੀਆਂ ਗਰਾਂਟਾਂ ਤੁਰੰਤ ਵਾਪਸ ਕਰਵਾਉਣ ਦੇ ਲਈ, ਸਪੈਸ਼ਲ ਕੇਡਰ ਜੋ ਅਧਿਆਪਕ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਹਨ ਉਹਨਾਂ ਲਈ, 6635, 4161,2392, 569 ਸਮੇਤ ਸਾਰੀਆਂ ਨਵੀਆਂ ਭਰਤੀਆਂ ਨੂੰ ਬਦਲੀ ਵਿੱਚ ਇੱਕ ਮੌਕਾ ਦਿਵਾਉਣ ਦੇ ਲਈ, 15-01-15 ਦਾ ਪਰਬੇਸ਼ਨ ਦਾ ਪੱਤਰ ਰੱਦ ਕਰਾਉਣ ਦੇ ਲਈ ਨਵ ਨਿਯੁਕਤ ਅਧਿਆਪਕਾਂ ਤੇ ਲੱਗੇ ਕੇਂਦਰੀ ਸਕੇਲ ਰੱਦ ਕਰਵਾਉਣ ਦੇ ਲਈ, ਪੁਰਾਣੀ ਪੈਨਸ਼ਨ ਦਾ ਐਲਾਨ ਕਰਕੇ ਲਾਗੂ ਕਰਨ ਤੋਂ ਭੱਜੀ ਸਰਕਾਰ ਤੋਂ ਪੁਰਾਣੀ ਪੈਨਸ਼ਨ ਲਾਗੂ ਕਰਵਾਉਣ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਦੇ ਦਫਤਰਾਂ ਵਿੱਚ ਕਲਰਕਾਂ ਦੀਆਂ ਦੋ ਅਸਾਮੀਆਂ ਕਰਨ ਸਬੰਧੀ ਦੀਆਂ ਮੰਗਾਂ ਦੇ ਸੰਬੰਧ ਵਿੱਚ ਜਲੰਧਰ ਜ਼ਿਲ੍ਹੇ ਅੰਦਰ ਵੱਡੇ ਪੱਧਰ ਤੇ ਅਧਿਆਪਕ ਇਸ ਧਰਨੇ ਪ੍ਰਦਰਸ਼ਨ ਵਿੱਚ ਸ਼ਾਮਿਲ ਹੋਏ। ਇਸੇ ਸਮੇਂ ਪਸਸਫ ਦੇ ਜਿਲ੍ਹਾ ਸਕੱਤਰ ਨਿਰਮੋਲਕ ਹੀਰਾ, ਰਾਜਿੰਦਰ ਸਿੰਘ ਭੋਗਪੁਰ, ਗੁਰਿੰਦਰ ਸਿੰਘ, ਮੁਲਖ ਰਾਜ, ਪ੍ਰੇਮ ਖਲਵਾੜਾ, ਕੁਲਵੰਤ ਰੁੜਕਾ,ਪਿਆਰਾ ਸਿੰਘ, ਸੰਦੀਪ ਕੁਮਾਰ, ਜਤਿੰਦਰ ਸਿੰਘ, ਕਵਿਸ਼ ਵਾਲੀਆ,ਮੰਗਤ ਰਾਮ, ਲੇਖ ਰਾਜ ਪੰਜਾਬੀ, ਕਮਲ ਸ਼ਰਮਾ, ਸ਼ਿਵ ਰਾਜ,ਸੁਖਵਿੰਦਰ ਕੁਮਾਰ, ਰਗਜੀਤ ਸਿੰਘ, ਤਰਸੇਮ ਲਾਲ, ਰਾਮ ਰੂਪ, ਅਮਰਜੀਤ, ਮਨੋਜ ਕੁਮਾਰ, ਰਤਨ ਸਿੰਘ, ਰਕੇਸ਼ ਕੁਮਾਰ, ਕਮਲ ਨਕੋਦਰ , ਰਾਮ ਰੂਪ, ਧਰਮਿੰਦਰ, ਜੋਗਿੰਦਰ ਸਿੰਘ ਜੋਗੀ, ਰਣਜੀਤ ਕੁਮਾਰ, ਜਗਦੀਪ , ਜਸਵੀਰ ਨਕੋਦਰ ਰਾਕੇਸ਼ ਕੁਮਾਰ,ਅਸ਼ੋਕ ਕੁਮਾਰ, ਸੁਖਵਿੰਦਰ ਰਾਮ, ਮੈਡਮ ਸੀਮਾ, ਮੰਜੂ, ਊਸ਼ਾ ਰਾਣੀ, ਲਲਿਤਾ ਰਾਣੀ, ਪਰਮਿੰਦਰਜੀਤ, ਜਨਕ ਰਾਣੀ ਆਦਿ ਹਾਜ਼ਰ ਸਨ।

# ਵਿਦਿਆਰਥੀਆਂ, ਅਧਿਆਪਕਾਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਦਿਲ ਦੇ ਦੌਰੇ, ਕਾਰਡੀਅਕ ਅਰੈਸਟ ਬਾਰੇ ਜਾਣਕਾਰੀ ਦਿੱਤੀ : ਡਾਕਟਰ ਰਜਨੀਸ਼ ਹਾਂਡਾ

**ਪਟਿਆਲਾ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਊਣਾ ਵਿਖੇ ਪ੍ਰਿੰਸੀਪਲ ਡਾਕਟਰ ਰਜਨੀਸ਼ ਹਾਂਡਾ ਦੀ ਅਗਵਾਈ ਹੇਠ ਸੀਨੀਅਰ ਕਲਾਸਾਂ ਦੇ ਵਿਦਿਆਰਥੀਆਂ ਨੂੰ ਸ਼੍ਰੀ ਕਾਕਾ ਰਾਮ ਵਰਮਾ, ਚੀਫ਼ ਟ੍ਰੇਨਰ ਫ਼ਸਟ ਏਡ, ਸਿਹਤ, ਸੇਫਟੀ, ਜਾਗਰੂਕਤਾ ਮਿਸ਼ਨ ? ਅਤੇ ਪੰਜਾਬ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਵਲੋਂ ਅਚਾਨਕ ਹੋਣ ਵਾਲੇ ਦਿਲ ਦੇ ਦੌਰੇ, ਅਨਜਾਇਨਾ, ਕਾਰਡੀਅਕ ਅਰੈਸਟ, ਬੇਹੋਸ਼ੀ ਸਮੇਂ ਪੀੜਤਾਂ ਨੂੰ ਮਰਨ ਤੋਂ ਬਚਾਉਣ ਦੀ ਫ਼ਸਟ ਏਡ, ਸੀ ਪੀ ਆਰ, ਰਿਕਵਰੀ ਪੁਜੀਸ਼ਨ, ਵੈਂਟੀਲੇਟਰ ਬਣਾਉਟੀ ਸਾਹ ਕਿਰਿਆ ਅਤੇ ਏ ਬੀ ਸੀ ਡੀ ਦੀ ਟ੍ਰੇਨਿੰਗ ਦਿੱਤੀ। ਪ੍ਰਿੰਸੀਪਲ ਡਾਕਟਰ ਰਜਨੀਸ਼ ਹਾਂਡਾ ਨੇ ਦੱਸਿਆ ਕਿ ਸ਼੍ਰੀ ਕਾਕਾ ਰਾਮ ਵਰਮਾ ਨੇ ਦੱਸਿਆ ਕਿ ਦਿਲ ? ਦਾ ਦੌਰਾ, ਅਨਜਾਇਨਾ, ਕਾਰਡੀਅਕ ਅਰੈਸਟ, ਬੇਹੋਸ਼ੀ, ਸਦਮਾ ਬਹੁਤ ਖਤਰਨਾਕ ਹੁੰਦੇ ਹਨ ਪਰ ਪੀੜਤਾਂ ਨੂੰ ਮੌਕੇ ਤੇ ਠੀਕ ਫਸਟ ਏਡ, ਸੀ ਪੀ ਆਰ ਮਿਲਣ ਨਾਲ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਨੇ ਦਿਲ ? ਦੇ ਦੌਰੇ ਦੀਆਂ ਨਿਸ਼ਾਨੀਆਂ ਅਤੇ ਫ਼ਸਟ ਏਡ ਵਿੱਚ, ਪੀੜਤ ਵਲੋਂ ਨੱਕ ਰਾਹੀਂ ਹਵਾ ਅੰਦਰ ਖਿੱਚਣਾ ਅਤੇ ਮੂੰਹ ਰਾਹੀਂ ਖ਼ਾਸੀ ਕਰਦੇ ਰਹਿਣ ਨਾਲ ਫੇਫੜਿਆਂ, ਦਿਲ, ਦਿਮਾਗ ਨੂੰ ਆਕਸੀਜਨ ਗੁਲੂਕੋਜ਼ ਦੀ ਮਾਤਰਾ ਵੱਧਣ ਨਾਲ ਮੌਤ, ਸਟ੍ਰੋਕ, ਅਧਰੰਗ ਦਾ ਖ਼ਤਰਾ ਘੱਟ ਜਾਂਦਾ ਹੈ। ਉਨ੍ਹਾਂ ਨੇ ਐਸਪ੍ਰੀਨ ਜਾਂ ਡਿਸਪ੍ਰੀਨ ਦੀ ਗੋਲੀ ਜਾਂ ਪੀਸੀ ਹੋਈ ਲਾਲ ਮਿਰਚਾਂ ਦੀ ਵਰਤੋਂ ਬਾਰੇ ਦੱਸਿਆ। ਸਾਹ ਬੰਦ ਹੋਣ, ਦਿਲ ਰੁਕਣ ਸਮੇਂ ਸੀ ਪੀ ਆਰ ਕਰਨ ਦੀ ਟ੍ਰੇਨਿੰਗ ਦਿੱਤੀ। ਇਸ ਮੌਕੇ ਮਨਜੀਤ ਕੌਰ, ਜੀਵਨ ਸਿੰਘ, ਪ੍ਰਮਜੀਤ ਸਿੰਘ, ਜਸਵੰਤ ਸਿੰਘ ਲੈਕਚਰਾਰ ਅਤੇ ਬਿਕਰਮ ਸਿੰਘ ਡੀ ਪੀ ਈ ਅਤੇ ਨਰਿੰਦਰ ਪਾਲ ਸਿੰਘ ਅਤੇ ਵਿਦਿਆਰਥੀਆਂ ਨੇ ਸ਼੍ਰੀ ਕਾਕਾ ਰਾਮ ਵਰਮਾ ਦਾ ਧੰਨਵਾਦ ਕੀਤਾ ਜੋਂ ਪਿਛਲੇ 44 ਸਾਲਾਂ ਤੋਂ ਵਿਦਿਆਰਥੀਆਂ, ਅਧਿਆਪਕਾਂ, ਪੁਲਿਸ ਫੈਕਟਰੀ ਕਰਮਚਾਰੀਆਂ ਨੂੰ ਫ਼ਸਟ ਏਡ, ਸੀ ਪੀ ਆਰ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਫਾਇਰ ਸੇਫਟੀ ਦੀ ਟ੍ਰੇਨਿੰਗ ਦੇਕੇ ਘਰ ਪਰਿਵਾਰਾਂ ਮਹੱਲਿਆ ਸੰਸਥਾਵਾਂ ਵਿਖੇ ਕੀਮਤੀ ਜਾਨਾਂ ਬਚਾਉਣ ਵਾਲੇ ਮਦਦਗਾਰ ਫਰਿਸਤਿਆ ਨੂੰ ਤਿਆਰ ਕਰ ਰਹੇ ਹਨ।

# ਕਲਕੱਤਾ ਵਿਖੇ ਡਾਕਟਰ ਦਾ ਰੇਪ ਤੇ ਕਤਲ ਕਰਨ ਦੇ ਮਾਮਲੇ 'ਚ ਡਾਕਟਰੀ ਅਮਲੇ ਨੇ ਜਤਾਇਆ ਰੋਸ




**ਧੂਰੀ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਕਲਕੱਤਾ ਵਿਖੇ ਇਕ ਡਾਕਟਰ ਨਾਲ ਰੇਪ ਤੇ ਉਸਦਾ ਦਰਿੰਦਗੀ ਨਾਲ ਕਤਲ ਕਰਨ ਦੇ ਰੋਸ ਵਜੋਂ ਅੱਜ ਪੀ.ਸੀ.ਐਮ.ਐਸ.ਏ ਦੇ ਸੱਦੇ 'ਤੇ ਸਥਾਨਕ ਸਿਵਲ ਹਸਪਤਾਲ ਵਿਖੇ ਮਾਹਿਰ ਡਾਕਟਰਾਂ ਤੇ ਪੈਰਾ ਮੈਡੀਕਲ ਸਟਾਫ ਵੱਲੋਂ ਸਵੇਰੇ 8 ਵਜੇ ਤੋਂ 10 ਵਜੇ ਤੱਕ 2 ਘੰਟੇ ਲਈ ਸਿਹਤ ਸੇਵਾਵਾਂ ਠੱਪ ਰੱਖੀਆਂ ਗਈਆਂ, ਜਦੋਂ ਕਿ ਐਮਰਜੈਂਸੀ ਸੇਵਾਵਾਂ ਬਹਾਲ ਰੱਖੀਆਂ ਗਈਆਂ। ਇਸ ਦੌਰਾਨ ਘਟਨਾ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦਿਆਂ ਡਾ.ਰਾਜੀਵ ਚੈਂਬਰ ਨੇ ਕਿਹਾ ਕਿ ਅਜਿਹੀ ਘਟਨਾ ਬੇਹੱਦ ਸ਼ਰਮਨਾਕ ਹੈ। ਉਨ੍ਹਾਂ ਕਿਹਾ ਕਿ ਡਾਕਟਰੀ ਅਮਲੇ ਨਾਲ ਬਦਸਲੂਕੀ ਦੀਆਂ ਘਟਨਾਵਾਂ ਦਿਨ ਪ੍ਰਤੀ ਦਿਨ ਵੱਧ ਰਹੀਆਂ ਹਨ, ਇਸ ਲਈ ਸਰਕਾਰ ਨੂੰ ਚਾਹੀਦਾ ਹੈ ਡਾਕਟਰੀ ਅਮਲੇ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਉਹ ਬਿਨਾਂ ਕਿਸੇ ਡਰ ਤੋਂ ਮਰੀਜ਼ਾਂ ਦੀ ਸੇਵਾ ਕਰ ਸਕਣ। ਜਿਕਰਯੋਗ ਹੈ ਕਿ 2 ਘੰਟੇ ਲਈ ਓ.ਪੀ.ਡੀ ਸੇਵਾਵਾਂ ਬੰਦ ਰਹਿਣ ਕਾਰਨ ਹਸਪਤਾਲ 'ਚ ਆਏ ਮਰੀਜ਼ਾਂ ਨੂੰ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪਿਆ। ਇਸ ਮੌਕੇ ਐਸ.ਐਮ.ਓ ਡਾ.ਮੁਹੰਮਦ ਅਖਤਰ, ਡਾ.ਮਨਿੰਦਰ ਪਾਲ ਸਿੰਘ, ਡਾ.ਨਾਰਾਇਣ ਸਿੰਘ, ਡਾ.ਕੰਵਰਪ੍ਰੀਤ ਸਰਾਂ, ਡਾ.ਅਚਲਾ, ਡਾ.ਸਿਮਰਨ ਪਾਵਾ ਤੇ ਹੋਰ ਡਾਕਟਰੀ ਅਮਲੇ 'ਚ ਨਰਿੰਦਰ ਕੌਰ, ਗੁਰਜੰਟ ਸਿੰਘ, ਅਮਨਦੀਪ ਸਿੰਘ, ਪ੍ਰਦੀਪ ਸ਼ਰਮਾ, ਜਸਵਿੰਦਰ ਸਿੰਘ ਤੇ ਵਿਕਾਸ ਕੁਮਾਰ ਵਿੱਕੀ ਵੀ ਹਾਜ਼ਰ ਸਨ।

# ਆਸ਼ੀਰਵਾਦ ਸਕੀਮ ਤਹਿਤ ਜ਼ਿਲ੍ਹੇ ਲਈ 4 ਕਰੋੜ 50 ਲੱਖ ਰੁਪਏ ਦੀ ਰਾਸ਼ੀ ਜਾਰੀ : ਡਿਪਟੀ ਕਮਿਸ਼ਨਰ

**ਪਟਿਆਲਾ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਗਰੀਬ ਤੇ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਨੂੰ ਵਿਆਹ ਮੌਕੇ ਦਿੱਤੀ ਜਾਂਦੀ ਆਸ਼ੀਰਵਾਦ ਸਕੀਮ ਤਹਿਤ 51 ਹਜ਼ਾਰ ਰੁਪਏ ਦੀ ਮਾਲੀ ਮਦਦ ਲਈ ਪਟਿਆਲਾ ਜ਼ਿਲ੍ਹੇ ਦੇ ਕੁੱਲ 883 ਲਾਭਪਾਤਰੀਆਂ ਨੂੰ 4 ਕਰੋੜ 50 ਲੱਖ 33 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਸ਼ੀਰਵਾਦ ਸਕੀਮ ਤਹਿਤ ਪਟਿਆਲਾ ਜ਼ਿਲ੍ਹੇ ਵਿੱਚ 4 ਕਰੋੜ 50 ਲੱਖ 33 ਹਜ਼ਾਰ ਰੁਪਏ ਜਾਰੀ ਕੀਤੇ ਗਏ। ਜਿਸ ਵਿੱਚ ਜ਼ਿਲ੍ਹੇ ਦੇ 883 ਪੱਛੜੀ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਲਈ ਸਬੰਧਤ ਲਾਭਪਾਤਰੀ ਕਵਰ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਆਸ਼ੀਰਵਾਦ ਸਕੀਮ ਤਹਿਤ/ਈਸਾਈ ਬਰਾਦਰੀ ਦੀਆਂ ਲੜਕੀਆਂ, ਕਿਸੇ ਵੀ ਜਾਤੀ ਦੀ ਵਿਧਵਾਵਾਂ ਲੜਕੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਪੱਛੜੇ ਪਰਿਵਾਰ ਦੀਆਂ ਲੜਕੀਆਂ ਦੇ ਵਿਆਹ ਸਮੇਂ ਅਤੇ ਅਨੁਸੂਚਿਤ ਜਾਤੀ ਵਿਧਵਾਵਾਂ/ ਤਲਾਕਸ਼ੁਦਾ ਔਰਤਾਂ ਨੂੰ ਉਹਨਾਂ ਦੇ ਮੁੜ ਵਿਆਹ ਸਮੇਂ 51000/- ਰੁਪਏ ਦੀ ਵਿਤੀ ਸਹਾਇਤਾ ਸ਼ਗਨ ਵਜੋਂ ਦਿੱਤੀ ਜਾਂਦੀ ਹੈ।

# ਤੀਆਂ ਪੰਜਾਬੀ ਸੱਭਿਆਚਾਰ ਦਾ ਇਕ ਅਨਿਖੜਵਾਂ ਅੰਗ



**ਧੂਰੀ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**

ਨੇੜਲੇ ਪਿੰਡ ਰੁਲਦੂਸਿੰਘ ਵਾਲਾ ਵਿਖੇ ਮੈਡਮ ਦਵਿੰਦਰ ਕੌਰ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੇਲੇ ਦੀ ਸ਼ੁਰੂਆਤ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਤੋਂ ਜਾਗੋ ਕੱਢ ਕੇ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਔਰਤਾਂ ਨੇ ਪਿੱਪਲਾਂ 'ਤੇ ਪੀਂਘਾਂ ਪਾ ਕੇ ਪੀਂਘਾਂ ਝੂਟਣ ਦਾ ਆਨੰਦ ਮਾਣਿਆ। ਇਸ ਦੌਰਾਨ ਮਹਿਲਾਵਾਂ ਵੱਲੋਂ ਗਿੱਧਾ ਭੰਗੜਾ ਵੀ ਪੇਸ਼ ਕੀਤਾ ਗਿਆ ਅਤੇ ਪੁਰਾਤਨ ਵਿਰਸੇ ਨੂੰ ਦਰਸ਼ਾਉਂਦਾ ਚਰਖਾ ਕੱਤਿਆ ਗਿਆ ਅਤੇ ਮਧਾਣੀ ਨਾਲ ਦੁੱਧ ਰਿੜਕਿਆ ਗਿਆ। ਇਸ ਦੌਰਾਨ ਬੂਟੇ ਵੀ ਵੰਡੇ ਗਏ ਅਤੇ ਵਾਤਾਵਰਣ ਦੀ ਸਾਂਭ-ਸੰਭਾਲ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਦਵਿੰਦਰ ਕੌਰ ਨੇ ਕਿਹਾ ਕਿ ਤੀਆਂ ਪੰਜਾਬੀ ਸੱਭਿਆਚਾਰ ਦਾ ਇੱਕ ਅਨਿਖੜਵਾਂ ਅੰਗ ਹਨ ਅਤੇ ਅੱਜ ਕੱਲ ਸਾਡਾ ਇਹ ਸੱਭਿਆਚਾਰ ਅਲੋਪ ਹੁੰਦਾ ਜਾ ਰਿਹਾ ਹੈ ਤੇ ਸ਼ਹਿਰਾਂ ਵਿੱਚੋਂ ਤਾਂ ਬਿਲਕੁਲ ਹੀ ਅਲੋਪ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰਾਂ ਵਿਚ ਤੀਆਂ ਮਾਡਰਨ ਤਰੀਕੇ ਨਾਲ ਮਨਾਈਆਂ ਜਾਣ ਲੱਗ ਪਈਆਂ ਹਨ, ਜਦੋਂ ਕਿ ਪਿੰਡਾਂ ਵਿੱਚ ਹਾਲੇ ਵੀ ਸਾਡੇ ਸੱਭਿਆਚਾਰ ਨੂੰ ਜਿਉਂਦਾ ਰੱਖਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੌਰਾਨ ਪਿੰਡ ਦੀ ਸਰਪੰਚ ਸੁਰਜੀਤ ਕੌਰ ਨੇ ਕਿਹਾ ਕਿ ਪੰਜਾਬ ਦਾ ਵਿਰਸਾ ਇੱਕ ਬਹੁਤ ਹੀ ਅਮੀਰ ਵਿਰਸਾ ਹੈ ਅਤੇ ਇਸ ਨੂੰ ਸੰਭਾਲਣ ਦੀ ਲੋੜ ਹੈ। ਇਸ ਮੌਕੇ ਮਨਜੀਤ ਕੌਰ, ਹਰਬੰਸ ਕੌਰ, ਪਰਮਜੀਤ ਕੌਰ, ਜਸਬੀਰ ਕੌਰ, ਅਨੰਤਪ੍ਰੀਤ ਕੌਰ ਤੇ ਮਨਦੀਪ ਕੌਰ ਵੀ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੋਟਲਾ ਬਜਵਾੜਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੰਤਰਰਾਸ਼ਟਰੀ ਯੁਵਕ ਦਿਵਸ ਮਨਾਇਆ ਗਿਆ

**ਫਤਹਿਗੜ੍ਹ ਸਾਹਿਬ, 18 ਅਗਸਤ -ਕੌਮੀ ਪੱਤ੍ਰਿਕਾ ਬਿਊਰੋ-**




ਨੌਜਵਾਨ ਵਰਗ ਕਿਸੇ ਵੀ ਦੇਸ਼ ਅਤੇ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ, ਕਿਉਂਕਿ ਨੌਜਵਾਨ ਵਰਗ ਹੀ ਭਵਿੱਖ ਵਿੱਚ ਦੇਸ਼ ਦੀ ਯੋਗ ਅਗਵਾਈ ਕਰਕੇ ਦੇਸ਼ ਨੂੰ ਬੁਲੰਦੀਆਂ ਤੇ ਪਹੁੰਚਾਉਣ ਦੀ ਸਮਰੱਥਾ ਰੱਖਦਾ ਹੈ। ਇਸ ਲਈ ਸੰਯੁਕਤ ਰਾਸ਼ਟਰ ਮਹਾਂਸਭਾ ਵੱਲੋਂ 12 ਅਗਸਤ ਦੇ ਦਿਹਾੜੇ ਨੂੰ ਹਰ ਵਰ੍ਹੇ ਅੰਤਰਰਾਸ਼ਟਰੀ ਯੁਵਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀਮਤੀ ਦੀਪਤੀ ਗੋਇਲ ਨੇ ਕੋਟਲਾ ਬਜਵਾੜਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਯੋਜਿਤ ਅੰਤਰਰਾਸ਼ਟਰੀ ਯੁਵਕ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।

ਉਨ੍ਹਾਂ ਦੱਸਿਆ ਕਿ ਸੰਯੁਕਤ ਰਾਸ਼ਟਰ ਮਹਾਂਸਭਾ ਦਾ ਮੁੱਖ ਉਦੇਸ਼ ਇਹ ਸੀ ਕਿ ਵਿਸ਼ਵ ਪੱਧਰ ਤੇ ਵੱਖ-ਵੱਖ ਦੇਸ਼ਾਂ ਦੇ ਲੋਕਾਂ ਵਿੱਚ ਆਪਸੀ ਭਾਈਚਾਰਾ, ਸਦਭਾਵਨਾ, ਸ਼ਾਂਤੀ ਅਤੇ ਸਮਝਦਾਰੀ ਨੂੰ ਬੜਾਵਾ ਦਿੱਤਾ ਜਾਵੇ।

ਸ਼੍ਰੀਮਤੀ ਦੀਪਤੀ ਗੋਇਲ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਅੰਦਰ ਛੁਪੀ ਹੋਈ ਪ੍ਰਤਿਭਾ ਨੂੰ ਪਹਿਚਾਣ ਕੇ, ਉਸ ਵਿੱਚ ਮੁਹਾਰਤ ਹਾਸਲ ਕਰਨ ਲਈ ਯਤਨਸ਼ੀਲ ਰਹਿਣ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਉੱਚੇ ਮੁਕਾਮ ਤੇ ਪਹੁੰਚ ਕੇ ਦੇਸ਼ ਦੇ ਸਰਵਪੱਖੀ ਵਿਕਾਸ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਸਕਣ। ਉਨ੍ਹਾਂ ਅਧਿਆਪਕਾਂ ਨੂੰ ਵੀ ਅਪੀਲ ਕੀਤੀ ਕਿ ਵਿਦਿਆਰਥੀਆਂ ਦੇ ਵਿਅਕਤੀਤਵ ਦੇ ਵਿਕਾਸ ਲਈ ਉਨ੍ਹਾਂ ਨੂੰ ਸਮਾਜਿਕ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਅਪਨਾਉਣ ਵਾਸਤੇ ਪ੍ਰੇਰਿਤ ਕਰਦੇ ਰਹਿਣ। ਉਨ੍ਹਾਂ ਹੋਰ ਕਿਹਾ ਕਿ ਕਿਸੇ ਵੀ ਦੇਸ਼ ਅਤੇ ਸਮਾਜ ਦੀ ਤਰੱਕੀ ਉੱਥੋਂ ਦੇ ਨੌਜਵਾਨ ਵਰਗ ਤੇ ਹੀ ਨਿਰਭਰ ਕਰਦੀ ਹੈ। ਇਸ ਲਈ ਨੌਜਵਾਨ ਪੀੜ੍ਹੀ ਦੇ ਵਿਅਕਤੀਤਵ ਦੇ ਚੌਹਤਰਫਾ ਵਿਕਾਸ ਲਈ ਨੌਜਵਾਨ ਵਰਗ ਨੂੰ ਸਕੂਲ ਅਤੇ ਕਾਲਜ ਪੱਧਰ ਤੋਂ ਹੀ ਅਜਿਹੀ ਸਿੱਖਿਆ ਪ੍ਰਦਾਨ ਕੀਤੀ ਜਾਣੀ ਚਾਹੀਦੀ ਹੈ, ਜਿਸ ਨਾਲ ਉਨ੍ਹਾਂ ਦੇ ਵਿਅਕਤੀਤਵ ਵਿੱਚ ਹੋਰ ਨਿਖਾਰ ਆਵੇ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਆਯੋਜਿਤ ਇਸ ਸਮਾਗਮ ਦੌਰਾਨ ਅੰਤਰਰਾਸ਼ਟਰੀ ਯੁਵਕ ਦਿਵਸ ਦੇ ਵਿਸ਼ੇ ਤੇ ਸਕੂਲ ਦੇ ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਅਤੇ ਜੇਤੂਆਂ ਨੂੰ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਸ਼੍ਰੀਮਤੀ ਦੀਪਤੀ ਗੋਇਲ ਨੇ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਗੁਰਦੀਪ ਕੌਰ ਨੇ ਵੀ ਅੰਤਰਰਾਸ਼ਟਰੀ ਯੁਵਕ ਦਿਵਸ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਸਮਾਗਮ ਵਿੱਚ ਸਕੂਲ ਦੀਆਂ ਲੜਕੀਆਂ ਵੱਲੋਂ ਗਿੱਧਾ ਵੀ ਪੇਸ਼ ਕੀਤਾ ਗਿਆ ਅਤੇ ਵਿਦਿਆਰਥੀਆਂ ਵੱਲੋਂ ਗੀਤ ਵੀ ਗਾਏ ਗਏ।

# ਨਗਰਨਾਰ ਆਇਰਨ ਪਲਾਂਟ ਨੂੰ ਵੇਚਣ ਦੀ ਤਿਆਰੀ, ਪ੍ਰਧਾਨ ਮੰਤਰੀ ਆਪਣੇ ਵਾਅਦੇ ਤੋਂ ਮੁਕਰੇ

**ਏਜੰਸੀਆਂ**

ਨਵੀਂ ਦਿੱਲੀ 17 ਅਗਸਤ। ਕਾਂਗਰਸ ਨੇ ਸਨੀਵਾਰ ਨੂੰ ਦਾਅਵਾ ਕੀਤਾ ਕਿ ਛੱਤੀਸਗੜ੍ਹ 'ਚ ਹੁਣ ਨਗਰਨਾਰ ਆਇਰਨ ਪਲਾਂਟ ਨੂੰ ਵੇਚਣ ਦੀ ਤਿਆਰੀ ਕੀਤੀ ਜਾ ਰਹੀ ਹੈ, ਜਦ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਾਅਦਾ ਕੀਤਾ ਸੀ ਕਿ ਇਸ ਦਾ ਨਿੱਜੀਕਰਣ ਨਹੀਂ ਕੀਤਾ



ਜਾਵੇਗਾ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ ਨੇ ਇਕ ਖਬਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇਹ ਪਲਾਂਟ ਆਰਥਿਕ ਸਾਲ 2025 ਦੇ ਅਖੀਰ ਤੱਕ ਨਿੱਜੀਕਰਿਤ ਹੋਣਾ ਯਕੀਨੀ ਲੱਗਦਾ ਹੈ। ਰਮੇਸ ਨੇ ਸੋਸਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ ਕਰ ਕੇ ਕਿਹਾ, "ਤੇਰਾ ਵਾਅਦਾ ਕੀ ਹੋਇਆ, ਉਹ ਕਸਮ, ਉਹ ਇਰਾਦਾ। ਇੰਝ ਲੱਗਦਾ ਹੈ ਕਿ ਬਸਤਰ ਦੇ ਐੱਨ.ਐੱਮ.ਡੀ.ਸੀ. (ਰਾਸਟਰੀ ਖਣਿਜ ਵਿਕਾਸ ਨਿਗਮ) ਦੇ ਆਇਰਨ ਪਲਾਂਟ ਦਾ ਆਰਥਿਕ ਸਾਲ 2025 ਦੇ ਅਖੀਰ ਤੱਕ ਨਿੱਜੀਕਰਣ ਯਕੀਨੀ ਹੈ। ਇਸ ਦੀ ਕ੍ਰੋਨੋਲੋਜੀ ਸਮਝੋ।" ਉਨ੍ਹਾਂ ਨੇ ਦਾਅਵਾ ਕੀਤਾ, "3 ਅਕਤੂਬਰ 2023 ਨੂੰ 'ਨਾਨ-ਬਾਇਓਲੋਜੀਕਲ' ਪ੍ਰਧਾਨ ਮੰਤਰੀ ਨੇ ਆਇਰਨ ਪਲਾਂਟ ਦਾ ਉਦਘਾਟਨ ਕੀਤਾ ਸੀ। ਇਸ ਮੌਕੇ ਤੇ ਉਨ੍ਹਾਂ ਨੇ ਵਾਅਦਾ ਕੀਤਾ ਸੀ ਕਿ ਨਗਰਨਾਰ ਆਇਰਨ ਪਲਾਂਟ ਬਸਤਰ ਦੇ ਲੋਕਾਂ ਦੀ ਜਾਇਦਾਦ ਹੈ ਅਤੇ ਉਨ੍ਹਾਂ ਦੀ ਹੀ ਰਹੇਗੀ। ਸਵੈ-ਐਲਾਨੇ ਚਾਣਕਿਆ ਨੇ 19 ਅਕਤੂਬਰ 2023 ਨੂੰ ਪ੍ਰਧਾਨ ਮੰਤਰੀ ਦੇ ਵਾਅਦੇ ਨੂੰ ਦੁਹਰਾਇਆ ਸੀ ਕਿ ਐੱਨ.ਐੱਮ.ਡੀ.ਸੀ. ਦੇ ਬਸਤਰ ਆਇਰਨ ਪਲਾਂਟ ਦਾ ਨਿੱਜੀਕਰਣ ਨਹੀਂ ਕੀਤਾ ਜਾਵੇਗਾ।" ਰਮੇਸ ਨੇ ਕਿਹਾ ਕਿ ਛੱਤੀਸਗੜ੍ਹ 'ਚ ਇਸ ਗੱਲ 'ਤੇ ਆਮ ਰਾਏ ਬਣ ਗਈ ਹੈ ਕਿ ਆਇਰਨ ਪਲਾਂਟ ਨੂੰ ਨਹੀਂ ਵੇਚਿਆ ਜਾਣਾ ਚਾਹੀਦਾ। ਉਨ੍ਹਾਂ ਦੇ ਅਨੁਸਾਰ, "ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਪੁਰਾਣੇ ਮੁੱਖ ਮੰਤਰੀ ਰਮਨ ਸਿੰਘ ਨੇ ਅਪ੍ਰੈਲ 2017 'ਚ ਪ੍ਰਧਾਨ ਮੰਤਰੀ ਨੂੰ ਪਲਾਂਟ ਦੇ ਨਿੱਜੀਕਰਣ 'ਤੇ ਇਤਰਾਜ ਲਗਾਇਆ ਸੀ। ਪੁਰਾਣੇ ਮੁੱਖ ਮੰਤਰੀ ਭੂਪੇਸ਼ ਬਘੇਲ ਨੇ ਕਈ ਮੌਕਿਆਂ 'ਤੇ ਨਿੱਜੀਕਰਣ ਨੂੰ ਲੈ ਕੇ ਇਤਰਾਜ ਲਗਾਇਆ ਅਤੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖੇ। ਕਾਂਗਰਸ ਦੇ ਜਨਰਲ ਸਕੱਤਰ ਨੇ ਕਿਹਾ, "ਨੀਤੀ ਆਯੋਗ ਦੀ 21 ਫਰਵਰੀ 2021 ਦੀ ਮੀਟਿੰਗ 'ਚ ਭੂਪੇਸ ਬਘੇਲ ਨੇ ਪ੍ਰਧਾਨ ਮੰਤਰੀ ਦੇ ਸਾਹਮਣੇ ਇਹ ਮਤਾ ਰੱਖਿਆ ਸੀ ਕਿ ਸੂਬਾ ਸਰਕਾਰ ਪਲਾਂਟ ਦੇ ਸੰਚਾਲਨ ਦੀ ਜ਼ਿੰਮੇਵਾਰੀ ਲੈਣ ਲਈ ਤਿਆਰ ਹੈ।" ਰਮੇਸ ਨੇ ਦਾਅਵਾ ਕੀਤਾ, "ਸੂਬੇ ਦੇ ਸਿਆਸੀ ਲੀਡਰਸ਼ਿਪ ਦੀਆਂ ਗੱਲਾਂ 'ਤੇ ਧਿਆਨ ਨਾ ਦੇਣ ਅਤੇ ਆਪਣੇ ਵਾਅਦਿਆਂ ਤੋਂ ਮੁੜਨ ਦੇ ਬਾਅਦ, 'ਨਾਨ-ਬਾਇਓਲੋਜੀਕਲ' ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੀ ਸਰਕਾਰ ਹੁਣ ਨਗਰਨਾਰ ਆਇਰਨ ਪਲਾਂਟ ਨੂੰ ਵੇਚਣ ਦੀ ਯੋਜਨਾ ਨੂੰ ਅੰਤਿਮ ਰੂਪ ਦੇ ਰਹੀ ਹੈ।

# ਪੁਲਾੜ 'ਚ ਫਸੀ ਸੁਨੀਤਾ ਵਿਲੀਅਮਜ ਨੂੰ ਹੋਈ ਗੰਭੀਰ ਬੀਮਾਰੀ

**ਸਰਦੂਲ ਸਿੰਘ**

ਨਿਊਯਾਰਕ 18 ਅਗਸਤ। ਅਜੇ ਤੱਕ ਕੋਈ ਨਿਸਚਿਤ ਤਰੀਕ ਨਹੀਂ ਹੈ ਕਿ ਭਾਰਤੀ-ਅਮਰੀਕੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ ਅਤੇ ਬੁਚ ਵਿਲਮੋਰ ਅੰਤਰਰਾਸਟਰੀ ਪੁਲਾੜ ਸਟੇਸਨ ਤੋਂ ਧਰਤੀ 'ਤੇ ਕਦੋਂ ਵਾਪਸ ਆਉਣਗੇ। ਦੋਵਾਂ ਪੁਲਾੜ ਯਾਤਰੀਆਂ ਨੂੰ ਵਾਪਸ ਲਿਆਉਣ ਲਈ ਸਾਰੇ ਯਤਨ ਕੀਤੇ ਜਾ ਰਹੇ ਹਨ। ਇਸ ਦੌਰਾਨ, ਸਪੇਸ ਸਟੇਸਨ ਵਿੱਚ ਸੁਨੀਤਾ ਵਿਲੀਅਮਜ ਦੀ ਸਿਹਤ ਨੂੰ ਲੈ ਕੇ ਇੱਕ ਚਿੰਤਾਜਨਕ ਗੱਲ ਸਾਹਮਣੇ ਆਈ ਹੈ। ਸੁਨੀਤਾ ਵਿਲੀਅਮਜ ਮਾਈਕ੍ਰੋ ਗ੍ਰੈਵਿਟੀ ਦੇ ਲੰਬੇ ਸਮੇਂ ਤੱਕ ਸੰਪਰਕ ਵਿੱਚ ਰਹਿਣ ਕਾਰਨ ਅੱਖਾਂ ਦੀ ਦ੍ਰਿਸਟੀ ਨਾਲ ਸਬੰਧਤ ਬਿਮਾਰੀ ਤੋਂ ਪੀੜਤ ਹੈ।ਪੁਲਾੜ ਯਾਤਰੀ ਸੁਨੀਤਾ ਵਿਲੀਅਮਸ ਇਸ ਸਮੇਂ ਸਪੇਸਫਲਾਈਟ ਐਸੋਸੀਏਟਿਡ ਨਿਊਰੋ ਓਕੂਲਰ ਸਿੰਡਰੋਮ ਨਾਂ ਦੀ ਬੀਮਾਰੀ ਤੋਂ ਪੀੜਤ ਹੈ। ਇਹ ਬਿਮਾਰੀ ਸਰੀਰ ਵਿੱਚ ਤਰਲ ਦੀ ਵੰਡ ਨੂੰ ਪ੍ਰਭਾਵਿਤ ਕਰਦੀ ਹੈ। ਇਸ ਨਾਲ ਨਜਰ ਨਾਲ ਸਬੰਧਤ ਸਮੱਸਿਆਵਾਂ ਜਿਵੇਂ ਧੁੰਦਲਾ ਨਜਰ ਆਉਣਾ ਅਤੇ ਅੱਖਾਂ ਦੀ ਬਣਤਰ ਵਿੱਚ ਬਦਲਾਅ ਆਉਂਦਾ ਹੈ। ਉਸਦਾ ਕੋਰਨੀਆ, ਰੈਟੀਨਾ ਅਤੇ ਲੈਂਸ ਹੁਣੇ ਹੀ ਸਕੈਨ ਕੀਤੇ ਗਏ ਹਨ। ਤਾਂ ਜੋ ਉਨ੍ਹਾਂ ਦੀ ਹਾਲਤ ਦੀ ਗੰਭੀਰਤਾ ਦਾ ਪਤਾ ਲਗਾਇਆ ਜਾ ਸਕੇ। ਸੁਨੀਤਾ ਵਿਲੀਅਮਜ ਨੇ ਬੋਇੰਗ ਸਟਾਰਲਾਈਨਰ ਪੁਲਾੜ ਯਾਨ 'ਤੇ ਸਵਾਰ ਹੋ ਕੇ 6 ਜੂਨ 2024 ਨੂੰ ਅੰਤਰਰਾਸਟਰੀ ਪੁਲਾੜ ਸਟੇਸਨ ਲਈ ਅੱਠ ਦਿਨਾਂ ਦੇ ਮਿਸਨ 'ਤੇ ਸੁਰੂਆਤ ਕੀਤੀ। ਹਾਲਾਂਕਿ, ਸੁਨੀਤਾ ਅਤੇ ਉਸ ਦੇ ਸਹਿ-ਪੁਲਾੜ ਯਾਤਰੀ ਵਿਲਮੋਰ ਆਪਣੇ ਪੁਲਾੜ ਯਾਨ ਵਿੱਚ ਤਕਨੀਕੀ ਖਰਾਬੀ ਕਾਰਨ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਅੰਤਰਰਾਸਟਰੀ ਪੁਲਾੜ ਸਟੇਸਨ () 'ਤੇ ਫਸੇ ਹੋਏ ਹਨ ਪੁਲਾੜ ਯਾਤਰੀਆਂ ਨੂੰ ਵਾਪਸ



ਲਿਆਉਣ ਦੀ ਕੀ ਯੋਜਨਾ ਹੈ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਨਾਸਾ ਦੇ ਇਕ ਅਧਿਕਾਰੀ ਨੇ ਕਿਹਾ ਕਿ ਸਟਾਰਲਾਈਨਰ ਦੇ ਪੁਲਾੜ ਯਾਤਰੀਆਂ ਸੁਨੀਤਾ ਵਿਲੀਅਮਸ ਅਤੇ ਬੈਰੀ ਵਿਲਮੋਰ ਨੂੰ ਪੁਲਾੜ ਤੋਂ ਵਾਪਸ ਲਿਆਉਣ ਲਈ ਹਰ ਸੰਭਵ ਵਿਕਲਪ 'ਤੇ ਵਿਚਾਰ ਕੀਤਾ ਜਾ ਰਿਹਾ ਹੈ। ਨਾਸਾ ਨੇ ਜਿਨ੍ਹਾਂ ਵਿਕਲਪਾਂ 'ਤੇ ਵਿਚਾਰ ਕੀਤਾ ਹੈ, ਉਨ੍ਹਾਂ ਵਿੱਚੋਂ ਮੁੱਖ ਵਿਕਲਪ ਫਰਵਰੀ 2025 ਤੱਕ ਦੋਵਾਂ ਪੁਲਾੜ ਯਾਤਰੀਆਂ ਨੂੰ ਧਰਤੀ 'ਤੇ ਵਾਪਸ ਲਿਆਉਣਾ ਹੈ। ਜੇਕਰ ਨਾਸਾ ਇਸ ਵਿਕਲਪ ਦਾ ਪਿੱਛਾ ਕਰਦਾ ਹੈ, ਤਾਂ ਦੋਵਾਂ ਨੂੰ ਸਟਾਰਲਾਈਨਰ ਦੀ ਵਰਤੋਂ ਕਰਨ ਦੀ ਬਜਾਏ ਐਲੋਨ ਮਸਕ ਦੇ ਸਪੇਸਐਕਸ ਰਾਹੀਂ ਵਾਪਸ ਲਿਆਂਦਾ ਜਾਵੇਗਾ। ਹਾਲਾਂਕਿ, ਨਾਸਾ ਅਜੇ ਵੀ ਸਟਾਰਲਾਈਨਰ ਦੀ ਵਰਤੋਂ ਕਰਦੇ ਹੋਏ ਬੁਚ ਅਤੇ ਸੁਨੀਤਾ ਨੂੰ ਵਾਪਸ ਕਰਨ 'ਤੇ ਕੰਮ ਕਰ ਰਿਹਾ ਹੈ, ਪਰ ਜੇਕਰ ਅਜਿਹਾ ਸੰਭਵ ਨਹੀਂ ਹੈ, ਤਾਂ ਨਾਸਾ ਸਪੇਸਐਕਸ ਦੇ ਨਾਲ ਕਰੂ 9 ਨੂੰ ਸਪੇਸ ਮਿਸਨ 'ਤੇ ਲਾਂਚ ਕਰਨ ਲਈ ਕੰਮ ਕਰ ਰਿਹਾ ਹੈ। ਜੇਕਰ ਲੋੜ ਪਈ ਤਾਂ ਅਸੀਂ ਸੁਨੀਤਾ ਅਤੇ ਬੁਚ ਨੂੰ ਸੁਰੱਖਿਅਤ ਢੰਗ ਨਾਲ ਧਰਤੀ 'ਤੇ ਵਾਪਸ ਲਿਆਉਣ ਦੇ ਮਿਸਨ ਵਿੱਚ ਸਾਮਲ ਕਰਨ ਬਾਰੇ ਸੋਚ ਰਹੇ ਹਾਂ।ਅਤੇ ਲੰਬੇ ਸਮੇਂ ਤੱਕ ਸਪੇਸ ਵਿੱਚ ਰਹਿਣਾ ਖਤਰਨਾਕ ਹੈ।ਜਦੋਂ ਨਾਸਾ ਨੇ ਦੋਵਾਂ ਪੁਲਾੜ ਯਾਤਰੀਆਂ ਨੂੰ ਵਾਪਸ ਲਿਆਉਣ ਦਾ ਸਮਾਂ 90 ਦਿਨਾਂ ਦਾ ਵਧਾ ਦਿੱਤਾ, ਤਾਂ ਇਸ ਨੇ ਕਿਹਾ ਕਿ ਕਿਉਂਕਿ ਪੁਲਾੜ ਯਾਤਰੀਆਂ ਕੋਲ ਲੋੜੀਂਦਾ ਰਾਸਨ ਹੈ, ਉਨ੍ਹਾਂ ਨੂੰ ਪੁਲਾੜ ਵਿੱਚ ਖਾਣ-ਪੀਣ ਦੀ ਕੋਈ ਸਮੱਸਿਆ ਨਹੀਂ ਹੋਵੇਗੀ। ਪਰ ਪੁਲਾੜ ਵਿੱਚ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪੁਲਾੜ ਵਿੱਚ ਰੇਡੀਏਸਨ ਦਾ ਖਤਰਾ ਜ਼ਿਆਦਾ ਹੁੰਦਾ ਹੈ ਜੋ ਪੁਲਾੜ ਯਾਤਰੀਆਂ ਦੇ ਸਰੀਰ ਨੂੰ ਨੁਕਸਾਨ ਪਹੁੰਚਾ ਸਕਦਾ ਹੈ। ਨਾਲ ਹੀ ਸਪੇਸ 'ਚ ਗੰਭੀਰਤਾ ਦੀ ਕਮੀ, ਚਿਹਰੇ 'ਤੇ ਸੋਜ, ਖੂਨ ਦੀ ਕਮੀ ਨਾਲ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਹੋ ਸਕਦੀਆਂ ਹਨ।

## ਆਜਾਦੀ ਦਿਹਾੜੇ 'ਤੇ ਸਖਤ ਮਿਹਨਤ ਤੇ ਈਮਾਨਦਾਰੀ ਨਾਲ ਡਿਊਟੀ ਕਰਨ 4 ਪੁਲਸ ਅਧਿਕਾਰੀ ਹੋਣਗੇ ਸਨਮਾਨਿਤ

ਅੰਮ੍ਰਿਤਸਰ 17 ਅਗਸਤ। ਅਜਾਦੀ ਦਿਹਾੜੇ ਮੌਕੇ ਪੁਲਸ ਪੰਜਾਬ ਵਿਚ ਆਪਣੀ ਡਿਊਟੀ ਸਖਤ ਮਿਹਨਤ, ਲਗਨ ਅਤੇ ਈਮਾਨਦਾਰੀ ਨਾਲ ਨਿਭਾਉਣ ਵਾਲੇ ਚਾਰ ਪੁਲਸ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ, ਜਿਨ੍ਹਾਂ ਵਿਚ ਮਹਿਲਾ ਇੰਸਪੈਕਟਰ ਅਮਨਜੋਤ ਕੌਰ ਇੰਚਾਰਜ ਥਾਣਾ ਵੇਰਕਾ ਵੀ ਸਾਮਲ ਹੈ, ਜਿਨ੍ਹਾਂ ਬਹਾਦਰੀ ਨਾਲ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਸਮਾਜ ਵਿਰੋਧੀ ਅਨਸਰਾਂ ਨਾਲ ਮੁਕਾਬਲਾ ਕੀਤਾ ਸੀ।ਇਸ ਤੋਂ ਇਲਾਵਾ ਪੁਲਸ ਚੌਕੀ ਅੰਨਗੜ੍ਹ ਦੇ ਇੰਚਾਰਜ ਐੱਸ. ਆਈ. ਬਲਵਿੰਦਰ ਸਿੰਘ ਨੂੰ ਵੀ ਸਨਮਾਨਿਤ ਕੀਤਾ ਜਾ ਰਿਹਾ ਹੈ। ਐੱਸ. ਆਈ. ਬਲਵਿੰਦਰ ਸਿੰਘ ਨੇ ਹਾਲ ਹੀ ਵਿਚ 4 ਕਿਲੋ ਹੈਰੋਇਨ ਅਤੇ 3 ਲੱਖ ਰੁਪਏ




ਦੀ ਡਰੱਗ ਮਨੀ ਦੀ ਬਰਾਮਦਗੀ ਵਿਚ ਅਹਿਮ ਭੂਮਿਕਾ ਨਿਭਾਈ ਹੈ। ਇਸੇ ਤਰ੍ਹਾਂ ਏ. ਐੱਸ. ਆਈ. ਅਸਵਨੀ ਕੁਮਾਰ ਚੌਂਕੀ ਕੋਟ ਖਾਲਸਾ ਦੇ ਇੰਚਾਰਜ ਨੇ ਫਰਵਰੀ 2024 ਵਿੱਚ 10 ਕਿਲੋ ਹੈਰੋਇਨ, 1 ਕਿਲੋ ਨਸੀਲੇ ਪਦਾਰਥ, 15 ਹਥਿਆਰ ਅਤੇ ਕਰੀਬ 50 ਨਸੇੜੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਇਸੇ ਤਰ੍ਹਾਂ ਕਾਂਸਟੇਬਲ ਕਰਤਾਰ ਸਿੰਘ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ, ਜਿਨ੍ਹਾਂ ਵੱਲੋਂ ਐੱਨ. ਡੀ. ਪੀ. ਐੱਸ. ਐਕਟ ਦੇ ਕੇਸਾਂ ਵਿਚ ਅਹਿਮ ਭੂਮਿਕਾ ਨਿਭਾਈ। ਦੂਜੇ ਪਾਸੇ ਮਹਿਲਾ ਸੀਨੀਅਰ ਕਾਂਸਟੇਬਲ ਸੰਦੀਪ ਕੌਰ ਸੀ. ਆਈ. ਏ. ਸਟਾਫ ਨੂੰ ਸਮਾਜ ਵਿਰੋਧੀ ਅਨਸਰਾਂ ਖਿਲਾਫ ਕਾਰਵਾਈ ਕਰਨ ਲਈ ਸਨਮਾਨਿਤ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਪੁਲਸ ਕਮਿਸਨਰ ਰਣਜੀਤ ਸਿੰਘ ਢਿੱਲੋਂ ਨੇ ਦਿੱਤੀ।

## ਪੀ. ਐੱਸ. ਪੀ. ਸੀ. ਐੱਲ. ਵੱਲੋਂ 151 ਕਰੋੜ ਰੁਪਏ ਦੇ ਵੱਡੇ ਅੱਪਗ੍ਰੇਡੇਸਨ ਕਾਰਜ ਕੀਤੇ ਮੁਕੰਮਲ : ਈ. ਟੀ. ਓ.

ਚੰਡੀਗੜ੍ਹ/ਜਲੰਧਰ 17 ਅਗਸਤ। ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਪੀ. ਐੱਸ. ਪੀ. ਸੀ. ਐੱਲ. ਵੱਲੋਂ ਪਾਵਰ ਟਰਾਂਸਮਿਸਨ ਨੈੱਟਵਰਕ 'ਚ ਜਨਵਰੀ 2024 ਤੋਂ ਹੁਣ ਤੱਕ ਵੱਡੇ ਅੱਪਗ੍ਰੇਡੇਸਨ ਕਾਰਜਾਂ ਨੂੰ ਸਫਲਤਾਪੂਰਵਕ ਪੂਰਾ ਕਰਨ ਦਾ ਐਲਾਨ ਕੀਤਾ, ਜਿਸ ਦੀ ਸੰਯੁਕਤ



ਅਨੁਮਾਨਿਤ ਲਾਗਤ 151 ਕਰੋੜ ਰੁਪਏ ਹੈ। ਇਹ ਪ੍ਰਾਪਤੀ ਭਰੋਸੇਮੰਦ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਵੱਲ ਮਹਤਵਪੂਰਨ ਕਦਮ ਹੈ। ਇਹ ਪ੍ਰਗਟਾਵਾ ਕਰਦਿਆਂ ਬਿਜਲੀ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਪਾਵਰ ਕਾਰਪੋਰੇਸਨ ਲਿਮਟਿਡ (ਪੀ. ਐੱਸ. ਪੀ. ਸੀ. ਐੱਲ.) ਨੇ ਤਿੰਨ ਨਵੇਂ 66 ਕੇ.ਵੀ. ਗਰਿੱਡ ਸਬ ਸਟੇਸਨ ਚਾਲੂ ਕੀਤੇ ਹਨ। ਇਸ ਤੋਂ ਇਲਾਵਾ 32 ਪਾਵਰ ਟ੍ਰਾਂਸਫਾਰਮਰਾਂ ਦੇ ਵਾਧੇ ਦੇ ਨਤੀਜੇ ਵਜੋਂ ਸਮਰੱਥਾ 'ਚ 277 ਐੱਮ. ਵੀ. ਏ. ਦਾ ਵਾਧਾ ਹੋਇਆ ਹੈ। ਪੰਜ ਨਵੇਂ ਪਾਵਰ ਟਰਾਂਸਫਾਰਮਰ ਵੀ ਲਗਾਏ ਗਏ ਹਨ, ਜਿਨ੍ਹਾਂ ਸਦਕਾ 77.5 ਐੱਮ.ਵੀ.ਏ. ਦੀ ਵਾਧੂ ਸਮਰੱਥਾ ਦਾ ਯੋਗਦਾਨ ਪਿਆ ਹੈ। ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਪੀ. ਐੱਸ. ਪੀ. ਸੀ. ਐੱਲ. ਦਾ ਮਕਸਦ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਤਕਨੀਕੀ ਤਰੱਕੀ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਟਿਕਾਊ ਬਿਜਲੀ ਸਪਲਾਈ ਨੂੰ ਯਕੀਨੀ ਬਣਾ ਕੇ ਸੂਬੇ ਦੀਆਂ ਵੱਧ ਰਹੀਆਂ ਊਰਜਾ ਮੰਗਾਂ ਨੂੰ ਪੂਰਾ ਕਰਨਾ ਹੈ।

# ਮੰਤਰੀ ਚੇਤਨ ਜੌੜਾਮਾਜਰਾ ਨੇ ਆਜਾਦ ਹਿੰਦ ਫੌਜ ਦੇ ਆਜਾਦੀ ਘੁਲਾਟੀਏ ਬਿਹਾਰਾ ਸਿੰਘ ਨੂੰ ਮਿਲ ਕੇ ਲਿਆ ਆਸ਼ੀਰਵਾਦ

**ਕਿਸ਼ਨ ਪਾਲ**

ਬੁਢਲਾਡਾ 17 ਅਗਸਤ। ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਜ਼ਿਲ੍ਹੇ ਦੇ ਪਿੰਡ ਮੱਲ ਸਿੰਘ ਵਾਲਾ ਵਿਖੇ ਸੁਤੰਤਰਤਾ ਸੰਗਰਾਮੀਏ ਅਤੇ ਆਜ਼ਾਦ ਹਿੰਦ ਫੌਜ ਵਿਚ ਅੰਗਰੇਜਾਂ ਵਿਰੁੱਧ ਲੜਾਈ ਲੜਨ ਤੇ ਵਿਦੇਸ਼ਾਂ 'ਚ ਜੇਲ੍ਹਾਂ ਕੱਟਣ ਵਾਲੇ ਬਿਹਾਰਾ ਸਿੰਘ ਨੂੰ ਉਨ੍ਹਾਂ ਦੇ ਘਰ ਜਾ ਕੇ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਪੈਰ ਛੂਹ ਕੇ ਆਸ਼ੀਰਵਾਦ ਲਿਆ। ਉਨ੍ਹਾਂ ਕਿਹਾ ਕਿ ਆਜ਼ਾਦੀ ਘੁਲਾਟੀਏ ਸਾਡੇ ਦੇਸ਼ ਦਾ ਸਰਮਾਇਆ ਹਨ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸੰਭਾਲ ਲਈ ਵਚਨਬੱਧ ਹੈ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਬੁਢਲਾਡਾ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਪ੍ਰਿੰਸੀਪਲ ਬੁੱਧ ਰਾਮ, ਵਿਧਾਇਕ ਸਰਦੂਲਗੜ੍ਹ ਗੁਰਪ੍ਰੀਤ ਸਿੰਘ ਬਣਾਂਵਾਲੀ, ਡਿਪਟੀ ਕਮਿਸ਼ਨਰ ਪਰਮਵੀਰ ਸਿੰਘ, ਐੱਸ.ਐੱਸ.ਪੀ. ਭਾਗੀਰਥ ਮੀਨਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਦੀ ਕੁਰਬਾਨੀ ਸਾਡੇ ਲਈ ਹਮੇਸ਼ਾ ਪ੍ਰੇਰਣਾ ਦਾ ਸਰੋਤ ਬਣੀ ਰਹੇਗੀ। ਪੰਜਾਬ ਸਰਕਾਰ ਆਜ਼ਾਦੀ ਦੇ ਪ੍ਰਵਾਨਿਆਂ



ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਆਜ਼ਾਦੀ ਘੁਲਾਟੀਆਂ ਦੇ ਸਿਦਕ ਅਤੇ ਜਜ਼ਬੇ ਪ੍ਰਤੀ ਡੂੰਘੀ ਸ਼ਰਧਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਪੰਜਾਬ ਲਈ ਮਾਣ ਦਾ ਸਬੱਬ ਹਨ। ਇਨ੍ਹਾਂ ਸੂਰਵੀਰਾਂ ਦੇ ਅਦੁੱਤੀ ਸਮਰਪਣ ਅਤੇ ਲਾਸਾਨੀ ਯੋਗਦਾਨ ਨੇ ਪੰਜਾਬੀਆਂ ਨੂੰ ਭਾਰਤ ਦੇ ਸੁਤੰਤਰਤਾ ਸੰਗਰਾਮ ਵਿਚ ਮੂਹਰਲੀਆਂ ਸਫਾਂ ਵਿਚ ਲਿਆ ਖੜ੍ਹਾ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕੋਈ ਵੀ ਸਨਮਾਨ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ ਦੇ ਤੁਲ ਨਹੀਂ ਹੈ ਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਨ੍ਹਾਂ ਨੂੰ ਸਨਮਾਨਿਤ ਕਰਨ ਲਈ ਪੂਰੀ ਸੁਹਿਰਦਤਾ ਨਾਲ ਵਚਨਬੱਧ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਨਿਰਮਲ ਓਸੇਪਚਨ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਮਿਤ ਬੈਂਬੀ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸ੍ਰ ਚਰਨਜੀਤ ਸਿੰਘ ਅੱਕਾਂਵਾਲੀ, ਚੇਅਰਮੈਨ ਮਾਰਕਿਟ ਕਮੇਟੀ ਬੁਢਲਾਡਾ ਸਤੀਸ਼ ਸਿੰਗਲਾ,ਸੋਹਣਾ ਸਿੰਘ ਕਲੀਪੁਰ ਚੇਅਰਮੇਨ ਸੈਂਟਰਲ ਕੋਆਪਰੇਟਿਵ ਬੈਂਕ, ਜਸਪਾਲ ਸਿੰਘ ਮੱਲ ਸਿੰਘ ਵਾਲਾ, ਬਲਦੇਵ ਸਿੰਘ ਅੱਕਾਂਵਾਲੀ ਵੀ ਮੌਜੂਦ ਸਨ।

## ਪੰਜਾਬ ਸਰਕਾਰ ਵਲੋਂ ਦੋ ਸਾਲਾਂ 'ਚ ਖਿਡਾਰੀਆਂ ਨੂੰ 75 ਕਰੋੜ ਦੀ ਨਗਦ ਇਨਾਮ ਰਾਸ਼ੀ ਵੰਡੀ ਗਈ: ਵਿਧਾਇਕ ਸ਼ੈਰੀ ਕਲਸੀ

ਬਟਾਲਾ 17 ਅਗਸਤ। ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵੀ ਵਚਨਬੱਧ ਹੈ। ਕੌਮੀ ਤੇ ਕੌਮਾਂਤਰੀ ਪੱਧਰ 'ਤੇ ਮੱਲਾਂ ਮਾਰਨ ਵਾਲੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਅਤੇ ਇਨਾਮਾਂ ਨਾਲ ਨਿਵਾਜਿਆ ਜਾ ਰਿਹਾ ਹੈ। ਇਹ ਪ੍ਰਗਟਾਵਾ ਕਰਦਿਆਂ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਹਾਲ ਵੀ ਵਿੱਚ ਉਲੰਪਿਕ ਖੇਡਾਂ ਵਿੱਚ ਕਾਂਸੀ ਦਾ ਤਮਗ਼ਾ ਜਿੱਤ ਕੇ ਆਈ ਭਾਰਤੀ ਹਾਕੀ ਟੀਮ ਦੇ ਪੰਜਾਬੀ ਖਿਡਾਰੀਆਂ ਨੂੰ ਮੁੱਖ



ਮੰਤਰੀ ਨੇ ਇਕ-ਇਕ ਕਰੋੜ ਰੁਪਏ ਦੇ ਇਨਾਮ ਦੇਣ ਦਾ ਐਲਾਨ ਕੀਤਾ ਹੈ। ਹਾਕੀ ਟੀਮ ਵਿੱਚ ਕਪਤਾਨ ਹਰਮਨਪ੍ਰੀਤ ਸਿੰਘ ਤੇ ਵਾਈਸ ਕਪਤਾਨ ਸਮੇਤ 10 ਖਿਡਾਰੀ ਪੰਜਾਬ ਤੋਂ ਹਨ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਸ ਤੋਂ ਪਹਿਲਾਂ 11 ਨਾਮੀ ਖਿਡਾਰੀਆਂ ਨੂੰ ਪੀ.ਸੀ.ਐੱਸ. ਅਤੇ ਡੀ.ਐੱਸ.ਪੀ. ਦੀ ਨੌਕਰੀ ਦਿੱਤੀ ਗਈ ਹੈ। ਇਹ ਵੀ ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਨੇ ਓਲੰਪਿਕ ਖੇਡਾਂ ਤੇ ਏਸ਼ੀਅਨ ਖੇਡਾਂ ਵਿੱਚ ਹਿੱਸਾ ਲੈਣ ਗਏ ਖਿਡਾਰੀਆਂ ਨੂੰ ਤਿਆਰੀ ਲਈ ਕ੍ਰਮਵਾਰ 15 ਲੱਖ ਅਤੇ 8 ਲੱਖ ਰੁਪਏ ਪ੍ਰਤੀ ਖਿਡਾਰੀ ਦਿੱਤੇ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪਿਛਲੇ ਦੋ ਸਾਲਾਂ ਵਿੱਚ 24164 ਖਿਡਾਰੀਆਂ ਨੂੰ 75 ਕਰੋੜ ਰੁਪਏ ਦੀ ਨਗਦ ਇਨਾਮ ਰਾਸ਼ੀ ਵੰਡੀ ਗਈ। ਉਨਾਂ ਦੱਸਿਆ ਕਿ ਪੰਜਾਬ ਨੂੰ ਮੁੜ ਖੇਡਾਂ ਵਿੱਚ ਮੋਹਰੀ ਸੂਬਾ ਬਣਾਉਣ ਲਈ ਸਾਲ 2023 ਵਿੱਚ ਨਵੀਂ ਖੇਡ ਨੀਤੀ ਬਣਾਈ ਗਈ। ਨਵੀਂ ਖੇਡ ਨੀਤੀ ਤਹਿਤ 1000 ਖੇਡ ਨਰਸਰੀ ਸਥਾਪਤ ਕੀਤੀਆਂ ਜਾ ਰਹੀਆਂ ਹਨ, ਜਿਸ ਦੀ ਸ਼ੁਰੂਆਤ ਪਹਿਲੇ ਫੇਜ਼ ਵਿੱਚ 260 ਨਰਸਰੀਆਂ ਤੋਂ ਹੋ ਚੁੱਕੀ ਹੈ।

# ਰੇਲਵੇ ਸਟੇਸ਼ਨ 'ਤੇ 2 ਦੋਸਤਾਂ ਨੂੰ ਛੱਡਣ ਗਏ ਨੌਜਵਾਨ ਨਾਲ ਵਾਪਰੀ ਅਣਹੋਣੀ

ਬਰਨਾਲਾ 18 ਅਗਸਤ। ਕਾਰ ਅਤੇ ਮੋਟਰਸਾਈਕਲ ਦੀ ਟੱਕਰ 'ਚ 2 ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਥਾਣਾ ਸਿਟੀ 2 ਬਰਨਾਲਾ ਵਿਖੇ ਮੁੱਦਈ ਇਸਤਿਆਗ ਪੁੱਤਰ ਸਤਾਰ ਵਾਸੀ ਗੀਤਾ ਟਰੇਡਰਜ਼ ਫੈਕਟਰੀ ਹੰਡਿਆਇਆ ਰੋਡ ਸਾਹਮਣੇ ਇਕ ਪੈਲੇਸ ਬਰਨਾਲਾ ਨੇ ਬਿਆਨ ਦਰਜ ਕਰਵਾਏ ਕਿ ਮੈਂ ਆਪਣੇ ਦੋ ਦੋਸਤ ਮੁਹੰਮਦ ਅਹਿਮਦ ਪੁੱਤਰ ਨਸੀਮ ਅਹਿਮ ਵਾਸੀ ਗਰਾਮ ਮਿੱਠੂਪੁਰ ਥਾਣਾ ਸ਼ਿਵਹਾਰਾ ਅਤੇ ਬੰਦੂ ਪੁੱਤਰ ਨਿਸਾਰ ਅਹਿਮਦ ਵਾਸੀ ਲੰਢਾਪੁਰ ਥਾਣਾ ਬਜਨੌਰ ਯੂ. ਪੀ. ਦੋਵੇਂ ਹਾਲ ਆਬਾਦ ਗੀਤਾ ਟਰੇਡਜ਼ ਫੈਕਟਰੀ ਹੰਡਿਆਇਆ ਰੋਡ ਸਾਹਮਣੇ ਸਿੰਮੀ ਪੈਲੇਸ ਬਰਨਾਲਾ ਨੂੰ ਜਦੋਂ ਮੋਟਰਸਾਈਕਲ 'ਤੇ ਰੇਲਵੇ ਸਟੇਸ਼ਨ ਛੱਡਣ ਗਿਆ ਸੀ। ਇਸ ਦੌਰਾਨ ਟਰੇਨ ਲੇਟ ਹੋਣ ਕਾਰਨ ਅਸੀਂ ਵਾਪਸ ਆ ਰਹੇ ਸੀ ਤਾਂ ਹੀਰੋ ਏਜੰਸੀ ਹੰਡਿਆਇਆ ਰੋਡ ਦੇ ਨੇੜੇ ਸਾਹਮਣੇ ਤੋਂ ਆ ਰਹੀ ਇਕ ਕਾਰ ਨੇ ਮੋਟਰਸਾਈਕਲ 'ਚ ਟੱਕਰ ਮਾਰ ਦਿੱਤੀ, ਜਿਸ ਨਾਲ ਅਸੀਂ ਡਿੱਗ ਪਏ ਅਤੇ ਸਾਨੂੰ ਕਾਫੀ ਸੱਟਾਂ ਲੱਗੀਆਂ। ਇਸ ਦੌਰਾਨ ਹਸਪਤਾਲ ਦਾਖਲ ਹੋਣ 'ਤੇ ਡਾਕਟਰਾਂ ਨੇ ਮੇਰੇ ਦੋਵੇਂ ਉਕਤ ਦੋਸਤਾਂ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਮੇਰੇ ਸੱਟਾਂ ਜ਼ਿਆਦਾ ਹੋਣ ਕਾਰਨ ਮੈਨੂੰ ਗੁਰੂ ਗੋਬਿੰਦ ਸਿੰਘ ਹਸਪਤਾਲ ਫਰੀਦਕੋਟ ਰੈਫਰ ਕਰ ਦਿੱਤਾ।

## ਚਾਵਾਂ ਨਾਲ ਕੀਤੇ ਵਿਆਹ ਦਾ ਖੌਫਨਾਕ ਅੰਜਾਮ, ਮਾਪਿਆਂ ਦੇ ਜਵਾਨ ਪੁੱਤ ਨੇ ਜੋ ਕੀਤਾ ਕਿਸੇ ਨਾ ਸੋਚਿਆ ਸੀ

ਭਵਾਨੀਗੜ੍ਹ 17 ਅਗਸਤ। ਸਥਾਨਕ ਸ਼ਹਿਰ ਵਿਖੇ ਅੱਜ ਇਕ ਨੌਜਵਾਨ ਵੱਲੋਂ ਆਪਣੇ ਸਹੁਰੇ ਪਰਿਵਾਰ ਤੋਂ ਤੰਗ ਆ ਕੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਇਸ ਮਾਮਲੇ ਵਿਚ ਪੁਲਸ ਵੱਲੋਂ ਨੌਜਵਾਨ ਦੀ ਪਤਨੀ, ਸੱਸ ਅਤੇ ਵਿਚੋਲੇ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਬਸੰਤ ਸਿੰਘ ਦੇ ਪਿਤਾ ਪਿਆਰਾ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਰਾਮਪੁਰਾ ਰੋਡ ਨੇ ਦੱਸਿਆ ਕਿ ਉਸ ਦੇ 28 ਸਾਲਾ ਪੁੱਤਰ ਬਸੰਤ ਸਿੰਘ ਦਾ ਵਿਆਹ ਕਰੀਬ ਤਿੰਨ ਸਾਲ ਪਹਿਲਾ ਖੁਸ਼ਪ੍ਰੀਤ ਕੌਰ ਉਰਫ ਖੁਸ਼ੀ ਪੁੱਤਰੀ ਲਖਵੀਰ ਸਿੰਘ ਉਰਫ ਲੱਖਾ ਵਾਸੀ ਅਗੇਤਾ ਥਾਣਾ ਸਦਰ ਨਾਭਾ ਨਾਲ ਹੋਇਆ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਉਨ੍ਹਾਂ ਦੇ ਲੜਕੇ ਦੀ ਪਤਨੀ, ਸੱਸ ਤੇ ਵਿਚੋਲੇ ਵੱਲੋਂ ਕਥਿਤ ਤੌਰ 'ਤੇ ਲੜਕੇ ਨੂੰ ਬਹੁਤ ਜ਼ਿਆਦਾ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ। ਜਿਨ੍ਹਾਂ ਤੋਂ ਤੰਗ ਆ ਕੇ ਬੀਤੀ ਸ਼ਾਮ ਉਨ੍ਹਾਂ ਦੇ ਲੜਕੇ ਨੇ ਆਪਣੇ ਘਰ ਕਮਰੇ 'ਚ ਛੱਤ ਵਾਲੇ ਪੱਖੇ ਨਾਲ ਫਾਹਾ ਲੈ ਕੇ ਆਤਮ ਹੱਤਿਆ ਕਰ ਲਈ। ਪੁਲਸ ਨੇ ਪਿਆਰਾ ਸਿੰਘ ਦੇ ਬਿਆਨਾ ਦੇ ਅਧਾਰ 'ਤੇ ਮ੍ਰਿਤਕ ਦੀ ਪਤਨੀ ਖੁਸ਼ਪ੍ਰੀਤ ਕੌਰ ਉਰਫ ਖੁਸ਼ੀ, ਸੱਸ ਜੀਤ ਕੌਰ ਪਤਨੀ ਲਖਵੀਰ ਸਿੰਘ ਉਰਫ ਲੱਖਾ ਤੇ ਵਿਚੋਲੇ ਕਰਮਜੀਤ ਸਿੰਘ ਪੁੱਤਰ ਹਰੀ ਸਿੰਘ ਵਾਸੀ ਘਨੌੜ ਰਾਜਪੂਤਾ ਥਾਣਾ ਦਿੜਬਾ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਰਿਸ਼ਵਤ ਲੈਣ ਵਾਲੇ ਆਬਕਾਰੀ ਵਿਭਾਗ ਦੇ ਦੋ ਮੁਲਾਜ਼ਮਾਂ ਖਿਲਾਫ ਵਿਜੀਲੈਂਸ ਵੱਲੋਂ ਭ੍ਰਿਸ਼ਟਾਚਾਰ ਦਾ ਕੇਸ ਦਰਜ

**ਏਜੰਸੀਆਂ**

ਚੰਡੀਗੜ੍ਹ 17 ਅਗਸਤ। ਪੰਜਾਬ ਵਿਜੀਲੈਂਸ ਬਿਊਰੋ ਨੇ ਆਬਕਾਰੀ ਤੇ ਕਰ ਵਿਭਾਗ, ਪੰਜਾਬ ਦੇ ਕਪੂਰਥਲਾ ਵਿਖੇ ਤਾਇਨਾਤ ਦੋ ਕਰਮਚਾਰੀਆਂ ਜਤਿੰਦਰਪਾਲ ਸਿੰਘ, ਇੰਸਪੈਕਟਰ ਅਤੇ ਸੰਜੀਵ ਮਲਹੋਤਰਾ, ਕਲਰਕ ਵਿਰੁੱਧ 10,000 ਰੁਪਏ ਰਿਸ਼ਵਤ ਲੈਣ ਅਤੇ 20,000 ਰੁਪਏ ਦੀ ਹੋਰ ਰਿਸ਼ਵਤ ਮੰਗਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ। ਇਸ ਮੁਕੱਦਮੇ ਵਿਚ ਇੰਸਪੈਕਟਰ ਜਤਿੰਦਰਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਭਲਕੇ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਮੁਲਜ਼ਮਾਂ ਖ਼ਿਲਾਫ ਮੁਹੱਲਾ ਕਿਆਮਪੁਰਾ, ਕਪੂਰਥਲਾ ਸ਼ਹਿਰ ਦੇ ਵਸਨੀਕ ਨੀਰਜ ਸ਼ਰਮਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿਚ ਦੱਸਿਆ ਕਿ ਉਹ ਕਪੂਰਥਲਾ ਸ਼ਹਿਰ ਦੇ ਕਿਆਮਪੁਰਾ ਵਿਖੇ ਬਿਜਲੀ ਦੇ ਸਮਾਨ ਦੀ ਇਕ ਦੁਕਾਨ ਚਲਾ ਰਿਹਾ ਹੈ ਅਤੇ ਉਸਨੇ ਮਾਰਚ ਮਹੀਨੇ ਵਿਚ ਇੱਕ ਕੂਲਰ ਵੇਚਿਆ ਸੀ ਤੇ ਕਿਸੇ ਕਾਰਨ ਕੂਲਰ ਖ਼ਰੀਦਣ ਵਾਲੇ ਗਾਹਕ ਨਾਲ ਕੋਈ ਵਿਵਾਦ ਹੋ ਗਿਆ ਸੀ ਜਿਸ ਦੇ ਨਿਪਟਾਰੇ ਲਈ ਉਕਤ ਦੋਵੇਂ ਮੁਲਜ਼ਮਾਂ ਨੇ ਦਖਲ ਦਿੱਤਾ ਸੀ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਉਕਤ ਦੋਵੇਂ ਮੁਲਜ਼ਮਾਂ ਨੇ ਉਸ ਨੂੰ



ਮੋਬਾਈਲ ਫ਼ੋਨ 'ਤੇ ਆਪਣੇ ਲੇਖਾਕਾਰ ਨਾਲ ਦਫ਼ਤਰ ਆਉਣ ਲਈ ਕਿਹਾ ਜਿੱਥੇ ਉਕਤ ਬਿੱਲ ਵਿਚ ਬੇਨਿਯਮੀਆਂ ਦੇ ਨਿਪਟਾਰੇ ਲਈ ਉਸ ਤੋਂ 45,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਇਸ ਤੋਂ ਬਾਅਦ ਕਲਰਕ ਸੰਜੀਵ ਮਲਹੋਤਰਾ ਨੇ ਵਟਸਐਪ ਕਾਲ 'ਤੇ ਉਸ ਕੋਲੋਂ ਇਕ ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਪਰ ਸੌਦਾ 30000 ਰੁਪਏ 'ਚ ਤੈਅ ਹੋ ਗਿਆ ਅਤੇ ਉਸ ਨੇ ਅਗਲੇ ਦਿਨ ਪਹਿਲੀ ਕਿਸ਼ਤ ਵਜੋਂ 10000 ਰੁਪਏ ਲੈ ਲਏ ਅਤੇ ਹੁਣ ਉਹ ਬਕਾਇਆ 20000 ਰੁਪਏ ਦੀ ਮੰਗ ਕਰ ਰਹੇ ਸਨ। ਸ਼ਿਕਾਇਤਕਰਤਾ ਨੇ ਮੁਲਜਮ ਨਾਲ ਫੋਨ 'ਤੇ ਹੋਈ ਗੱਲਬਾਤ ਰਿਕਾਰਡ ਕਰਕੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ ਬੁਲਾਰੇ ਨੇ ਅੱਗੇ ਦੱਸਿਆ ਕਿ ਪੜਤਾਲ ਤੋਂ ਬਾਅਦ ਸ਼ਿਕਾਇਤਕਰਤਾ ਵੱਲੋਂ ਲਗਾਏ ਗਏ ਦੋਸ਼ ਸਹੀ-ਵ-ਦਰੁਸਤ ਪਾਏ ਗਏ ਹਨ ਕਿਉਂਕਿ ਇਹ ਜ਼ੁਬਾਨੀ ਸਬੂਤ ਵਜੋਂ ਪੇਸ਼ ਕੀਤੀ ਰਿਕਾਰਡਿਡ ਗੱਲਬਾਤ ਨਾਲ ਮੇਲ ਖਾਂਦੇ ਹਨ। ਇਸ ਤਫਤੀਸੀ ਰਿਪੋਰਟ ਦੇ ਆਧਾਰ 'ਤੇ ਦੋਵਾਂ ਮੁਲਜ਼ਮਾਂ ਵਿਰੁੱਧ ਐੱਫਆਈਆਰ ਨੰਬਰ 17 ਮਿਤੀ 14.8.24 ਨੂੰ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ ਆਈਪੀਸੀ ਦੀ ਧਾਰਾ 384, 120-ਬੀ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਮੁਲਜ਼ਮ ਇੰਸਪੈਕਟਰ ਜਤਿੰਦਰਪਾਲ ਸਿੰਘ ਨੂੰ ਅੱਜ ਉਸ ਦੇ ਦਫ਼ਤਰ ਕਪੂਰਥਲਾ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਜਦਕਿ ਮੁਲਜ਼ਮ ਸੰਜੀਵ ਮਲਹੋਤਰਾ ਨੂੰ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ।

# ਅਮਿਤ ਸ਼ਾਹ ਨੇ ਮੋਦੀ ਸਰਕਾਰ 'ਤੇ ਲਿਖੀ ਤਰੁਣ ਚੁੱਘ ਦੀ ਕਿਤਾਬ ਕੀਤੀ ਰਿਲੀਜ

**ਏਜੰਸੀਆਂ**

ਨਵੀਂ ਦਿੱਲੀ 17 ਅਗਸਤ। ਕੇਂਦਰੀ ਗ੍ਰਿਹ ਮੰਤਰੀ ਅਮਿਤ ਸਾਹ ਨੇ ਭਾਜਪਾ ਨੇਤਾ ਤਰੁਣ ਚੁੱਘ ਵਲੋਂ ਲਿਖੀ ਕਿਤਾਬ ਰਿਲੀਜ ਕੀਤੀ, ਜਿਸ ਬਾਰੇ ਲੇਖਕ ਨੇ ਸਨੀਵਾਰ ਨੂੰ ਕਿਹਾ ਕਿ ਇਸ 'ਚ (ਪ੍ਰਧਾਨ ਮੰਤਰੀ ਨਰਿੰਦਰ) ਮੋਦੀ ਸਰਕਾਰ ਵਲੋਂ ਵੱਖ-ਵੱਖ ਖੇਤਰਾਂ 'ਚ ਲਿਆਂਦੀਆਂ ਗਈਆਂ ਪਰਿਵਰਤਨਕਾਰੀ ਤਬਦੀਲੀਆਂ ਨੂੰ ਦਰਸਾਇਆ ਗਿਆ ਹੈ, ਜਿਸ 'ਚ ਚੋਣ ਰਾਜ ਜੰਮੂ ਕਸ਼ਮੀਰ ਵੀ ਸ਼ਾਮਲ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਭਾਜਪਾ ਦੇ ਰਾਸਟਰੀ ਜਨਰਲ ਸਕੱਤਰ ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਹਰ ਯੋਜਨਾ ਅਤੇ ਨੀਤੀ ਦੇ ਕੇਂਦਰ 'ਚ ਆਮ ਨਾਗਰਿਕਾਂ ਨੂੰ ਰੱਖਿਆ ਹੈ, ਅਜਿਹੀਆਂ ਤਬਦੀਲੀਆਂ ਦੀ ਸੁਰੂਆਤ ਕੀਤੀ ਹੈ ਜਿਸ ਨਾਲ ਸਮਾਜ ਦੇ ਸਭ ਤੋਂ ਕਮਜੋਰ ਅਤੇ ਗਰੀਬ ਤਬਕੇ ਨੂੰ ਮਜਬੂਤ ਬਣਾਇਆ ਗਿਆ ਹੈ ਅਤੇ ਦੇਸ਼ ਨੂੰ ਵੀ ਮਜਬੂਤੀ ਮਿਲੀ ਹੈ। ਚੁੱਘ ਨੇ ਕਿਹਾ ਕਿ ਕਿਤਾਬ 'ਮੋਦੀਜ ਗਵਰਨੈਂਸ ਟ੍ਰਾਇੰਫ: ਰੀਸੇਪਿੰਗ ਇੰਡੀਆਜ ਪਾਥ ਟੂ ਪ੍ਰਾਸਪੇਰਿਟੀ' ਪ੍ਰਧਾਨ ਮੰਤਰੀ ਦੇ ਦਹਾਕਿਆਂ ਦੇ ਲੰਬੇ ਜਨਤਕ ਜੀਵਨ ਤੋਂ 'ਪ੍ਰੇਰਿਤ' ਹੈ, ਜੋ ਹਮੇਸਾ ਦੇਸ ਨੂੰ 'ਸਮਰਪਿਤ' ਰਿਹਾ ਹੈ। ਜੰਮੂ-ਕਸਮੀਰ ਦੀਆਂ ਵਿਧਾਨ ਸਭਾ ਚੋਣਾਂ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਘੱਟ ਵੋਟ ਫੀਸਦੀ ਕਾਰਨ ਲੰਬੇ ਸਮੇਂ ਤੱਕ ਇਸ ਖੇਤਰ 'ਤੇ ਸ਼ਾਸਨ ਕਰਨ ਵਾਲੇ ਤਿੰਨ ਪਰਿਵਾਰ ਆਪਣੇ ਭਵਿੱਖ ਦੀਆਂ ਸੰਭਾਵਨਾਵਾਂ ਨੂੰ ਲੈ ਕੇ ਹਿੱਲ ਗਏ ਹਨ। ਉਨ੍ਹਾਂ ਕਿਹਾ ਕਿ



ਨੈਸਨਲ ਕਾਨਫਰੰਸ ਦੇ 'ਯੁਵਰਾਜ' ਉਮਰ ਅਬਦੁੱਲਾ ਅਤੇ ਪੀਡੀਪੀ ਦੀ 'ਰਾਜਕੁਮਾਰੀ' ਮਹਿਬੂਬਾ ਮੁਫਤੀ ਹਾਲੀਆ ਲੋਕ ਸਭਾ ਚੋਣਾਂ 'ਚ ਹਾਰ ਗਏ, ਜਦਕਿ ਨਹਿਰੂ-ਗਾਂਧੀ ਪਰਿਵਾਰ ਦੀ ਕਾਂਗਰਸ ਆਪਣਾ ਖਾਤਾ ਵੀ ਨਹੀਂ ਖੋਲ੍ਹ ਸਕੀ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ 'ਚ ਵੱਡੀ ਗਿਣਤੀ 'ਚ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਨਗੇ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਕੇਂਦਰ ਸਾਸਿਤ ਪ੍ਰਦੇਸ 'ਚ ਵਿਕਾਸ ਅਤੇ ਪ੍ਰਸਾਸਨਿਕ ਸਮਰੱਥਾ ਦੀ ਸੁਰੂਆਤ ਕੀਤੀ ਹੈ, ਜਿਸ ਨਾਲ ਖੇਤਰ 'ਚ ਜੀਵਨ ਦੇ ਕੇਂਦਰ 'ਚ ਅੱਤਵਾਦ ਨਹੀਂ ਸਗੋਂ ਸੈਰ-ਸਪਾਟਾ ਲਿਆਂਦਾ ਗਿਆ ਹੈ। ਚੁੱਘ ਨੇ ਕਿਹਾ,"ਵੱਡੀ ਗਿਣਤੀ 'ਚ ਲੋਕਾਂ ਵੱਲੋਂ ਵੋਟਿੰਗ ਦੇ ਬਾਈਕਾਟ ਨਾਲ ਸੱਤਾ 'ਚ ਆਉਣ ਵਾਲੇ ਲੋਕ ਹਿੱਲ ਗਏ ਹਨ।" ਉਨ੍ਹਾਂ ਭਰੋਸਾ ਜਤਾਇਆ ਕਿ ਭਾਜਪਾ ਚੋਣਾਂ 'ਚ ਚੰਗਾ ਪ੍ਰਦਰਸਨ ਕਰੇਗੀ। ਉਹ ਜੰਮੂ-ਕਸਮੀਰ ਲਈ ਭਾਜਪਾ ਦੇ ਇੰਚਾਰਜ ਵੀ ਹਨ। ਕਿਤਾਬ ਦੇ ਕਥਾਨਕ ਦੀ ਗੱਲ ਕਰੀਏ ਤਾਂ ਇਸ 'ਚ ਵਿਸਥਾਰ ਨਾਲ ਦੱਸਿਆ ਗਿਆ ਹੈ ਕਿ ਕਿਵੇਂ ਮੋਦੀ ਨੇ ਭਾਜਪਾ ਦੇ ਵਿਚਾਰਧਾਰਕ ਦੀਨ ਦਿਆਲ ਉਪਾਧਿਆਏ ਦੇ ਅਟੁੱਟ ਮਾਨਵਵਾਦ ਦੇ ਦਰਸ਼ਨ ਅਤੇ ਸਮਾਜ ਦੇ ਸਭ ਤੋਂ ਗਰੀਬ ਲੋਕਾਂ ਦੇ ਵਿਕਾਸ ਦੇ ਫਲਸਫੇ ਨੂੰ ਸਾਕਾਰ ਕੀਤਾ ਹੈ। ਕਈ ਹੋਰ ਸਕੀਮਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਗਰੀਬਾਂ ਦੇ 50 ਕਰੋੜ ਤੋਂ ਵੱਧ ਬੈਂਕ ਖਾਤੇ ਖੋਲ੍ਹੇ ਗਏ ਹਨ ਅਤੇ ਇਨ੍ਹਾਂ 'ਚੋਂ 80 ਕਰੋੜ ਨੂੰ ਮੁਫਤ ਰਾਸਨ ਦਿੱਤਾ ਜਾ ਰਿਹਾ ਹੈ।

## ਇਸ ਸਕੂਲ ਨੂੰ ਲੱਗ ਗਿਆ ਤਾਲਾ, 300 ਵਿਦਿਆਰਥੀਆਂ ਦੀ ਪੜ੍ਹਾਈ ਹੋਈ ਠੱਪ

ਨੈਸ਼ਨਲ ਡੈਸਕ 17 ਅਗਸਤ। ਪੰਜਾਬ ਨੈਸਨਲ ਬੈਂਕ () ਨੇ ਕਰਜੇ ਦਾ ਭੁਗਤਾਨ ਨਾ ਕਰਨ 'ਤੇ ਗੁਜਰਾਤ ਦੇ ਅਹਿਮਦਾਬਾਦ ਸਥਿਤ ਸਕੂਲ ਨੂੰ ਸੀਲ ਕਰ ਦਿੱਤਾ ਹੈ। ਇਸ ਸਕੂਲ ਵਿੱਚ ਪੜ੍ਹਦੇ ਕਰੀਬ 300 ਬੱਚਿਆਂ ਦੇ ਮਾਪਿਆਂ ਦੀ ਚਿੰਤਾ ਵਧ ਗਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਬੱਚੇ ਸਕੂਲ ਆਉਂਦੇ ਹਨ, ਪਰ ਸਕੂਲ ਨੂੰ ਤਾਲਾ ਲੱਗਿਆ ਦੇਖ ਕੇ ਘਰ ਪਰਤ ਜਾਂਦੇ ਹਨ। ਉਹ ਬੱਚੇ ਦੇ ਭਵਿੱਖ ਨੂੰ ਲੈ ਕੇ ਚਿੰਤਤ ਹਨ। ਦਰਅਸਲ ਇਸਨਪੁਰ ਸਥਿਤ ਲੋਟਸ ਸਕੂਲ ਬੈਂਕ ਵੱਲੋਂ ਸੀਲ ਕੀਤੇ ਜਾਣ ਕਾਰਨ ਚਰਚਾ ਦਾ ਵਿਸਾ ਬਣ ਗਿਆ ਹੈ। ਸਕੂਲ ਪ੍ਰਬੰਧਕਾਂ ਵੱਲੋਂ ਲਏ ਕਰਜੇ ਦੀ ਰਕਮ ਸਮੇਂ ਸਿਰ ਅਦਾ ਨਾ ਕਰਨ ਕਾਰਨ ਬੈਂਕ ਵੱਲੋਂ ਸਕੂਲ ਨੂੰ ਸੀਲ ਕਰ ਦਿੱਤਾ ਗਿਆ ਹੈ। ਧੀ ਲੋਟਸ ਹਾਇਰ ਸੈਕੰਡਰੀ ਸਕੂਲ ਨੂੰ ਸੀਲ ਕੀਤੇ ਜਾਣ ਕਾਰਨ ਇਸ ਸਕੂਲ ਵਿੱਚ ਪੜ੍ਹਦੇ ਕਰੀਬ 300 ਬੱਚਿਆਂ ਦੇ ਮਾਪਿਆਂ ਦੀਆਂ ਚਿੰਤਾਵਾਂ ਵਧ ਗਈਆਂ ਹਨ। ਬੱਚੇ ਸਕੂਲ ਆਉਂਦੇ ਹਨ, ਪਰ ਸਕੂਲ ਨੂੰ ਤਾਲਾ ਲੱਗਿਆ ਦੇਖ ਕੇ ਘਰ ਪਰਤ ਜਾਂਦੇ ਹਨ। ਸਕੂਲ ਦੇ ਟਰੱਸਟੀ ਰਮਨੀਕਭਾਈ ਦਾ ਕਹਿਣਾ ਹੈ ਕਿ ਅਸੀਂ ਪੀ.ਐਨ.ਬੀ. ਬੈਂਕ ਤੋਂ ਮੋਰਟਗੇਜ ਲੋਨ ਲਿਆ ਸੀ। ਉਹ ਜਲਦੀ ਹੀ ਬਕਾਇਆ ਕਰਜੇ ਦੀ ਰਕਮ ਵਾਪਸ ਕਰ ਦੇਣਗੇ ਅਤੇ ਸਕੂਲ ਨੂੰ ਲੱਗੀ ਬੈਂਕ ਦੀ ਸੀਲ ਖੁਲ੍ਹਵਾਉਣਗੇ। ਇਸ ਦੇ ਨਾਲ ਹੀ ਅਹਿਮਦਾਬਾਦ ਦੇ ਡੀ.ਈ.ਓ. ਨੂੰ ਜਿਵੇਂ ਹੀ ਲੋਟਸ ਹਾਇਰ ਸੈਕੰਡਰੀ ਸਕੂਲ ਨੂੰ ਸੀਲ ਕਰਨ ਦੀ ਸੂਚਨਾ ਮਿਲੀ ਤਾਂ ਉਨ੍ਹਾਂ ਨੇ ਸਕੂਲ ਪ੍ਰਬੰਧਕਾਂ ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਕਿ ਸਕੂਲ ਕਦੋਂ ਸੁਰੂ ਹੋਵੇਗਾ ਜਾਂ ਸਕੂਲੀ ਬੱਚਿਆਂ ਲਈ ਕੀ ਬਦਲਵੇਂ ਪ੍ਰਬੰਧ ਕੀਤੇ ਗਏ ਹਨ। ਡੀ.ਈ.ਓ. ਰੋਹਿਤ ਚੌਧਰੀ ਨੇ ਕਿਹਾ ਹੈ ਕਿ ਸਕੂਲ ਨੂੰ ਮੋਰਟਗੇਜ ਲੋਨ ਦੀ ਅਦਾਇਗੀ ਸਮੇਂ ਸਿਰ ਨਾ ਕਰਨ ਲਈ ਨੋਟਿਸ ਭੇਜਿਆ ਗਿਆ ਸੀ। ਕਿਉਂਕਿ 1.25 ਕਰੋੜ ਰੁਪਏ ਬਕਾਇਆ ਸੀ, ਇਸ ਲਈ ਮੈਜਿਸਟਰੇਟ ਨੇ ਬਕਾਇਆ ਰਾਸੀ 10 ਅਗਸਤ ਤੱਕ ਅਦਾ ਕਰਨ ਦਾ ਹੁਕਮ ਦਿੱਤਾ ਸੀ। ਨਹੀਂ ਤਾਂ ਸਕੂਲ ਨੂੰ ਸੀਲ ਕਰ ਦਿੱਤਾ ਜਾਵੇਗਾ। ਜੇਕਰ ਸਕੂਲ ਨੇ ਮਿੱਥੇ ਸਮੇਂ ਅੰਦਰ ਬਕਾਇਆ ਅਦਾ ਨਾ ਕੀਤਾ ਤਾਂ ਸਕੂਲ ਨੂੰ ਸੀਲ ਕਰ ਦਿੱਤਾ ਜਾਵੇਗਾ। ਦੱਸ ਦੇਈਏ ਕਿ ਡੀਈਓ ਨੇ ਸਕੂਲ ਪ੍ਰਬੰਧਕਾਂ ਨੂੰ 20 ਅਗਸਤ ਤੱਕ ਜਵਾਬ ਦੇਣ ਦੇ ਹੁਕਮ ਦਿੱਤੇ ਹਨ।